ਲੋਕ ਹਿੱਤ ਵਿੱਚ ਪੱਤਰਕਾਰੀ
WORLD PUNJABI NEWS
ਪੰਜਾਬੀ | ਪੰਜਾਬੀ
@worldpunjabinews
@worldpunjabinews
@wPunjabiNews
@worldpunjabinews
@worldpunjabinews
INDIA AUSTRALIA CANADA NEW-ZEALAND U.S.A. U.K. U.A.E. QATAR ITALY BELGIUM FRANCE GREECE GERMANY AFRICA MALAYSIA PHILIPPINES THAILAND INDONESIA MAURITIUS



# ਦੇਸ਼ ਭਰ 'ਚ ਕੇਂਦਰ ਦੇ ਪੁਤਲੇ ਫੂਕੇ

## ਮੰਡੀਕਰਨ ਨੀਤੀ ਦਾ ਖਰੜਾ ਫੂਕ ਕੇ ਲੋਹੜੀ ਮਨਾਉਣ ਦਾ ਐਲਾਨ



WORLD PUNJABI NEWS NETWORK

ਪਟਿਆਲਾ: ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਤੇ ਕਿਸਾਨ-ਮਜ਼ਦੂਰ ਮੋਰਚਾ ਵੱਲੋਂ ਦਿੱਤੇ ਸੱਦੇ 'ਤੇ ਅੱਜ ਪੰਜਾਬ ਸਣੇ ਦੇਸ਼ ਭਰ 'ਚ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਵਰਗਾਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰ ਸਰਕਾਰ ਦੇ ਪੁਤਲੇ ਸਾੜੇ ਗਏ। ਇਸ ਦੌਰਾਨ ਐੱਸਕੇਐੱਮ ਵਿਚਲੀਆਂ ਕਈ ਜਥੇਬੰਦੀਆਂ ਨੇ ਵੀ ਪ੍ਰਦਰਸ਼ਨ ਕੀਤੇ। ਜਾਣਕਾਰੀ ਮੁਤਾਬਕ ਇਨ੍ਹਾਂ ਪ੍ਰਦਰਸ਼ਨਾਂ 'ਚ ਦੇਸ਼ ਭਰ ਦੇ ਲੱਖਾਂ ਲੋਕਾਂ ਨੇ ਸ਼ਿਰਕਤ ਕੀਤੀ। ਸ਼ੰਭੂ ਤੇ ਢਾਬੀ ਗੁੱਜਰਾਂ ਮੋਰਚਿਆਂ 'ਚ ਵੀ ਪ੍ਰਧਾਨ ਮੰਤਰੀ ਦੇ ਪੁਤਲੇ ਫੂਕ ਕੇ ਕੇਂਦਰ ਦੇ ਅੜੀਅਲ ਵਤੀਰੇ ਦੇ ਖ਼ਿਲਾਫ਼ ਰੋਸ ਪ੍ਰਗਟਾਵਾ ਕੀਤਾ ਗਿਆ। ਸੀਨੀਅਰ ਆਗੂ ਸਰਵਣ ਸਿੰਘ ਪੰਧੇਰ ਨੇ ਅੰਮ੍ਰਿਤਸਰ ਖੇਤਰ 'ਚ ਪ੍ਰਦਰਸ਼ਨਾਂ ਦੀ ਅਗਵਾਈ ਕੀਤੀ। ਸ੍ਰੀ ਪੰਧੇਰ ਨੇ ਕਿਹਾ ਕਿ ਪੰਜਾਬ ਹਰਿਆਣਾ ਦੇ ਬਾਰਡਰਾਂ ਤੋਂ ਸ਼ੁਰੂ ਹੋਇਆ ਇਹ ਅੰਦੋਲਨ ਜਿਵੇਂ ਪੂਰੇ ਦੇਸ਼ ਵਿੱਚ ਅਸਰਦਾਰ ਸਾਬਤ ਹੋ ਰਿਹਾ ਹੈ, ਇਸ ਦੇ ਮੱਦੇਨਜ਼ਰ ਕੇਂਦਰ ਨੂੰ ਸੁਹਿਰਦਤਾ ਨਾਲ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਿਘਾਰ ਵੱਲ ਜਾ ਰਹੀ ਸ੍ਰੀ ਡੱਲੇਵਾਲ ਦੀ ਸਿਹਤ ਪ੍ਰਤੀ ਕੇਂਦਰ ਦਾ ਅਵੇਸਲਾਪਣ ਗ਼ੈਰ-ਜ਼ਿੰਮੇਵਾਰਾਨਾ ਕਾਰਵਾਈ ਹੈ। ਉਨ੍ਹਾਂ ਕਿਹ ਕਿ ਦੇਸ਼ ਦੇ ਲੋਕ ਮੰਡੀਕਰਨ ਨੀਤੀ ਦੇ ਖਰੜੇ ਨੂੰ ਫੂਕ ਕੇ 13 ਜਨਵਰੀ ਨੂੰ ਲੋਹੜੀ ਮਨਾਉਣਗੇ। ਕਿਸਾਨ ਜਥੇਬੰਦੀਆਂ ਦੀਆਂ ਏਕਤਾ ਸਬੰਧੀ ਸਰਗਰਮੀਆਂ ਦਾ ਸਵਾਗਤ ਕਰਦਿਆਂ ਸ੍ਰੀ ਪੰਧੇਰ ਨੇ ਕਿਹਾ ਕਿ ਉਹ ਤਾਂ ਲੰਬੇ ਸਮੇਂ ਤੋਂ ਏਕਤਾ ਦੇ ਹਾਮੀ ਰਹੇ ਹਨ। ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਅਤੇ ਕਿਸਾਨ-ਮਜ਼ਦੂਰ ਮੋਰਚਾ ਵੱਲੋਂ ਕੇਂਦਰੀ ਭਾਜਪਾ ਸਰਕਾਰ ਦੇ ਪੁਤਲੇ ਫੂਕਣ ਦੇ ਸੱਦੇ ਨਾਲ ਇਕਜੁੱਟਤਾ ਵਜੋਂ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਨੇ ਅੱਜ 17 ਜ਼ਿਲ੍ਹਿਆਂ ਦੇ ਸੈਂਕੜੇ ਪਿੰਡਾਂ ਵਿੱਚ ਮੁਜ਼ਾਹਰੇ ਕੀਤੇ। ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਮੁਤਾਬਕ ਇਨ੍ਹਾਂ ਮੁਜ਼ਾਹਰਿਆਂ ਵਿੱਚ ਵੱਡੀ ਗਿਣਤੀ ਔਰਤਾਂ ਅਤੇ ਨੌਜਵਾਨਾਂ ਸਣੇ ਕਿਸਾਨ ਤੇ ਮਜ਼ਦੂਰ ਸ਼ਾਮਲ ਹੋਏ। ਬੁਲਾਰਿਆਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਦੇਣ, ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਖ਼ਤਮ ਕਰਨ ਤੇ ਕਾਲੇ ਖੇਤੀ ਕਾਨੂੰਨ ਰੱਦ ਕਰਾਉਣ ਵਾਲਾ ਦਿੱਲੀ ਘੋਲ ਮੁਲਤਵੀ ਕਰਨ ਮੌਕੇ ਕੀਤੇ ਲਿਖਤੀ ਵਾਅਦੇ ਦੀਆਂ ਸਾਰੀਆਂ ਮੰਗਾਂ ਮੰਨਣ ਤੋਂ ਮੁੱਕਰੀ ਬੈਠੀ ਹੈ। ਹੁਣ ਕੇਂਦਰ ਕਾਲੇ ਕਾਨੂੰਨਾਂ ਨਾਲੋਂ ਵੀ ਵੱਧ ਖ਼ਤਰਨਾਕ ਕੌਮੀ ਖੇਤੀ ਮੰਡੀਕਰਨ ਨੀਤੀ ਦਾ ਖਰੜਾ ਮੜ੍ਹਨ ਲਈ ਤਾਣ ਲਾ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ ਕੌਮੀ ਖੇਤੀ ਮੰਡੀਕਰਨ ਨੀਤੀ ਦਾ ਖਰੜਾ ਰੱਦ ਕੀਤਾ ਜਾਵੇ ਅਤੇ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਤੇ ਕਿਸਾਨਾਂ-ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ ਸਣੇ 9-12-2021 ਦੇ ਵਾਅਦਾ ਪੱਤਰ ਵਾਲੀਆਂ ਸਾਰੀਆਂ ਮੰਗਾਂ ਤੁਰੰਤ ਮੰਨੀਆਂ ਜਾਣ।

## ਜਥੇਦਾਰ ਦੀ ਥਾਂ ਪ੍ਰਧਾਨ ਮੰਤਰੀ ਨੂੰ ਮਿਲਣ ਭਾਜਪਾ ਆਗੂ: ਡੱਲੇਵਾਲ



WORLD PUNJABI NEWS NETWORK

ਪਟਿਆਲਾ: ਮਰਨ ਵਰਤ ਖ਼ਤਮ ਕਰਨ ਦਾ ਆਦੇਸ਼ ਜਾਰੀ ਕਰਨ ਦੀ ਫਰਿਆਦ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲਣ ਵਾਲੇ ਭਾਰਤੀ ਜਨਤਾ ਪਾਰਟੀ ਦੇ ਕਿਸਾਨ ਵਿੰਗ ਦੇ ਸੂਬਾਈ ਆਗੂ ਸੁਖਵਿੰਦਰ ਸਿੰਘ ਗਰੇਵਾਲ ਦਾ ਜਗਜੀਤ ਸਿੰਘ ਡੱਲੇਵਾਲ ਨੇ ਅਜਿਹੀ ਹਮਦਰਦੀ ਲਈ ਧੰਨਵਾਦ ਕੀਤਾ ਹੈ। ਇਸ ਦੇ ਨਾਲ ਹੀ ਡੱਲੇਵਾਲ ਨੇ ਇਹ ਵੀ ਕਿਹਾ ਕਿ ਜੇ ਸੱਚ ਵਿੱਚ ਭਾਜਪਾ ਆਗੂਆਂ ਨੂੰ ਉਨ੍ਹਾਂ ਨਾਲ ਹਮਦਰਦੀ ਹੈ ਤਾਂ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਸਿੰਘ ਸਾਹਿਬ ਨੂੰ ਮਿਲਣ ਦੀ ਥਾਂ ਪ੍ਰਧਾਨ ਮੰਤਰੀ ਨੂੰ ਮਿਲਣ ਅਤੇ ਉਨ੍ਹਾਂ ਉੱਪਰ ਕਿਸਾਨਾਂ ਦੀਆਂ ਮੰਗਾਂ ਮੰਨਣ ਲਈ ਦਬਾਅ ਪਾਉਣ। ਜ਼ਿਕਰਯੋਗ ਹੈ ਕਿ ਪਟਿਆਲਾ ਰਹਿੰਦੇ ਭਾਜਪਾ ਆਗੂ ਸੁਖਵਿੰਦਰ ਗਰੇਵਾਲ ਨੇ ਇੱਕ ਦਿਨ ਪਹਿਲਾਂ ਹੀ ਸਿੰਘ ਸਾਹਿਬ ਨੂੰ ਮਿਲ ਕੇ ਬੇਨਤੀ ਕੀਤੀ ਸੀ ਕਿ 45 ਦਿਨਾਂ ਤੋਂ ਜਾਰੀ ਮਰਨ ਵਰਤ ਕਾਰਨ ਡੱਲੇਵਾਲ ਦੀ ਜਾਨ ਖਤਰੇ ਵਿੱਚ ਹੈ, ਇਸ ਕਰ ਕੇ ਉਨ੍ਹਾਂ ਨੂੰ ਮਰਨ ਵਰਤ ਛੱਡਣ ਦਾ ਹੁਕਮ ਜਾਰੀ ਕੀਤਾ ਜਾਵੇ। ਇਸ ਸਬੰਧੀ ਅੱਜ ਇੱਕ ਵੀਡੀਓ ਸੁਨੇਹਾ ਜਾਰੀ ਕਰ ਕੇ ਡੱਲੇਵਾਲ ਨੇ ਕਿਹਾ ਕਿ ਮਰਨ ਵਰਤ ਰੱਖਣ ਜਾਂ ਹੱਡ ਚੀਰਵੀਂ ਠੰਢ ਵਿੱਚ ਸੜਕਾਂ 'ਤੇ ਬੈਠਣ ਦਾ ਕਿਸਾਨਾਂ ਨੂੰ ਕੋਈ ਸ਼ੌਕ ਨਹੀਂ ਹੈ, ਉਹ ਤਾਂ ਐੱਮਐੱਸਪੀ ਸਣੇ ਆਪਣੀਆਂ ਹੋਰ ਮੰਗਾਂ ਦੀ ਪੂਰਤੀ ਲਈ ਅਜਿਹਾ ਕਰ ਰਹੇ ਹਨ। ਉਨ੍ਹਾਂ ਕਿ ਮੰਗਾਂ ਮੰਨੇ ਜਾਣ 'ਤੇ ਉਹ ਮਰਨ ਵਰਤ ਖ਼ਤਮ ਕਰ ਦੇਣਗੇ। ਡੱਲੇਵਾਲ ਨੇ ਕਿਹਾ ਕਿ ਐੱਮਐੱਸਪੀ ਤੇ ਕਈ ਹੋਰ ਮੰਗਾਂ ਨਾ ਸਿਰਫ਼ ਕਿਸਾਨਾਂ ਬਲਕਿ ਸਮੂਹ ਦੇਸ਼ ਵਾਸੀਆਂ ਦੀਆਂ ਸਾਂਝੀਆਂ ਹਨ, ਕਿਉਂਕਿ ਕਿਸਾਨਾਂ ਦੇ ਨਾਲ ਕਈ ਹੋਰ ਵਰਗ ਸਿੱਧੇ ਅਤੇ ਅਸਿੱਧੇ ਢੰਗ ਨਾਲ ਜੁੜੇ ਹੋਏ ਹਨ। ਉਨ੍ਹਾਂ ਖੁਸ਼ੀ ਜ਼ਾਹਿਰ ਕੀਤੀ ਕਿ ਇਸ ਅੰਦੋਲਨ ਨੂੰ ਦੇਸ਼ ਭਰ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ 13 ਜਨਵਰੀ ਨੂੰ ਲੋਹੜੀ ਵਾਲੇ ਦਿਨ ਮੰਡੀ ਮਾਰਕੀਟ ਨੀਤੀ ਦਾ ਖਰੜਾ ਸਾੜਨ ਅਤੇ 26 ਨੂੰ ਗਣਤੰਤਰ ਦਿਵਸ ਮੌਕੇ ਟਰੈਕਟਰ ਮਾਰਚ ਦੇ ਪ੍ਰੋਗਰਾਮ 'ਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

## ਕਿਸਾਨ ਏਕਤਾ ਦੇ ਆਸਾਰ: SKM ਨੇ ਦਿੱਤਾ ਗੱਲਬਾਤ ਦਾ ਸੱਦਾ

WORLD PUNJABI NEWS NETWORK

ਪਟਿਆਲਾ /ਪਾਤੜਾਂ: ਇੱਕ-ਦੂਜੇ ਤੋਂ ਦੂਰੀ ਬਣਾ ਕੇ ਚੱਲਦੀਆਂ ਆ ਰਹੀਆਂ ਕਿਸਾਨ ਜਥੇਬੰਦੀਆਂ ਵਿੱਚ ਏਕੇ ਦੇ ਆਸਾਰ ਨਜ਼ਰ ਆ ਰਹੇ ਹਨ। ਅਗਲੇ ਦਿਨਾਂ ਵਿੱਚ ਹਾਲਾਤ ਕੀ ਬਣਦੇ ਹਨ ਉਹ ਤਾਂ ਸਮਾਂ ਹੀ ਦੱਸੇਗਾ, ਪਰ ਅੱਜ ਦੀ ਸਥਿਤੀ ਨੂੰ ਭਾਂਪਦਿਆਂ ਦੋਵੇਂ ਧਿਰਾਂ ਵਿਚਾਲੇ ਜਲਦੀ ਹੀ ਏਕਤਾ ਦਾ ਰਸਮੀ ਐਲਾਨ ਹੋਣ ਦੀ ਸੰਭਾਵਨਾ ਹੈ। ਜੇਕਰ ਅਜਿਹਾ ਹੁੰਦਾ ਹੈ ਕਿ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਦੀ ਅਗਵਾਈ ਹੇਠ 11 ਮਹੀਨਿਆਂ ਤੋਂ ਅੰਤਰਰਾਜੀ ਬਾਰਡਰਾਂ 'ਤੇ ਜਾਰੀ ਮੋਰਚਿਆਂ ਅਤੇ ਜਗਜੀਤ ਸਿੰਘ ਡੱਲੇਵਾਲ ਦੇ 46 ਦਿਨਾਂ ਤੋਂ ਜਾਰੀ ਮਰਨ ਵਰਤ ਦੇ ਰੂਪ 'ਚ ਲੜੇ ਜਾ ਰਹੇ ਕਿਸਾਨ ਅੰਦੋਲਨ-2 ਦਾ ਬਦਲਣ ਵਾਲਾ ਸਰੂਪ ਹਕੂਮਤਾਂ ਲਈ ਵੱਡੀ ਚੁਣੌਤੀ ਸਿੱਧ ਹੋ ਸਕਦਾ ਹੈ। ਮੋਗਾ ਕਾਨਫ਼ਰੰਸ ਵਿਚਲੇ ਫੈਸਲੇ ਤਹਿਤ ਸੰਯੁਕਤ ਕਿਸਾਨ ਮੋਰਚਾ ਦੀ ਛੇ ਮੈਂਬਰੀ ਕਮੇਟੀ ਸੌ ਤੋਂ ਵੱਧ ਹੋਰ ਕਿਸਾਨਾਂ ਦੇ ਜਥੇ ਸਮੇਤ ਏਕਤਾ ਦੀ ਗੱਲਬਾਤ ਨੂੰ ਅੱਗੇ ਵਧਾਉਣ ਲਈ ਦੋਹਾਂ ਫੋਰਮਾਂ ਨੂੰ ਸੱਦਾ ਦੇਣ ਵਾਸਤੇ ਅੱਜ ਜਦੋਂ ਢਾਬੀ ਗੁੱਜਰਾਂ ਅਤੇ ਸ਼ੰਭੂ ਬਾਰਡਰ 'ਤੇ ਪੁੱਜੀ ਤਾਂ ਉੱਥੋਂ ਦਾ ਮਾਹੌਲ ਬੜਾ ਖੁਸ਼ਗਵਾਰ ਨਜ਼ਰ ਆਇਆ। ਭਾਵੇਂ ਕਿ ਇਨ੍ਹਾਂ ਦੋਹਾਂ ਫੋਰਮਾਂ ਨੇ ਵੀ ਅੰਦੋਲਨ ਪੂਰਾ ਭਖਾਇਆ ਹੋਇਆ ਹੈ, : ਬਿਨਾ ਸ਼ੱਕ ਐੱਸਕੇਐੱਮ ਦੇ ਵੀÂਾਲ Âਲਣ 'ਤੇ ਅੰਦੋਲਨ ਹੋਰ ਵਧੇਰੇ ਤਾਕਤਵਰ ਹੋ ਕੇ ਸਾਹਮਣੇ ਆਵੇਗਾ। ਬਾਰਡਰਾਂ 'ਤੇ ਦੋਹਾਂ ਫੋਰਮਾਂ ਵੱਲੋਂ ਕੀਤੇ ਗਏ ਨਿੱਘੇ ਸਵਾਗਤ ਤੋਂ ਐੱਸਕੇਐੱਮ ਦੀ ਕਮੇਟੀ ਵੀ ਕਾਫ਼ੀ :ਹੋਈ:ਕਮੇਟੀ ਦਾ ਤਰਕ ਸੀ ਕਿ ਉਨ੍ਹਾਂ ਨੂੰ ਆਸ ਨਾਲੋਂ ਵੀ ਵੱਧ ਮਾਣ- ਸਨਮਾਨ ਮਿਲਿਆ ਹੈ। ਬਾਰਡਰਾਂ 'ਤੇ ਪੁੱਜੀ ਐੱਸ.ਕੇ.ਐੱਮ. ਦੀ ਛੇ ਮੈਂਬਰੀ ਕਮੇਟੀ 'ਚ ਜੋਗਿੰਦਰ ਸਿੰਘ ਉਗਰਾਹਾਂ, ਬਲਬੀਰ ਸਿੰਘ ਰਾਜੇਵਾਲ, ਰਮਿੰਦਰ ਪਟਿਆਲਾ, ਦਰਸਨਪਾਲ, ਕ੍ਰਿਸ਼ਨਾ : ਅਤੇ



ਜੋਗਿੰਦਰ :ਸ਼ਾਮਲ ਸਨ। ਕਮੇਟੀ ਨੇ ਪਹਿਲਾਂ ਡੱਲੇਵਾਲ ਦਾ ਹਾਲਚਾਲ ਜਾਣਿਆ ਤੇ ਫਿਰ ਗੱਲਬਾਤ ਲਈ 15 ਜਨਵਰੀ ਨੂੰ ਪਟਿਆਲਾ ਵਿੱਚ ਇਕੱਤਰ ਹੋਣ ਦਾ ਸੱਦਾ ਦਿੱਤਾ। ਡੱਲੇਵਾਲ ਦੇ ਨਜ਼ਦੀਕੀ ਕਾਕਾ ਸਿੰਘ ਕੋਟੜਾ ਨੇ ਆਸ ਪ੍ਰਗਟਾਈ ਕਿ ਇਹ ਮੋਰਚਾ ਜਿੱਤਣ ਲਈ ਦੋਹਾਂ ਫੋਰਮਾਂ ਵੱਲੋਂ ਇਕਜੁੱਟਤਾ ਦੀ ਕੀਤੀ ਗਈ ਬੇਨਤੀ 'ਤੇ ਇਹ ਕਮੇਟੀ ਜਲਦੀ ਹੀ ਉਸਾਰੂ ਫੈਸਲਾ ਲਵੇਗੀ। ਜੋਗਿੰਦਰ ਸਿੰਘ ਉਗਰਾਹਾਂ ਅਤੇ ਬਲਵੀਰ ਸਿੰਘ ਰਾਜੇਵਾਲ ਦਾ ਕਹਿਣਾ ਸੀ ਕਿ ਉਨ੍ਹਾਂ ਵਿੱਚ ਵਿਚਾਰਧਾਰਕ ਵਖਰੇਵੇਂ ਹੋ ਸਕਦੇ ; ਪ੍ਰੰਤੂ ਜਿਹੜੀਆਂ ਮੰਗਾਂ 'ਤੇ ਇਹ ਅੰਦੋਲਨ ਲੜਿਆ ਜਾ ਰਿਹਾ ਹੈ ਉਨ੍ਹਾਂ ਸਣੇ ਸਾਰਿਆਂ ਦਾ ਟੀਚਾ ਵੀ ਸਾਂਝਾ ਹੈ।Âੋਹਾਂ ਧਿਰਾਂ ਦੇ ਇਨ੍ਹਾਂ ਆਗੂਆਂ ਨੇ ਇਹ ਵੀ ਆਖਿਆ ਕਿ ਕੇਂਦਰ ਸਰਕਾਰ ਦੇਖÂਕਿ ਉਹ ਸਾਰੇ ਇਕਜੁੱਟ ਹਨ ਤੇ ਹੁਣ ਫੌਰੀ ਮੰਗਾਂ ਦੀ ਪੂਰਤੀ ਯਕੀਨੀ ਬਣਾਈ ਜਾਵੇ। ਕਮੇਟੀ ਮੈਂਬਰ ਰਮਿੰਦਰ ਪਟਿਆਲਾ ਅਨੁਸਾਰ 15 ਜਨਵਰੀ ਨੂੰ ਇਹ ਮੀਟਿੰਗ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਦੇ ਸੱਦੇ ਤੋਂ ਇਲਾਵਾ ਕਮੇਟੀ ਨੇ : ਫੋਰਮਾਂ ਨੂੰ ਮੋਗਾ ਮਹਾ ਪੰਚਾਇਤ ਵਿੱਚ ਸਾਂਝੇ ਅਤੇ ਤਾਲਮੇਲ ਵਾਲੇ ਘੋਲ ਸਬੰਧੀ ਪਾਸ ਕੀਤੇ ਗਏ 'ਏਕਤਾ ਮਤੇ' ਦੀ ਕਾਪੀ ਵੀ ਸੌਂਪੀ ਗਈ ਹੈ।

# CONTENT


Front Page Page-01
Editorial Page-02
News Page-03
News Page-04
News Page-05
News Page-06
News Page-07
Literature Page-08
Literature Page-09
Health & Wellness Page-10
News Archives (Friday) Page-11
News Archives (Friday) Page-12
News Archives (Thursday) Page-13
News Archives (Thursday) Page-14
News Archives (Wednesday) Page-15
News Archives (Wednesday) Page-16
News Archives (Tuesday) Page-17
News Archives (Tuesday) Page-18
News Archives (Monday) Page-19
News Archives (Monday) Page-20
News Archives (Sunday) Page-21
News Archives (Sunday) Page-22


# CONNECT


Rupinder Singh Arora
(Chief Editor)

Like Us —» Follow Us —»
@worldpunjabinews facebook
@worldpunjabinews instagram
@worldpunjabinews youtube
@wpunjabinews twitter

Join Us —» Subscribe Us —»
@worldpunjabinews youtube
@worldpunjabinews telegram
WhatsApp Channel wa.me/channel/0029VaCugakCRs1iGjmFzb0g/ whatsapp

Reach Us —» Contact Us —»
+91 98155 88388 whatsapp, mobile
worldpunjabinews@gmail.com e-mail
www.worldpunjabinews.com website

Advertise with Us —»
+91 82839 16789 whatsapp, mobile
worldpunjabinews@outlook.com e-mail








# ਦੁਨੀਆ ਵਿਚ ਚੀਨ ਦੇ ਨਵੇਂ ਵਾਇਰਸ ਦੀ ਵਧਦੀ ਜਾ ਰਹੀ ਦਹਿਸ਼ਤ

WORLD PUNJABI NEWS NETWORK ਕੋਈ ਵੀ ਉਸ ਮਨਹੂਸ ਦੌਰ ਨੂੰ ਚੇਤੇ ਨਹੀਂ ਕਰਨਾ ਚਾਹੁੰਦਾ ਪਰ ਹੁਣ ਜੋ ਖ਼ਬਰਾਂ ਆ ਰਹੀਆਂ ਹਨ, ਉਹ ਜ਼ਰੂਰ ਮੁੜ ਤੋਂ ਲੋਕਾਂ ਦਾ ਧਿਆਨ ਕੋਰੋਨਾ ਵੱਲ ਖਿੱਚ ਰਹੀਆਂ ਹਨ। ਤਾਜ਼ਾ ਖ਼ਬਰਾਂ ਮੁਤਾਬਕ ਚੀਨ ਤੋਂ ਇਕ ਹੋਰ ਵਾਇਰਸ ਦੇ ਫੈਲਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਇਸ ਵਾਇਰਸ ਨੂੰ ਐੱਚਐੱਮਪੀਵੀ ਦਾ ਨਾਂ ਦਿੱਤਾ ਗਿਆ ਹੈ। ਇਸ ਨੂੰ ਲੈ ਕੇ ਕਈ ਤਰ੍ਹਾਂ ਦੀਆਂ ਚਰਚਾਵਾਂ ਛਿੜ ਗਈਆਂ ਹਨ। ਸੋਸ਼ਲ ਮੀਡੀਆ 'ਤੇ ਵੀ ਇਸ ਨਾਲ ਜੁੜੀਆਂ ਜਾਣਕਾਰੀਆਂ ਨੂੰ ਮਸਾਲਾ ਲਾ-ਲਾ ਕੇ ਲੋਕਾਂ ਅੱਗੇ ਪਰੋਸਿਆ ਜਾ ਰਿਹਾ ਹੈ। ਸਭ ਤੋਂ ਪਹਿਲਾਂ ਇਹ ਨਵੀਂ ਬਲਾ ਕੀ ਹੈ?

ਪੰਜ ਕੁ ਸਾਲ ਪਹਿਲਾਂ ਕੋਰੋਨਾ ਵਾਇਰਸ ਨੇ ਪੂਰੇ ਸੰਸਾਰ ਵਿਚ ਜੋ ਮੌਤ ਦਾ ਤਾਂਡਵ ਖੇਡਿਆ ਸੀ, ਉਸ ਤੋਂ ਕੋਈ ਵੀ ਅਣਭਿੱਜ ਨਹੀਂ ਹੈ। ਹਾਲੇ ਵੀ ਲੋਕ ਉਸ ਮੰਜ਼ਰ ਨੂੰ ਚੇਤੇ ਕਰ ਕੇ ਖ਼ੌਫ਼ ਖਾਂਦੇ ਹਨ। ਕਈ ਪਰਿਵਾਰ ਉਸ ਦੌਰ ਵਿਚ ਉੱਜੜ-ਪੁੱਜੜ ਗਏ ਤੇ ਕਈਆਂ ਦੇ ਜ਼ਖ਼ਮ ਹਾਲੇ ਵੀ ਅੱਲੇ ਹਨ। ਕੋਰੋਨਾ ਕਾਲ ਵਿਚ ਮਨੁੱਖ ਨੇ ਤਾਲਾਬੰਦੀ ਤੇ ਹਸਪਤਾਲਾਂ ਵਿਚਲੇ ਹਾਲਾਤ ਨੂੰ ਪਿੰਡੇ 'ਤੇ ਹੰਢਾਇਆ ਤੇ ਇਸ ਤੋਂ ਸਿੱਖੇ ਤਜਰਬਿਆਂ ਮੁਤਾਬਕ ਨਵੇਂ ਸਿਰਿਓਂ ਜ਼ਿੰਦਗੀ ਨੂੰ ਜਿਉਣਾ ਸਿੱਖਿਆ। ਇਸ ਬਾਰੇ ਚਰਚਾ ਲੋੜੀਂਦੀ ਹੈ। ਚੀਨ ਦੇ ਹਵਾਲੇ ਨਾਲ ਸਮਝੀਏ ਤਾਂ ਇਹ ਵਾਇਰਸ ਠੰਢ ਵਿਚ ਹੋਣ ਵਾਲੀਆਂ ਸਾਹ ਤੇ ਹੋਰ ਕਈ ਕਿਸਮ ਦੀਆਂ ਲਾਗ ਵਾਲੀਆਂ ਬਿਮਾਰੀਆਂ ਨਾਲ ਜੁੜਿਆ ਹੋਇਆ ਹੈ। ਚੀਨ ਫ਼ਿਲਹਾਲ ਇਸ ਬਾਰੇ ਕਹਿ ਰਿਹਾ ਹੈ ਕਿ ਕਿਸੇ ਵੀ ਤਰ੍ਹਾਂ ਦੀ ਚਿੰਤਾ ਵਾਲੀ ਕੋਈ ਗੱਲ ਨਹੀਂ ਹੈ। ਇਸ ਬਾਰੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ ਦੇ ਡਾਇਰੈਕਟਰ ਜਨਰਲ ਪ੍ਰੋ. ਡਾਕਟਰ ਅਤੁਲ ਗੋਇਲ ਨੇ ਵੀ ਕਈ ਗੱਲਾਂ ਸਪਸ਼ਟ ਕੀਤੀਆਂ ਹਨ। ਉਨ੍ਹਾਂ ਮੁਤਾਬਕ ਚੀਨ 'ਚ ਮਨੁੱਖੀ ਮੈਟਾ-ਨਿਊਮੋਵਾਇਰਸ ਪੈਰ ਪਸਾਰ ਰਿਹਾ ਹੈ ਤੇ ਇਹ ਭਾਰਤ ਵਿਚ ਵੀ ਚਿੰਤਾ ਤੇ ਸਿਹਤ ਨਾਲ ਜੁੜਿਆ ਮਸਲਾ ਹੈ। ਉਨ੍ਹਾਂ ਕਿਹਾ ਕਿ ਭਾਰਤ 'ਚ ਐੱਚ.ਐੱਮ.ਪੀ.ਵੀ. ਵਾਇਰਸ ਆਮ ਸਾਹ ਦੇ ਵਾਇਰਸ ਵਰਗਾ ਹੈ। ਇਸ ਕਾਰਨ ਸਰਦੀ ਲੱਗਣ ਤੇ ਖੰਘ ਛਿੜਨ ਵਾਲੀਆਂ ਬਿਮਾਰੀਆਂ ਹੋ ਸਕਦੀਆਂ ਹਨ। ਫ਼ਿਲਹਾਲ ਸਿਹਤ ਮੰਤਰਾਲੇ ਨੇ ਕਿਹਾ ਹੈ ਕਿ ਲੋਕਾਂ ਨੂੰ ਇਸ ਤੋਂ ਡਰਨ-ਘਬਰਾਉਣ ਦੀ ਲੋੜ ਨਹੀਂ ਹੈ। ਇਹ ਇਕ ਤਰ੍ਹਾਂ ਨਾਲ ਠੰਢ ਦੇ ਮੌਸਮ 'ਚ ਮੌਸਮੀ ਲਾਗ ਹੈ। ਦੂਜੇ ਪਾਸੇ ਸਿਹਤ ਮਾਹਿਰਾਂ ਦਾ ਕਹਿਣਾ ਹੈ ਕਿ ਇਸ ਨਵੇਂ ਵਾਇਰਸ ਦਾ ਜ਼ਿਆਦਾਤਰ ਅਸਰ 14 ਸਾਲਾਂ ਦੇ ਬੱਚਿਆਂ ਵਿਚ ਵੇਖਣ ਨੂੰ ਮਿਲ ਰਿਹਾ ਹੈ। ਇਸ ਵਾਇਰਸ ਦੇ ਜ਼ਿਆਦਾ ਮਾਮਲੇ ਉੱਤਰੀ ਚੀਨ 'ਚ ਸਾਹਮਣੇ ਆ ਰਹੇ ਹਨ। ਭਾਰਤ ਵਿਚ ਕਰਨਾਟਕ ਵਿਚ ਵੀ ਦੋ ਮਾਮਲੇ ਰਿਪੋਰਟ ਹੋਏ ਹਨ। ਇਸ ਦੀ ਪੁਸ਼ਟੀ ਬਕਾਇਦਾ ਆਈ.ਸੀ.ਐੱਮ.ਆਰ. ਨੇ ਕੀਤੀ ਹੈ। ਸਿਹਤ ਮੰਤਰਾਲੇ ਦਾ ਕਹਿਣਾ ਹੈ ਕਿ ਉਹ ਇਸ ਵਾਇਰਸ ਦੀ ਲਾਗ ਨੂੰ ਫੈਲਣ ਤੋਂ ਰੋਕਣ ਤੇ ਇਸ ਦੀ ਲਾਗ ਤੋਂ ਪੀੜਤ ਵਿਅਕਤੀਆਂ ਦੀ ਸਾਂਭ-ਸੰਭਾਲ ਲਈ ਵੀ ਪੂਰੀ ਤਰ੍ਹਾਂ ਤਿਆਰ ਹੈ। ਸਿਹਤ ਮੰਤਰਾਲਾ ਚੀਨ ਤੇ ਗੁਆਂਢੀ ਦੇਸ਼ਾਂ 'ਚ ਇਸ ਲਾਗ ਨੂੰ ਲੈ ਕੇ ਵੀ ਪੂਰੀ ਨਜ਼ਰ ਰੱਖ ਰਿਹਾ ਹੈ। ਹਾਲਾਂਕਿ ਇਸ ਵਾਇਰਸ ਦੇ ਸਰੋਤ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ।




ਦੂਜੇ ਪਾਸੇਖ਼ਾਸ ਤੌਰ 'ਤੇ ਭਾਰਤ ਸਣੇ ਇਸ ਦੇ ਹਰੇਕਖਿੱਤੇ 'ਚ ਵਸਦੇ ਲੋਕਾਂ ਨੂੰ ਇਸ ਵਾਇਰਸ ਤੇ ਇਸ ਤੋਂ ਬਚਾਅ ਪ੍ਰਤੀ ਜ਼ਰੂਰ ਜਾਣੂ ਹੋਣਾ ਚਾਹੀਦਾ ਹੈ। ਗਰਮੀ-ਸਰਦੀ ਦੇ ਮੌਸਮ 'ਚ ਵਾਇਰਲ ਬੁਖ਼ਾਰ ਤੇ ਹੋਰ ਕਈ ਕਿਸਮ ਦੀਆਂ ਬਿਮਾਰੀਆਂ ਘੇਰ ਲੈਂਦੀਆਂ ਹਨ। ਇਸ ਪਿੱਛੇ ਕਈ ਅਣਗਹਿਲੀਆਂ ਕੰਮ ਕਰਦੀਆਂ ਹਨ। ਠੰਢ ਦੇ ਮੌਸਮ 'ਚ ਵਧੇਰੇ ਚੌਕਸ ਰਹਿਣਾ ਪੈਂਦਾ ਹੈ। ਕੋਰੋਨਾ ਨੇ ਸਿਰ-ਮੂੰਹ ਢੱਕ ਕੇ ਰੱਖਣਾ, ਸਾਫ਼ ਹੱਥਾਂ ਨਾਲ ਭੋਜਨ ਖਾਣਾ ਤੇ ਸਫ਼ਾਈ ਦਾ ਖ਼ਿਆਲ ਰੱਖਣਾ ਸਿਖਾਇਆ ਹੈ। ਆਮ ਜ਼ਿੰਦਗੀ 'ਚ ਵੀ ਇਹੋ-ਜਿਹੀਆਂ ਸਾਵਧਾਨੀਆਂ ਵਰਤ ਲੈਣੀਆਂ ਚਾਹੀਦੀਆਂ ਹਨ ਤਾਂ ਜੋ ਕੋਈ ਲਾਗ ਨੇੜੇ ਨਾ ਆਵੇ। ਦੂਜੀ ਗੱਲ ਇਹ ਕਿ ਅਫ਼ਵਾਹਾਂ ਤੋਂ ਜਿੰਨਾ ਹੋ ਸਕੇ, ਬਚਣਾ ਚਾਹੀਦਾ ਹੈ।

# ਅਫ਼ਗਾਨਿਸਤਾਨ ਤੋਂ ਪਰੇਸ਼ਾਨ ਪਾਕਿਸਤਾਨ

## ਟੀਟੀਪੀ ਨੂੰ ਤਾਲਿਬਾਨ ਸਰਕਾਰ ਵਲੋਂ ਸ਼ਹਿ: ਪਾਕਿਸਤਾਨ ਅਫ਼ਗਾਨਿਸਤਾਨ-ਪਾਕਿਸਤਾਨ ਦੀ ਸਰਹੱਦ 'ਤੇ ਤਣਾਅ

WORLD PUNJABI NEWS NETWORK ਅਫ਼ਗਾਨਿਸਤਾਨ-ਪਾਕਿਸਤਾਨ ਦੀ ਸਰਹੱਦ 'ਤੇ ਇਨ੍ਹੀਂ ਦਿਨੀਂ ਮੁੜ ਤਣਾਅ ਪੱਸਰਿਆ ਹੋਇਆ ਹੈ। ਸਰਹੱਦ 'ਤੇ ਹੋ ਰਹੀਆਂ ਹਿੰਸਕ ਝੜਪਾਂ 'ਚ ਦਰਜਨਾਂ ਲੋਕ ਮਾਰੇ ਜਾ ਚੁੱਕੇ ਹਨ। ਇਹ ਝੜਪਾਂ ਤਦ ਸ਼ੁਰੂ ਹੋਈਆਂ ਜਦ ਪਿਛਲੇ ਹਫ਼ਤੇ ਪਾਕਿਸਤਾਨ ਨੇ ਅਫ਼ਗਾਨਿਸਤਾਨ ਅੰਦਰ ਹਵਾਈ ਹਮਲੇ ਕੀਤੇ। ਤਾਲਿਬਾਨ ਦਾ ਕਹਿਣਾ ਹੈ ਕਿ ਇਨ੍ਹਾਂ ਹਵਾਈ ਹਮਲਿਆਂ 'ਚ 46 ਲੋਕ ਮਾਰੇ ਗਏ ਜਿਨ੍ਹਾਂ 'ਚ ਔਰਤਾਂ ਤੇ ਬੱਚੇ ਸ਼ਾਮਲ ਹਨ।

ਪਾਕਿਸਤਾਨ ਦਾ ਦੋਸ਼ ਹੈ ਕਿ ਅਫ਼ਗਾਨਿਸਤਾਨ ਦੀ ਤਾਲਿਬਾਨ ਸਰਕਾਰ ਪਾਕਿਸਤਾਨ 'ਚ ਅੱਤਵਾਦੀ ਹਮਲੇ ਕਰਨ ਵਾਲੇ ਤਹਿਰੀਕ ਏ ਤਾਲਿਬਾਨੀ ਭਾਵ ਟੀ.ਟੀ.ਪੀ. ਨੂੰ ਸ਼ਹਿ ਦੇ ਰਹੀ ਹੈ ਤੇ ਇਹ ਸੰਗਠਨ ਉਥੋਂ ਪਾਕਿਸਤਾਨ 'ਚ ਆਪਣੀ ਸਰਗਰਮੀਆਂ ਸੰਚਾਲਿਤ ਕਰਦਾ ਹੈ। ਪਾਕਿਸਤਾਨ ਦਾ ਦਾਅਵਾ ਹੈ ਕਿ ਇਨ੍ਹਾਂ ਹਮਲਿਆਂ 'ਚ ਉਸ ਨੇ ਟੀ.ਟੀ.ਪੀ. ਦੇ ਟਿਕਾਣਿਆਂ ਨੂੰ ਹੀ ਨਿਸ਼ਾਨਾ ਬਣਾਇਆ ਹੈ। ਉਸ ਨੇ ਇਹ ਵੀ ਕਿਹਾ ਕਿ ਤਾਲਿਬਾਨ ਸਰਕਾਰ ਤੋਂ ਕਈ ਵਾਰ ਟੀ.ਟੀ.ਪੀ. ਦੇ ਅੱਤਵਾਦੀ ਕੈਂਪਾਂ 'ਤੇ ਕਾਰਵਾਈ ਦੀ ਬੇਨਤੀ 'ਤੇ ਵੀ ਕੋਈ ਧਿਆਨ ਨਹੀਂ ਦਿੱਤਾ ਗਿਆ ਤੇ ਆਖ਼ਰ ਖ਼ੁਦ ਪਾਕਿਸਤਾਨੀ ਫ਼ੌਜ ਨੂੰ ਹੀ ਕਾਰਵਾਈ ਕਰਨੀ ਪਈ ਤੇ ਇਹ ਹਮਲੇ ਕੀਤੇ ਗਏ। ਇਹ ਪਾਕਿਸਤਾਨ ਦਾ ਹੀ ਸੁਪਨਾ ਸੀ ਕਿ ਇਕ ਦਿਨ ਅਫ਼ਗਾਨਿਸਤਾਨ 'ਚ ਤਾਲਿਬਾਨ ਦਾ ਸ਼ਾਸਨ ਆਏ ਤੇ ਇਸ ਲਈ ਉਸ ਨੇ ਹਰ ਚਾਲ ਚੱਲੀ। ਇੱਥੇ ਤੱਕ ਕਿ ਅਮਰੀਕਾ ਨੂੰ ਵੀ ਲਗਪਗ ਦੋ ਦਹਾਕਿਆਂ ਤੱਕ ਧੋਖਾ ਦਿੱਤਾ। ਹੁਣ ਕਾਬੁਲ 'ਚ ਤਾਲਿਬਾਨ ਸਰਕਾਰ ਹੈ ਤਾਂ ਪਾਕਿਸਤਾਨ ਦੀ ਉਸ ਨਾਲ ਬਣ ਨਹੀਂ ਰਹੀ ਹੈ ਕਿਉਂਕਿ ਤਾਲਿਬਾਨੀ ਆਗੂ ਪਾਕਿਸਤਾਨ ਦੇ ਇਸ਼ਾਰਿਆਂ 'ਤੇ ਨੱਚਣ ਲਈ ਤਿਆਰ ਨਹੀਂ ਹਨ। ਪਾਕਿਸਤਾਨੀ ਰਣਨੀਤੀਕਾਰਾਂ ਨੇ ਅਫ਼ਗਾਨਿਸਤਾਨ ਦੀ ਸਿਆਸਤ ਨੂੰ ਸਮਝਣ 'ਚ ਇਕ ਮੁੱਢਲੀ ਗ਼ਲਤੀ ਕੀਤੀ। ਪਾਕਿਸਤਾਨ ਦੇ ਨਿਰਮਾਣ ਤੋਂ ਬਾਅਦ ਤੋਂ ਅਫ਼ਗਾਨਿਸਤਾਨ 'ਚ ਰਾਜਸ਼ਾਹੀ, ਸੋਵੀਅਤ ਸਮਰਥਤ ਕਮਿਊਨਿਸਟ ਸਰਕਾਰਾਂ ਤੇ ਤਾਲਿਬਾਨ ਦੀਆਂ ਇਸਲਾਮਿਕ ਸਰਕਾਰਾਂ ਰਹੀਆਂ ਹਨ, ਪਰ ਕਿਸੇ ਨੇ ਵੀ ਅੰਗਰੇਜ਼ਾਂ ਵੱਲੋਂ ਖਿੱਚੀ ਗਈ ਡੂਰੰਡ ਰੇਖਾ ਨੂੰ ਮਾਨਤਾ ਨਹੀਂ ਦਿੱਤੀ। ਡੂਰੰਡ ਰੇਖਾ ਹੀ ਮੌਜੂਦਾ ਪਾਕਿਸਤਾਨ-ਅਫ਼ਗਾਨਿਸਤਾਨ ਦੀ ਸਰਹੱਦ ਹੈ। ਇਸ ਨੂੰ ਮਾਨਤਾ ਨਾ ਦੇਣ ਦੇ ਪਿੱਛੇ ਕਾਰਨ ਇਹ ਹੈ ਕਿ ਇਹ ਰੇਖਾ ਪਸ਼ਤੂਨ (ਪਖ਼ਤੂਨ) ਇਲਾਕਿਆਂ ਨੂੰ ਦੋ ਹਿੱਸਿਆਂ 'ਚ ਵੰਡਦੀ ਹੈ, ਜਿਸ ਦੇ ਕਾਰਨ ਚਾਰ ਕਰੋੜ ਪਸ਼ਤੂਨਾਂ ਨੂੰ ਪਾਕਿਸਤਾਨ ਦੇ ਸ਼ਾਸਨ 'ਚ ਰਹਿਣਾ ਪੈ ਰਿਹਾ ਹੈ। ਜਦਕਿ ਉਹ ਸੁਭਾਵਿਕ ਤੌਰ 'ਤੇ ਅਫ਼ਗਾਨਿਸਤਾਨ ਨਾਲ ਜੁੜਾਅ ਮਹਿਸੂਸ ਕਰਦੇ ਹਨ। ਇਸ ਕਬਿਲਾਈ ਭਾਵਨਾ ਨੂੰ ਦੱਬਣ ਲਈ ਹੀ ਪਾਕਿਸਤਾਨ ਨੇ ਇਸਲਾਮਿਕ ਕੱਟੜਵਾਦ ਨੂੰ ਹਵਾ ਦਿੱਤੀ। ਆਪਣੇ ਕਬਜ਼ੇ ਵਾਲੇ ਪਸ਼ਤੂਨ ਇਲਾਕਿਆਂ 'ਚ ਸੈਂਕੜੇ ਮਦਰਸੇ ਸਥਾਪਿਤ ਕਰ ਪਾਕਿਸਤਾਨੀ ਫ਼ੌਜ ਨੇ ਹੀ ਤਾਲਿਬਾਨ ਨੂੰ ਖੜ੍ਹਾ ਕੀਤਾ। 9/11 ਤੋਂ ਬਾਅਦ ਪਾਕਿਸਤਾਨ ਨੇ ਤਾਲਿਬਾਨੀ ਆਗੂਆਂ ਨੂੰ ਪਾਕਿਸਤਾਨ 'ਚ ਆਪਣੀ ਸੁਰੱਖਿਆ 'ਚ ਇਹ ਕਹਿ ਕੇ ਰੱਖਿਆ ਕਿ ਉਹ ਉਨ੍ਹਾਂ ਨੂੰ ਅਮਰੀਕਾ ਤੋਂ ਬਚਾਉਣਾ ਚਾਹੁੰਦਾ ਹੈ। ਪਾਕਿਸਤਾਨ ਨੇ ਉਨ੍ਹਾਂ ਰਾਹੀਂ ਅਫ਼ਗਾਨਿਸਤਾਨ 'ਚ ਅਮਰੀਕੀ ਫ਼ੌਜ 'ਤੇ ਹਮਲੇ ਕਰਵਾਏ ਤੇ ਅਮਰੀਕੀ ਦਬਾਅ ਪੈਣ 'ਤੇ ਕਈ ਤਾਲਿਬਾਨ ਆਗੂਆਂ ਨੂੰ ਡਾਲਰਾਂ ਦੇ ਬਦਲੇ ਅਮਰੀਕਾ ਦੇ ਹਵਾਲੇ ਕਰ ਦਿੱਤਾ, ਜਿੱਥੇ ਉਨ੍ਹਾਂ ਨੂੰ ਸਾਲਾਂ ਤੱਕ ਗਵਾਂਤਾਨਾਮੋ ਬੇ ਜੇਲ੍ਹ 'ਚ ਅਣਮਨੁੱਖੀ ਤਸੀਹੇ ਸਹਿਣੇ ਪਏ। ਇਸ ਲਈ ਸਾਰੇ ਤਾਲਿਬਾਨੀ ਮੌਲਾਨਾ ਮਨ ਹੀ ਮਨ 'ਚ ਪਾਕਿਸਤਾਨੀ ਜਨਰਲਾਂ ਨਾਲ ਨਫ਼ਰਤ ਕਰਦੇ ਹਨ। ਗਵਾਂਤਾਨਾਮੋ ਬੇ ਜੇਲ੍ਹ 'ਚ ਚਾਰ ਸਾਲ ਬਿਤਾਉਣ ਵਾਲੇ ਅਜਿਹੇ ਹੀ ਤਾਲਿਬਾਨ ਨੇਤਾ ਮੁੱਲਾ ਜਈਫ ਨੇ ਆਪਣੀ ਸਵੈਜੀਵਨੀ 'ਮਾਈ ਲਾਈਫ ਵਿਦ ਤਾਲਿਬਾਨ' 'ਚ ਪਾਕਿਸਤਾਨ ਨੂੰ ਵਿਸ਼ਵਾਸਘਾਤੀ ਦੱਸਦੇ ਹੋਏ ਉਸ ਦੀ ਪੋਲ ਖੋਲ੍ਹੀ ਹੈ। ਪਾਕਿਸਤਾਨ ਦੀ ਧੋਖੇਬਾਜ਼ੀ ਨੂੰ ਦੇਖ ਕੇ ਹੀ ਤਾਲਿਬਾਨ ਨੇ ਅਮਰੀਕਾ ਨਾਲ ਸਿੱਧਾ ਸੰਪਰਕ ਕੀਤਾ ਤੇ ਅਮਰੀਕੀ ਫ਼ੌਜ ਇਕਦਮ ਅਫ਼ਗਾਨਿਸਤਾਨ ਨੂੰ ਤਾਲਿਬਾਨ ਦੇ ਹਵਾਲੇ ਕਰ ਕੇ ਉਥੋਂ ਚਲੀ ਗਈ। ਇਸ ਕਾਰਨ ਪਾਕਿਸਤਾਨ ਦੀ ਦੋਹਰੀ ਖੇਡ ਬੰਦ ਹੋ ਗਈ ਤੇ ਅਮਰੀਕਾ ਤੋਂ ਅੱਤਵਾਦ ਖ਼ਿਲਾਫ਼ ਜੰਗ ਦੇ ਨਾਂ 'ਤੇ ਆਉਣ ਵਾਲੇ ਅਰਬਾਂ ਡਾਲਰ ਦੇ ਪੈਕਜ ਬੰਦ ਹੋ ਗਏ। ਇਸ ਕਾਰਨ ਹੁਣ ਪਾਕਿਸਤਾਨ ਦੀ ਆਰਥਕ ਸਥਿਤੀ ਖ਼ਸਤਾਹਾਲ ਹੈ।

ਹੁਣ ਅਫ਼ਗਾਨਿਸਤਾਨ 'ਚ ਤਾਲਿਬਾਨ ਦੀ ਕੱਟੜਪੰਥੀ ਇਸਲਾਮਿਕ ਸਰਕਾਰ ਹੈ। ਤਾਲਿਬਾਨ ਨੂੰ ਲਗਦਾ ਹੈ ਕਿ ਅਸਲੀ ਇਸਲਾਮ ਤਾਂ ਉਹੀ ਜਿਊਂਦੇ ਹਨ ਤੇ ਉਹ ਸ਼ਰੀਅਤ ਮੁਤਾਬਕ ਚੱਲ ਰਹੇ ਹਨ। ਉਨ੍ਹਾਂ ਨੂੰ ਲਗਦਾ ਹੈ ਕਿ ਅਮਰੀਕੀਆਂ ਦੇ ਨਾਲ ਸ਼ਰਾਬ ਪੀਣ ਵਾਲੇ ਪਾਕਿਸਤਾਨੀ ਜਨਰਲ ਇਸਲਾਮਿਕ ਨਜ਼ਰੀਏ ਤੋਂ ਉਨ੍ਹਾਂ ਤੋਂ ਬਹੁਤ ਹੇਠਾਂ ਹਨ। ਤਾਲਿਬਾਨੀ ਮੌਲਵੀਆਂ ਨੂੰ ਲਗਦਾ ਹੈ ਕਿ ਪਾਕਿਸਤਾਨੀ ਜਨਰਲਾਂ ਨੂੰ ਉਨ੍ਹਾਂ ਦੇ ਮਾਰਗਦਰਸ਼ਨ 'ਚ ਚੱਲਣਾ ਚਾਹੀਦਾ ਹੈ, ਨਾ ਕਿ ਉਹ ਤਾਲਿਬਾਨ ਨੂੰ ਆਪਣੀ ਕਠਪੁਤਲੀ ਬਣਾਉਣ ਦੀ ਕੋਸ਼ਿਸ਼ ਕਰਨ। ਉਹ ਗੁਆਂਢੀ ਈਰਾਨ ਦੇ ਸ਼ੀਆ ਕਠਮੁੱਲਾ ਸ਼ਾਸਨ ਦੇ ਸੁੰਨੀ ਬਦਲ ਦਾ ਸੁਪਨਾ ਪਾਲਦੇ ਹਨ, ਜਿਸ 'ਚ ਇਕ ਇਸਲਾਮਿਕ ਧਰਮ ਗੁਰੂ ਆਯਤੁੱਲਾ ਖਾਮੇਨੇਈ ਸਰਬਉੱਚ ਆਗੂ ਹਨ ਤੇ ਸਰਕਾਰ ਤੋਂ ਲੈ ਕੇ ਫ਼ੌਜ ਤੱਕ ਉਨ੍ਹਾਂ ਦਾ ਹੀ ਹੁਕਮ ਮੰਨਦੀ ਹੈ। ਟੀ.ਟੀ.ਪੀ. ਦੇ ਰੂਪ 'ਚ ਤਾਲਿਬਾਨ ਦੇ ਕੋਲ ਇਕ ਹਥਿਆਰ ਵੀ ਹੈ, ਜਿਸ ਰਾਹੀਂ ਪਾਕਿਸਤਾਨ ਵੱਲੋਂ ਉਸ ਨੂੰ ਬਲੈਕਮੇਲ ਕਰਨ ਜਾਂ ਉਸ 'ਤੇ ਦਬਾਅ ਬਣਾਉਣ ਦੀ ਸਥਿਤੀ 'ਚ ਉਹ ਪਾਕਿਸਤਾਨ ਦੀ ਅੰਦਰੂਨੀ ਸੁਰੱਖਿਆ ਨੂੰ ਵੀ ਖ਼ਤਰੇ 'ਚ ਪਾ ਸਕਦਾ ਹੈ। ਤਾਲਿਬਾਨ 'ਚ ਪਸ਼ਤੂਨ ਵੀ ਹਨ, ਜੋ ਡੂਰੰਡ ਰੇਖਾ ਨੂੰ ਸਮਾਪਤ ਕਰ ਕੇ ਪਾਕਿਸਤਾਨ ਦੇ ਪਸ਼ਤੂਨ ਬਹੁਗਿਣਤੀ ਪ੍ਰਦੇਸ਼ ਖੈਬਰ ਪਖਤੂਨਖਵਾ ਨੂੰ ਅਫ਼ਗਾਨਿਸਤਾਨ ਦਾ ਹਿੱਸਾ ਬਣਦਾ ਦੇਖਣਾ ਚਾਹੁੰਦੇ ਹਨ।

ਇਹ ਉਹੀ ਖੇਤਰ ਹਨ ਜੋ ਭਾਰਤ ਵੰਡ ਤੋਂ ਬਾਅਦ ਪਾਕਿਸਤਾਨ ਨੂੰ ਮਿਲਿਆ ਸੀ, ਪਰ ਅਫ਼ਗਾਨਿਸਤਾਨ ਦਾ ਕਹਿਣਾ ਹੈ ਕਿ ਅੰਤਰਰਾਸ਼ਟਰੀ ਕਾਨੂੰਨ ਮੁਤਾਬਕ ਨਵਾਂ ਰਾਸ਼ਟਰ ਬਣਨ 'ਤੇ ਪਿਛਲੀ ਸਰਕਾਰ ਵੱਲੋਂ ਕੀਤੀ ਗਈ ਸੰਧੀ ਸਮਾਪਤ ਹੋ ਜਾਂਦੀ ਹੈ। ਇਸ ਲਈ ਡੂਰੰਡ ਰੇਖਾ ਨੂੰ ਲੈ ਕੇ ਬ੍ਰਿਟਿਸ਼ ਭਾਰਤ ਤੇ ਅਫ਼ਗਾਨਿਸਤਾਨ ਦੇ ਵਿਚਾਲੇ ਹੋਈ ਸੰਧੀ ਪਾਕਿਸਤਾਨ ਬਣਨ 'ਤੇ ਸਮਾਪਤ ਹੋ ਚੁੱਕੀ ਹੈ। ਪਾਕਿਸਤਾਨ ਇਸ ਨੂੰ ਕਿਸੇ ਹਾਲਤ 'ਚ ਸਵੀਕਾਰ ਨਹੀਂ ਕਰ ਸਕਦਾ, ਕਿਉਂਕਿ ਅਜਿਹਾ ਕਰਨ 'ਤੇ ਉਸ ਨੂੰ ਖੈਬਰ ਪਖਤੂਨਖਵਾ ਤੋਂ ਹੱਥ ਧੋਣਾ ਪਵੇਗਾ। ਸਾਫ਼ ਹੈ ਕਿ ਤਾਲਿਬਾਨ ਰਾਹੀਂ ਅਫ਼ਗਾਨਿਸਤਾਨ 'ਤੇ ਕਬਜ਼ਾ ਕਰਨ ਦੀ ਚਾਲ ਪਾਕਿਸਤਾਨ 'ਤੇ ਉਲਟੀ ਪੈਂਦੀ ਜਾ ਰਹੀ ਹੈ।

ਪਸ਼ਤੂਨ ਰਾਸ਼ਟਰਵਾਦ ਦੇ ਉਭਾਰ ਵਾਲੇ ਦੌਰ 'ਚ ਪਾਕਿਸਤਾਨੀ ਫ਼ੌਜ ਤੋਂ ਇਕ ਹੋਰ ਵੱਡੀ ਭੁੱਲ ਹੋਈ ਤੇ ਉਹ ਇਹ ਕਿ ਪਸ਼ਤੂਨ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੂੰ ਸੱਤਾ ਤੋਂ ਲਾਂਭੇ ਕਰਨਾ ਤੇ ਉਨ੍ਹਾਂ ਦਾ ਲਗਾਤਾਰ ਸ਼ੋਸ਼ਣ ਕਰਨਾ। ਇਸ ਨਾਲ ਪਾਕਿਸਤਾਨ ਦੇ ਪਸ਼ਤੂਨ ਭਾਈਚਾਰੇ 'ਚ ਇਹ ਭਾਵਨਾ ਵਧੀ ਹੈ ਕਿ ਉਨ੍ਹਾਂ ਦੇ ਨਾਲ ਬੇਇਨਸਾਫ਼ੀ ਹੋ ਰਹੀ ਹੈ ਤੇ ਉਹ ਹੁਣ ਅਫ਼ਗਾਨਿਸਤਾਨ ਵੱਲ ਦੇਖਣ ਲੱਗੇ ਹਨ। ਇਹੀ ਕਾਰਨ ਹੈ ਕਿ ਟੀ.ਟੀ.ਪੀ. ਪਾਕਿਸਤਾਨੀ ਫ਼ੌਜ ਦੀਆਂ ਸਾਰੀਆਂ ਫ਼ੌਜੀ ਮੁਹਿੰਮਾਂ ਤੋਂ ਬਾਅਦ ਵੀ ਤਾਕਤਵਰ ਬਣਿਆ ਹੋਇਆ ਹੈ।

ਪਾਕਿਸਤਾਨ ਤੇ ਪਸ਼ਤੂਨਾਂ ਦੇ ਰਿਸ਼ਤੇ ਵੈਸੇ ਵੀ ਵਿਗੜਦੇ ਜਾ ਰਹੇ ਹਨ ਜਿਵੇਂ ਕਦੀ ਪਾਕਿਸਤਾਨ ਤੇ ਬੰਗਾਲੀ ਮੁਸਲਮਾਨਾਂ ਵਿਚਾਲੇ ਵਿਗੜੇ ਸਨ। ਪਸ਼ਤੂਨ ਬਹੁ ਗਿਣਤੀ ਖੇਤਰ 'ਚ ਪਸ਼ਤੂਨ ਤਹਿਫ਼ੁੱਜ ਵਰਗੇ ਅੰਦੋਲਨ ਵੀ ਜ਼ੋਰ ਫੜ ਰਹੇ ਹਨ, ਜੋ ਪਾਕਿਸਤਾਨ ਦੀਆਂ ਫ਼ੌਜੀ ਤੇ ਖੁਫ਼ੀਆ ਮੁਹਿੰਮਾਂ 'ਚ ਪਸ਼ਤੂਨਾਂ ਦੀਆਂ ਹੱਤਿਆਵਾਂ ਨੂੰ ਲੈ ਕੇ ਆਵਾਜ਼ ਉਠਾ ਰਹੇ ਹਨ।

**- ਦਿਵਯ ਕੁਮਾਰ ਸੋਤੀ**


DISCLAIMER TO OUR READERS
ਵਰਲਡ ਪੰਜਾਬੀ ਨਿਊਜ਼ ਵਿਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ ਵਰਲਡ ਪੰਜਾਬੀ ਨਿਊਜ਼ ਅਦਾਰੇ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ - ਸੰਪਾਦਕ
ਵਰਲਡ ਪੰਜਾਬੀ ਨਿਊਜ਼ ਵਿਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਜਾਂਚ-ਪਰਖ ਪਾਠਕ ਆਪਣੇ ਪੱਧਰ 'ਤੇ ਕਰਨ। ਵਰਲਡ ਪੰਜਾਬੀ ਨਿਊਜ਼ ਅਦਾਰਾ ਇਹਨਾਂ ਪ੍ਰਤੀ ਕਿਸੇ ਵੀ ਤਰਾਂ ਨਾਲ ਜਿੰਮੇਵਾਰ ਨਹੀਂ ਹੋਵੇਗਾ - ਸੰਪਾਦਕ

# ਸੁਖਬੀਰ ਬਾਦਲ ਦਾ ਅਸਤੀਫ਼ਾ ਪ੍ਰਵਾਨ

## ਨਵੇਂ ਪ੍ਰਧਾਨ ਦੀ ਚੋਣ ਲਈ ਪ੍ਰਕਿਰਿਆ ਸ਼ੁਰੂ; ਪਹਿਲੀ ਮਾਰਚ ਨੂੰ ਹੋਵੇਗੀ ਚੋਣ



ਚੰਡੀਗੜ੍ਹ: ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੇ ਕਰੀਬ 55 ਦਿਨਾਂ ਦੀ ਲੰਬੀ ਜੱਕੋ-ਤੱਕੀ ਮਗਰੋਂ ਅੱਜ ਸਰਬਸੰਮਤੀ ਨਾਲ ਸੁਖਬੀਰ ਸਿੰਘ ਬਾਦਲ ਦਾ ਪਾਰਟੀ ਪ੍ਰਧਾਨ ਦੇ ਅਹੁਦੇ ਤੋਂ ਅਸਤੀਫ਼ਾ ਪ੍ਰਵਾਨ ਕਰ ਲਿਆ ਹੈ। ਸੁਖਬੀਰ ਸਿੰਘ ਬਾਦਲ ਨੇ ਰਸਮੀ ਤੌਰ ’ਤੇ 16 ਨਵੰਬਰ ਨੂੰ ਪ੍ਰਧਾਨਗੀ ਤੋਂ ਅਸਤੀਫ਼ਾ ਦੇ ਦਿੱਤਾ ਸੀ। ਵਰਕਿੰਗ ਕਮੇਟੀ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਦੇ ਪੁਨਰਗਠਨ ਲਈ 20 ਜਨਵਰੀ ਤੋਂ ਨਵੀਂ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰਨ ਦਾ ਫ਼ੈਸਲਾ ਲਿਆ ਹੈ। ਨਵੇਂ ਪਾਰਟੀ ਪ੍ਰਧਾਨ ਦੀ ਚੋਣ ਹੁਣ ਪਹਿਲੀ ਮਾਰਚ ਨੂੰ ਹੋਵੇਗੀ। ਜਥੇਬੰਦਕ ਚੋਣਾਂ ਕਰਵਾਉਣ ਲਈ ਗੁਲਜ਼ਾਰ ਸਿੰਘ ਰਣੀਕੇ ਨੂੰ ਮੁੱਖ ਚੋਣ ਅਧਿਕਾਰੀ ਨਿਯੁਕਤ ਕੀਤਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਹੇਠ ਅੱਜ ਵਰਕਿੰਗ ਕਮੇਟੀ ਦੀ ਹੋਈ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਦਾ ਅਸਤੀਫ਼ਾ ਪ੍ਰਵਾਨ ਕਰਦਿਆਂ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਸੁਖਬੀਰ ਸਿੰਘ ਬਾਦਲ ਵੀ ਅੱਜ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਉਨ੍ਹਾਂ ਭਰੋਸਾ ਦਿੱਤਾ ਕਿ ਉਹ ਬਤੌਰ ਵਰਕਰ ਪਾਰਟੀ ਤੇ ਪੰਜਾਬ ਦੀ ਸੇਵਾ ਲਈ ਵਚਨਬੱਧ ਰਹਿਣਗੇ। ਅੱਜ ਦੀ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਨਾਲ ਜੁੜੇ ਸੀਨੀਅਰ ਆਗੂਆਂ ਨੂੰ ਚੋਣ ਪ੍ਰਕਿਰਿਆ ਵਿੱਚ ਕੋਈ ਜ਼ਿੰਮੇਵਾਰੀ ਨਹੀਂ ਦਿੱਤੀ ਗਈ। ਚੇਤੇ ਰਹੇ ਕਿ ਕਰੀਬ ਤਿੰਨ ਦਹਾਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ’ਤੇ ਬਾਦਲ ਪਰਿਵਾਰ ਕਾਬਜ਼ ਸੀ। ਸਾਲ 1995 ਵਿੱਚ ਪ੍ਰਕਾਸ਼ ਸਿੰਘ ਬਾਦਲ ਨੇ ਪਾਰਟੀ ਦੀ ਵਾਗਡੋਰ ਸੰਭਾਲੀ ਸੀ ਅਤੇ ਸਾਲ 2008 ਤੋਂ ਸੁਖਬੀਰ ਸਿੰਘ ਬਾਦਲ ਪ੍ਰਧਾਨ ਚੱਲੇ ਆ ਰਹੇ ਸਨ। ਲੰਬੇ ਅਰਸੇ ਮਗਰੋਂ ਬਾਦਲ ਪਰਿਵਾਰ ਪਾਰਟੀ ਦੀ ਪ੍ਰਧਾਨਗੀ ਤੋਂ ਲਾਂਭੇ ਹੋਇਆ ਹੈ। ਪਿਛਲੀ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਦੇ ਅਸਤੀਫ਼ੇ ਦਾ ਫ਼ੈਸਲਾ ਟਾਲ ਦਿੱਤਾ ਗਿਆ ਸੀ। ਵਰਕਿੰਗ ਕਮੇਟੀ ਦੀ ਮੀਟਿੰਗ ਤੋਂ ਪਹਿਲਾਂ 8 ਜਨਵਰੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਵੱਲੋਂ ਅਕਾਲ ਤਖ਼ਤ ਦੇ ਜਥੇਦਾਰ ਨਾਲ ਮੀਟਿੰਗ ਕੀਤੀ ਗਈ ਸੀ। ਅੱਜ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਵਰਕਿੰਗ ਕਮੇਟੀ ਵੱਲੋਂ ਲਏ ਫ਼ੈਸਲਿਆਂ ਤੋਂ ਪ੍ਰੈੱਸ ਨੂੰ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਜਿੰਨਾ ਚਿਰ ਨਵੇਂ ਪ੍ਰਧਾਨ ਦੀ ਚੋਣ ਨਹੀਂ ਹੁੰਦੀ, ਉਦੋਂ ਤੱਕ ਅਹਿਮ ਫ਼ੈਸਲੇ ਸ੍ਰੀ ਭੂੰਦੜ ਦੀ ਅਗਵਾਈ ਹੇਠਲੇ ਪਾਰਲੀਮਾਨੀ ਬੋਰਡ ਵੱਲੋਂ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ 20 ਜਨਵਰੀ ਤੋਂ 20 ਫਰਵਰੀ ਤੱਕ ਨਵੀਂ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਜਾਵੇਗੀ ਅਤੇ 25 ਲੱਖ ਮੈਂਬਰ ਬਣਾਏ ਜਾਣ ਦਾ ਟੀਚਾ ਮਿੱਥਿਆ ਗਿਆ ਹੈ। ਸਮੁੱਚੀ ਪ੍ਰਕਿਰਿਆ ਵਿੱਚ ਤਾਲਮੇਲ ਦੀ ਜ਼ਿੰਮੇਵਾਰੀ ਖ਼ੁਦ ਡਾ. ਚੀਮਾ ਨਿਭਾਉਣਗੇ। ਚੋਣ ਪ੍ਰਕਿਰਿਆ ਲਈ 13 ਸੀਨੀਅਰ ਆਗੂਆਂ ਨੂੰ ਵੱਖ-ਵੱਖ ਸੂਬਿਆਂ ਦੇ ਚੋਣ ਆਬਜ਼ਰਵਰਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ ਅਤੇ ਹਰੇਕ ਜ਼ਿਲ੍ਹੇ ਦੇ ਨਿਗਰਾਨ ਵੀ ਨਿਯੁਕਤ ਕੀਤੇ ਗਏ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਜੰਮੂ ਕਸ਼ਮੀਰ ਤੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਆਬਜ਼ਰਵਰ ਹੋਣਗੇ ਅਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਸਮੁੱਚੇ ਮਾਲਵਾ ਖਿੱਤੇ ਦੀ ਨਿਗਰਾਨੀ ਕਰਨਗੇ। ਰਾਜਸਥਾਨ ਵਿੱਚ ਭਰਤੀ ਮੁਹਿੰਮ ਦੇ ਆਬਜ਼ਰਵਰ ਮਨਪ੍ਰੀਤ ਸਿੰਘ ਇਯਾਲੀ, ਹਿਮਾਚਲ ਪ੍ਰਦੇਸ਼ ਦੇ ਸੰਤਾ ਸਿੰਘ ਉਮੈਦਪੁਰੀ, ਹਰਿਆਣਾ ਦੇ ਰਘੂਜੀਤ ਸਿੰਘ ਵਿਰਕ ਤੇ ਬਲਦੇਵ ਸਿੰਘ, ਉੱਤਰ ਪ੍ਰਦੇਸ਼ ਤੇ ਉੱਤਰਾਖੰਡ ਦੇ ਮਨਜੀਤ ਸਿੰਘ ਜੀਕੇ, ਮਾਲੇਰਕੋਟਲਾ ਦੇ ਇਕਬਾਲ ਸਿੰਘ ਝੂੰਦਾਂ ਅਤੇ ਦਿੱਲੀ ਦੇ ਪਰਮਜੀਤ ਸਿੰਘ ਸਰਨਾ ਆਬਜ਼ਰਵਰ ਹੋਣਗੇ। ਇਸੇ ਤਰ੍ਹਾਂ ਸਮੁੱਚੇ ਜ਼ਿਲ੍ਹਿਆਂ ਦੇ ਆਬਜ਼ਰਵਰ ਲਾਏ ਗਏ ਹਨ। ਡਾ. ਚੀਮਾ ਨੇ ਕਿਹਾ ਕਿ ਸਮੁੱਚੀ ਭਰਤੀ ਪ੍ਰਕਿਰਿਆ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਹੋਵੇਗੀ। ਉਨ੍ਹਾਂ ਦੱਸਿਆ ਕਿ ਅਕਾਲ ਤਖ਼ਤ ਤੋਂ ਮਿਲੇ ਆਦੇਸ਼ਾਂ ਮੁਤਾਬਕ ਪਾਰਟੀ ਵੱਲੋਂ ਪਹਿਲੀ ਮਾਰਚ ਤੋਂ 30 ਅਪਰੈਲ ਤੱਕ ਸਵਾ ਲੱਖ ਬੂਟੇ ਲਗਾਏ ਜਾਣਗੇ। ਮੀਟਿੰਗ ਵਿੱਚ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ, ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਅਤੇ ਸਾਬਕਾ ਵਿਧਾਇਕ ਅਜੈਬ ਸਿੰਘ ਮੁਖਮੈਲਪੁਰ ਦੇ ਦੇਹਾਂਤ ’ਤੇ ਸ਼ੋਕ ਮਤੇ ਪਾਸ ਕੀਤੇ ਗਏ। ਵਰਕਿੰਗ ਕਮੇਟੀ ਨੇ ਕੌਮੀ ਖੇਤੀ ਮੰਡੀ ਨੀਤੀ ਦੇ ਖਰੜੇ ਅਤੇ ਚੰਡੀਗੜ੍ਹ ਯੂਟੀ ਦੇ ਸਲਾਹਕਾਰ ਦਾ ਅਹੁਦਾ ਖ਼ਤਮ ਕੀਤੇ ਜਾਣ ਅਤੇ ਸ਼੍ਰੋਮਣੀ ਕਮੇਟੀ ਚੋਣਾਂ ਲਈ ਵੋਟਰ ਸੂਚੀਆਂ ਵਿੱਚ ਹੋਈ ਧਾਂਦਲੀ ਨੂੰ ਲੈ ਕੇ ਸਰਕਾਰ ਦੀ ਨਿੰਦਾ ਕੀਤੀ। ਇਸ ਤੋਂ ਇਲਾਵਾ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਖ਼ਤਮ ਕਰਾਉਣ ਲਈ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਵੱਟੀ ਘੇਸਲ ਦੀ ਆਲੋਚਨਾ ਕੀਤੀ ਗਈ। ਕੌਮੀ ਖੇਤੀ ਮੰਡੀ ਨੀਤੀ ਦੇ ਖਰੜੇ ਨੂੰ ਰੱਦ ਕਰਨ ਲਈ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸੱਦਣ ਦੀ ਮੰਗ ਵੀ ਉੱਠੀ। ਪਿਛਲੇ ਅਰਸੇ ਦੌਰਾਨ ਵਾਪਰੇ ਘਟਨਾਕ੍ਰਮ ’ਤੇ ਨਜ਼ਰ ਮਾਰੀਏ ਤਾਂ ਸਾਲ 2015 ਵਿੱਚ ਹੋਈਆਂ ਬੇਅਦਬੀਆਂ ਅਤੇ ਡੇਰਾ ਸੱਚਾ ਸੌਦਾ ਦੇ ਮੁਖੀ ਨੂੰ ਮੁਆਫ਼ੀ ਦੇਣ ਨਾਲ ਅਕਾਲੀ ਦਲ ਦਾ ਮਿਆਰ ਡਿੱਗਣਾ ਸ਼ੁਰੂ ਹੋ ਗਿਆ ਸੀ। ਪਹਿਲਾਂ ਲਗਾਤਾਰ ਚੋਣਾਂ ਹਾਰਨ ਅਤੇ ਮਗਰੋਂ ਅਕਾਲੀ ਦਲ ਵਿੱਚ ਹੋਈ ਬਗਾਵਤ ਨੇ ਸੁਖਬੀਰ ਸਿੰਘ ਬਾਦਲ ਲਈ ਚੁਣੌਤੀ ਖੜ੍ਹੀ ਕਰ ਦਿੱਤੀ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਨਖ਼ਾਹੀਆ ਕਰਾਰ ਦਿੱਤੇ ਜਾਣ ਮਗਰੋਂ ਸੁਖਬੀਰ ਸਿੰਘ ਬਾਦਲ ਨੂੰ ਅਸਤੀਫ਼ਾ ਦੇਣਾ ਪਿਆ ਸੀ। ਬਾਗੀ ਅਕਾਲੀ ਆਗੂਆਂ ਦੇ ਸੰਦਰਭ ਵਿੱਚ ਡਾ. ਚੀਮਾ ਨੇ ਕਿਹਾ ਕਿ ਜਿਹੜੇ ਆਗੂ ਇਸ ਵੇਲੇ ਸ਼੍ਰੋਮਣੀ ਅਕਾਲੀ ਦਲ ’ਚੋਂ ਬਾਹਰ ਹਨ, ਉਹ ਅਨੁਸ਼ਾਸਨੀ ਕਮੇਟੀ ਕੋਲ ਪੇਸ਼ ਹੋ ਕੇ ਆਪਣਾ ਪੱਖ ਰੱਖਣ ਤਾਂ ਜੋ ਉਨ੍ਹਾਂ ਦੀ ਪਾਰਟੀ ’ਚ ਵਾਪਸੀ ਲਈ ਕੇਸਾਂ ਦੀ ਸੁਣਵਾਈ ਦਾ ਕੰਮ ਮੁਕੰਮਲ ਹੋ ਸਕੇ। ਚੀਮਾ ਨੇ ਕਿਹਾ ਕਿ ਪਾਰਟੀ ਪ੍ਰਧਾਨ ਵੱਲੋਂ ਅਸਤੀਫ਼ਾ ਦਿੱਤੇ ਜਾਣ ਮਗਰੋਂ ਜਿਨ੍ਹਾਂ ਆਗੂਆਂ ਨੇ ਭਾਵੁਕ ਹੋ ਕੇ ਅਸਤੀਫ਼ੇ ਦਿੱਤੇ ਸਨ, ਪਾਰਟੀ ਨੇ ਉਨ੍ਹਾਂ ਦੇ ਅਸਤੀਫ਼ੇ ਰੱਦ ਕਰ ਦਿੱਤੇ ਸਨ।

# ਮੁੱਖ ਮੰਤਰੀ ਭਗਵੰਤ ਮਾਨ ਨੇ ਐੱਨ.ਡੀ.ਪੀ.ਐੱਸ. ਕੋਰਟਾਂ ਨੂੰ ਮਜ਼ਬੂਤ ਕਰਨ ਲਈ ਸ਼ਾਹ ਤੋਂ ਮੰਗੇ 600 ਕਰੋੜ ਰੁਪਏ



ਚੰਡੀਗੜ੍ਹ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਨਸ਼ੀਲੇ ਪਦਾਰਥਾਂ ਦੇ ਮਾਮਲਿਆਂ ਦੇ ਤੇਜ਼ੀ ਨਾਲ ਨਿਪਟਾਰੇ ਲਈ ਵਿਸ਼ੇਸ਼ ਐੱਨਡੀਪੀਐੱਸ ਅਦਾਲਤਾਂ ਸਥਾਪਤ ਕਰਨ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ 600 ਕਰੋੜ ਰੁਪਏ ਦੀ ਇੱਕਮੁਸ਼ਤ ਵਿੱਤੀ ਸਹਾਇਤਾ ਮੰਗੀ ਹੈ। ਮਾਨ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਸਮਾਜਿਕ-ਆਰਥਿਕ ਤਵਾਜ਼ਨ ਵਿਗਾੜ ਰਹੀ ਹੈ, ਜਿਸ ਨਾਲ ਅਪਰਾਧ, ਘਰੇਲੂ ਹਿੰਸਾ ਅਤੇ ਸਿਹਤ ਸਮੱਸਿਆਵਾਂ ਵਿੱਚ ਵਾਧਾ ਹੋ ਰਿਹਾ ਹੈ। ਨਸ਼ਾ ਤਸਕਰੀ ਅਤੇ ਰਾਸ਼ਟਰੀ ਸੁਰੱਖਿਆ ਵਿਸ਼ੇ ਉੱਤੇ ਖੇਤਰੀ ਕਾਨਫਰੰਸ ਨੂੰ ਵਰਚੁਅਲੀ ਸੰਬੋਧਨ ਕਰਦਿਆਂ ਮਾਨ ਨੇ ਕੇਂਦਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ ਵਿਸ਼ੇਸ਼ ਨਾਰਕੋਟਿਕ ਡਰੱਗਜ਼ ਅਤੇ ਸਾਈਕੋਟ੍ਰੋਪਿਕ ਪਦਾਰਥ (ਐੱਨਡੀਪੀਐੱਸ) ਅਦਾਲਤਾਂ ਬਣਾਉਣ ਅਤੇ ਸਰਕਾਰੀ ਵਕੀਲਾਂ ਦੀ ਭਰਤੀ ਲਈ 10 ਸਾਲਾਂ ਲਈ ਪ੍ਰਤੀ ਸਾਲ 60 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇਵੇ। ਮਾਨ ਨੇ ਕਿਹਾ ਕਿ 1 ਜਨਵਰੀ, 2025 ਤੱਕ 35,000 ਨਸ਼ੀਲੇ ਪਦਾਰਥਾਂ ਦੇ ਮਾਮਲੇ ਮੁਕੱਦਮੇ ਲਈ ਬਕਾਇਆ ਸਨ। ਉਨ੍ਹਾਂ ਕਿਹਾ ਕਿ ਮੌਜੂਦਾ ਨਿਪਟਾਰਾ ਦਰ ਦੇ ਅਧਾਰ ’ਤੇ ਔਸਤਨ ਇੱਕ ਸੈਸ਼ਨ ਅਦਾਲਤ ਨੂੰ ਮੁਕੱਦਮਾ ਪੂਰਾ ਕਰਨ ਲਈ ਸੱਤ ਸਾਲ ਲੱਗਦੇ ਹਨ। ਮਾਨ ਨੇ ਦੱਸਿਆ ਕਿ ਅਗਲੇ ਪੰਜ ਸਾਲਾਂ ਵਿੱਚ, ਔਸਤ ਨਿਪਟਾਰੇ ਦਾ ਸਮਾਂ ਸੱਤ ਸਾਲਾਂ (35,000 ਲੰਬਿਤ ਕੇਸ) ਤੋਂ ਵਧ ਕੇ 11 ਸਾਲ (55,000 ਲੰਬਿਤ ਕੇਸ) ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਰਾਜ ਨੇ 16ਵੇਂ ਵਿੱਤ ਕਮਿਸ਼ਨ ਰਾਹੀਂ 2,829 ਕਰੋੜ ਰੁਪਏ ਦੀ ਮੰਗ ਕੀਤੀ ਸੀ, ਜਿਸ ਨੂੰ ਪ੍ਰਭਾਵਸ਼ਾਲੀ ਕਾਨੂੰਨ ਲਾਗੂ ਕਰਨ ਅਤੇ ਏਐਨਟੀਐਫ ਅਤੇ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਅਤੇ ਲੌਜਿਸਟਿਕ ਸਹਾਇਤਾ ਨੂੰ ਅਪਗ੍ਰੇਡ ਕਰਨ ਲਈ ਜਲਦੀ ਤੋਂ ਜਲਦੀ ਮਨਜ਼ੂਰੀ ਦੇਣੀ ਚਾਹੀਦੀ ਹੈ। ਮੁੱਖ ਮੰਤਰੀ ਨੇ ਕੌਮਾਂਤਰੀ ਸਰਹੱਦ ’ਤੇ ਤਾਇਨਾਤ ਸੀਮਾ ਸੁਰੱਖਿਆ ਬਲ ਨੂੰ ਮਜ਼ਬੂਤ ਕਰਨ ਦਾ ਵੀ ਸੱਦਾ ਦਿੱਤਾ। ਮਾਨ ਨੇ ਕਿਹਾ ਕਿ ਪਿਛਲੇ ਪੰਜ ਸਾਲਾਂ ਵਿੱਚ 1,247 ਡਰੋਨ ਦੇਖੇ ਗਏ ਹਨ ਅਤੇ ਉਨ੍ਹਾਂ ਵਿੱਚੋਂ ਸਿਰਫ਼ 417 ਨੂੰ ਹੀ ਫੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵੇਲੇ ਕੌਮਾਂਤਰੀ ਸਰਹੱਦ ਦੇ 552 ਕਿਲੋਮੀਟਰ ਦੇ ਨਾਲ-ਨਾਲ ਸਿਰਫ਼ 12 ਜੈਮਿੰਗ ਸਿਸਟਮ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਰੁਕਾਵਟ ਨੂੰ ਰੋਕਣ ਲਈ ਘੱਟੋ-ਘੱਟ 50 ਹੋਰ ਅਜਿਹੇ ਸਿਸਟਮਾਂ ਦੀ ਲੋੜ ਹੈ। ਪਿਛਲੇ ਢਾਈ ਸਾਲਾਂ ਵਿੱਚ ਸੂਬਾ ਸਰਕਾਰ ਨੇ ਐੱਨਡੀਪੀਐਸ ਐਕਟ ਤਹਿਤ ਲਗਪਗ 31,500 ਮਾਮਲੇ ਦਰਜ ਕੀਤੇ ਹਨ, ਜਿਨ੍ਹਾਂ ਵਿੱਚ 43,000 ਮੁਲਜ਼ਮਾਂ ਨੂੰ 3,000 ਕਿਲੋਗ੍ਰਾਮ ਹੈਰੋਇਨ, 2,600 ਕਿਲੋਗ੍ਰਾਮ ਅਫੀਮ ਅਤੇ 4.3 ਕਰੋੜ ਰੁਪਏ ਦੀਆਂ ਦਵਾਈਆਂ ਨਾਲ ਗ੍ਰਿਫ਼ਤਾਰ ਕੀਤਾ ਗਿਆ ਹੈ।

# ਫਿਲੌਰ: ਹਾਦਸੇ ਮਗਰੋਂ ਫਲਾਈਓਵਰ ਤੋਂ ਬੱਸ ਲਟਕੀ




ਫਿਲੌਰ: ਸੰਘਣੀ ਧੁੰਦ ਕਾਰਨ ਅੱਜ ਸਵੇਰੇ ਜਲੰਧਰ ਤੋਂ ਲੁਧਿਆਣਾ ਜਾ ਰਹੀ ਯੂਪੀ ਰੋਡਵੇਜ਼ ਦੀ ਬੱਸ ਅਤੇ ਯੂਪੀ ਨੰਬਰ ਦੀ ਪ੍ਰਾਈਵੇਟ ਸਲੀਪਰ ਬੱਸ ਵਿਚਾਲੇ ਜ਼ੋਰਦਾਰ ਟੱਕਰ ਹੋ ਗਈ। ਇਸ ਦੌਰਾਨ ਰੋਡਵੇਜ਼ ਦੀ ਬੱਸ ਪੁਲ ਦੀ ਰੇਲਿੰਗ ਤੋੜਦੀ ਹੋਈ 6-7 ਫੁੱਟ ਬਾਹਰ ਨਿੱਕਲ ਗਈ। ਇਹ ਹਾਦਸਾ ਅੰਬੇਡਕਰ ਚੌਂਕ ਦੇ ਉੱਪਰ ਫਲਾਈਓਵਰ ’ਤੇ ਵਾਪਰਿਆ, ਜਿੱਥੇ ਦੋਵਾਂ ਬੱਸਾਂ ਦੀ ਆਪਸੀ ਟੱਕਰ ਕਾਰਨ ਭਾਜੜਾਂ ਪੈ ਗਈਆਂ। ਜਾਣਕਾਰੀ ਮੁਤਾਬਕ ਯੂਪੀ ਰੋਡਵੇਜ਼ ਦੀ ਬੱਸ ਜਲੰਧਰ ਤੋਂ ਲੁਧਿਆਣਾ ਜਾ ਰਹੀ ਸੀ। ਪਿੱਛੋ ਸਲੀਪਰ ਬੱਸ ਨੇ ਅੱਗੇ ਜਾ ਰਹੀਂ ਬੱਸ ’ਚ ਟੱਕਰ ਮਾਰ ਦਿੱਤੀ, ਜਿਸ ਨਾਲ ਉਸ ਦਾ ਤਵਾਜ਼ਨ ਵਿਗੜ ਗਿਆ। ਸਿੱਟੇ ਵਜੋਂ ਯੂਪੀ ਰੋਡਵੇਜ਼ ਦੀ ਬੱਸ ਹਾਈਵੇਅ ਫਲਾਈਓਵਰ ’ਤੇ ਲਮਕ ਗਈ ਅਤੇ ਹੇਠਾਂ ਡਿੱਗਣ ਤੋਂ ਬਚਾਅ ਹੋ ਗਿਆ। ਇਸ ਹਾਦਸੇ ਵਿੱਚ ਕਿਸੇ ਕਿਸਮ ਦਾ ਜਾਨੀ ਨੁਕਸਾਨ ਹੋਣ ਤੋਂ ਵੀ ਬਚਾਅ ਹੋ ਗਿਆ ਪਰ ਦੋਵੇਂ ਬੱਸਾਂ ਨੂੰ ਕਾਫ਼ੀ ਨੁਕਸਾਨ ਹੋ ਗਿਆ। ਪ੍ਰਤੱਖਦਰਸ਼ੀਆਂ ਨੇ ਦੱਸਿਆ ਕਿ ਸਲੀਪਰ ਬੱਸ ਦਾ ਡਰਾਈਵਰ ਕੰਡਕਟਰ ਬੱਸ ਚੱਲਦੀ ਛੱਡ ਕੇ ਫਰਾਰ ਹੋ ਗਏ, ਕਿਸੇ ਹੋਰ ਦੀ ਮਦਦ ਲੈ ਕੇ ਬਸ ਦਾ ਇੰਜਣ ਬੰਦ ਕਰਵਾਇਆ। ਹਾਦਸੇ ਤੋਂ ਬਾਅਦ ਆਵਾਜਾਈ ’ਚ ਵਿਘਨ ਵੀ ਪਿਆ ਪਰ ਪ੍ਰਸ਼ਾਸਨ ਨੇ ਕੁਝ ਦੇਰ ਮਗਰੋਂ ਆਵਾਜਾਈ ਸ਼ੁਰੂ ਕਰਵਾ ਦਿੱਤੀ ਹੈ। ਇਸ ਹਾਦਸੇ ਨੂੰ ਦੇਖਦੇ ਇਕ ਕਾਰ ਚਾਲਕ ਦੀ ਵੀ ਕਿਸੇ ਹੋਰ ਵਾਹਨ ਟੱਕਰ ਹੋ ਗਈ। ਮੌਕੇ ’ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਵੀ ਪੁੱਜੇ, ਜਿਹੜੇ ਯਾਤਰੀਆਂ ਲਈ ਬਦਲਵੇਂ ਪ੍ਰਬੰਧਾਂ ਦੀ ਦੇਖ ਰੇਖ ਕਰ ਰਹੇ ਸਨ।

# ਕੈਲੀਫੋਰਨੀਆ ਦੇ ਜੰਗਲਾਂ 'ਚ ਭਿਆਨਕ ਅੱਗ; ਪੰਜ ਮੌਤਾਂ

## ਹੌਲੀਵੁੱਡ ਹਿੱਲਜ਼ ਲਈ ਵੀ ਖਤਰਾ, ਕਈ ਹੌਲੀਵੁੱਡ ਹਸਤੀਆਂ ਦੇ ਘਰ ਨੁਕਸਾਨੇ ਗਏ




ਵਾਸ਼ਿੰਗਟਨ: ਅਮਰੀਕਾ ਦੇ ਦੱਖਣੀ ਕੈਲੀਫੋਰਨੀਆ ਖ਼ਿੱਤੇ ਦੇ ਜੰਗਲਾਂ 'ਚ ਲੱਗੀ ਭਿਆਨਕ ਅੱਗ ਕਾਰਨ ਪੰਜ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਇਕ ਲੱਖ ਤੋਂ ਵਧ ਲੋਕਾਂ ਨੂੰ ਘਰ ਛੱਡ ਕੇ ਸੁਰੱਖਿਅਤ ਥਾਵਾਂ 'ਤੇ ਜਾਣ ਦੇ ਹੁਕਮ ਦਿੱਤੇ ਗਏ ਹਨ। ਇਸ ਨਾਲ ਹੌਲੀਵੁੱਡ ਹਿੱਲਜ ਲਈ ਵੀ ਖਤਰਾ ਪੈਦਾ ਹੋ ਗਿਆ ਹੈ। ਬਿਲੀ ਕ੍ਰਿਸਟਲ, ਮੈਂਡੀ ਮੂਰ, ਪੈਰਿਸ ਹਿਲਟਨ ਅਤੇ ਕੈਰੀ ਐਲਵੇਜ਼ ਜਿਹੀਆਂ ਹੌਲੀਵੁੱਡ ਹਸਤੀਆਂ ਕੈਲੀਫੋਰਨੀਆ 'ਚ ਰਹਿੰਦੀਆਂ ਹਨ ਅਤੇ ਅੱਗ 'ਚ ਉਨ੍ਹਾਂ ਦੇ ਘਰ ਨੁਕਸਾਨੇ ਗਏ ਹਨ। ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਕੈਲੀਫੋਰਨੀਆ ਦੇ ਜੰਗਲਾਂ 'ਚ ਲੱਗੀ ਭਿਆਨਕ ਅੱਗ 'ਤੇ ਕਾਬੂ ਪਾਉਣ ਲਈ ਚੁੱਕੇ ਗਏ ਕਦਮਾਂ ਦੀ ਨਿਗਰਾਨੀ ਵਾਸਤੇ ਇਟਲੀ ਅਤੇ ਵੈਟੀਕਨ ਦਾ ਦੌਰਾ ਰੱਦ ਕਰ ਦਿੱਤਾ ਹੈ।

ਰਾਸ਼ਟਰਪਤੀ ਵਜੋਂ ਬਾਇਡਨ ਦਾ ਇਹ ਆਖਰੀ ਵਿਦੇਸ਼ ਦੌਰਾ ਸੀ। ਬਾਇਡਨ ਨੇ ਸਾਬਕਾ ਰਾਸ਼ਟਰਪਤੀ ਜਿਮੀ ਕਾਰਟਰ ਨੂੰ ਸ਼ਰਧਾਂਜਲੀ ਦੇਣ ਮਗਰੋਂ ਪੋਪ ਫਰਾਂਸਿਸ ਅਤੇ ਇਟਲੀ ਦੇ ਰਾਸ਼ਟਰਪਤੀ ਸਰਜੀਓ ਮੈਟਾਰੇਲਾ ਨਾਲ ਮੁਲਾਕਾਤ ਲਈ ਤਿੰਨ ਦਿਨੀਂ ਵਿਦੇਸ਼ ਯਾਤਰਾ 'ਤੇ ਰਵਾਨਾ ਹੋਣਾ ਸੀ। ਬਾਇਡਨ ਬੁੱਧਵਾਰ ਨੂੰ ਜੰਮੇ ਆਪਣੇ ਪੜਪੋਤੇ ਨੂੰ ਦੇਖਣ ਲਈ ਲਾਸ ਏਂਜਿਲਸ ਗਏ ਸਨ ਅਤੇ ਉਥੋਂ ਪਰਤਣ ਮਗਰੋਂ ਉਨ੍ਹਾਂ ਅੱਗ ਬੁਝਾਊ ਦਸਤੇ ਦੇ ਅਧਿਕਾਰੀਆਂ ਤੋਂ ਕੈਲੀਫੋਰਨੀਆ ਦੇ ਜੰਗਲਾਂ 'ਚ ਲੱਗੀ ਅੱਗ ਬਾਰੇ ਜਾਣਕਾਰੀ ਲਈ। ਜ਼ਿਕਰਯੋਗ ਹੈ ਕਿ ਤਿੰਨ ਇਲਾਕਿਆਂ ਪਾਲੀਸੇਡਸ (ਲਾਸ ਏਂਜਿਲਸ ਦੇ ਪੱਛਮ), ਈਟਨ (ਪਾਸਾਡੇਨਾ ਦੇ ਉੱਤਰ) ਅਤੇ ਸਾਂ ਫਰਨਾਂਡੋ ਘਾਟੀ ਦੇ 70 ਸਕੁਏਅਰ ਕਿਲੋਮੀਟਰ ਘੇਰੇ 'ਚ ਅੱਗ ਫੈਲੀ ਹੋਈ ਹੈ। ਕੈਲੀਫੋਰਨੀਆ ਦੇ ਗਵਰਨਰ ਗੇਵਿਨ ਨਿਊਸਮ ਨੇ ਅੱਗ 'ਤੇ ਕਾਬੂ ਪਾਉਣ ਲਈ 7,500 ਮੁਲਾਜ਼ਮ ਤਾਇਨਾਤ ਕੀਤੇ ਹਨ। ਰੱਖਿਆ ਵਿਭਾਗ ਨੇ ਜਲ ਸੈਨਾ ਦੇ 10 ਹੈਲੀਕਾਪਟਰ ਅਤੇ ਸੀ-130 ਏਅਰਕ੍ਰਾਫ਼ਟ ਸਣੇ ਹੋਰ ਅਮਲੇ ਨੂੰ ਅੱਗ ਬੁਝਾਉਣ ਲਈ ਤਾਇਨਾਤ ਕੀਤਾ ਹੈ। ਲਾਸ ਏਂਜਿਲਸ ਕਾਊਂਟੀ ਸ਼ੈਰਿਫ਼ ਰੌਬਰਟ ਲੂਨਾ ਮੁਤਾਬਕ ਬੁੱਧਵਾਰ ਤੱਕ ਕਰੀਬ 27 ਹਜ਼ਾਰ ਏਕੜ ਰਕਬਾ ਅੱਗ ਦੀ ਮਾਰ ਹੇਠ ਆ ਚੁੱਕਾ ਸੀ।

# ਚੰਦਰ ਆਰੀਆ ਪ੍ਰਧਾਨ ਮੰਤਰੀ ਦੀ ਦੌੜ 'ਚ

ਓਟਵਾ: ਕੈਨੇਡਾ ਦੇ ਭਾਰਤੀ ਮੂਲ ਦੇ ਸੰਸਦ ਮੈਂਬਰ ਚੰਦਰ ਆਰੀਆ ਨੇ ਐਲਾਨ ਕੀਤਾ ਹੈ ਕਿ ਉਹ ਵੀ ਲਿਬਰਲ ਪਾਰਟੀ ਦੇ ਨੇਤਾ ਦੇ ਅਹੁਦੇ ਦੀ ਦੌੜ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਵੱਲੋਂ ਦੇਸ਼ ਨੂੰ ਇਕ ਪ੍ਰਭੂਸੱਤਾ ਸੰਪੰਨ ਗਣਰਾਜ ਬਣਾਉਣ, ਸੇਵਾਮੁਕਤੀ ਦੇ ਲਾਭ ਵਧਾਉਣ, ਇਕ ਨਾਗਰਿਕਤਾ ਆਧਾਰਤ ਟੈਕਸ ਪ੍ਰਣਾਲੀ ਅਮਲ ਵਿੱਚ ਲਿਆਉਣ ਅਤੇ ਫਲਸਤੀਨ ਨੂੰ ਵੱਖਰੇ ਮੁਲਕ ਵਜੋਂ ਮਾਨਤਾ ਦੇਣ ਆਦਿ ਵਾਅਦਿਆਂ ਨਾਲ ਚੋਣ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਕਰਨਾਟਕ ਵਿੱਚ ਜਨਮੇ ਓਟਵਾ ਦੇ ਸੰਸਦ ਮੈਂਬਰ ਚੰਦਰ ਆਰੀਆ ਵੱਲੋਂ ਇਹ ਐਲਾਨ ਵੀਰਵਾਰ ਸਵੇਰ 'ਐਕਸ' ਉੱਤੇ ਕੀਤਾ ਗਿਆ। ਆਰੀਆ ਨੇ ਇਕ ਬਿਆਨ ਜਾਰੀ ਕਰ ਕੇ ਕਿਹਾ ਕਿ ਉਹ ਕੈਨੇਡਾ ਨੂੰ ਇਕ ਪ੍ਰਭੂਸੱਤਾ ਸੰਪੰਨ ਦੇਸ਼ ਬਣਾਉਣਾ ਚਾਹੁੰਦੇ ਹਨ, ਇਸ ਵਾਸਤੇ ਰਾਜਸ਼ਾਹੀ ਦੇ ਹੱਥ ਦੇਸ਼ ਦੀ ਵਾਗਡੋਰ ਦੇਣੀ ਬੰਦ ਕਰਨੀ ਪਵੇਗੀ।



## ਕੰਨੌਜ ਰੇਲਵੇ ਸਟੇਸ਼ਨ ਉੱਤੇ ਉਸਾਰੀ ਅਧੀਨ ਇਮਾਰਤ ਡਿੱਗੀ, ਮਲਬੇ ਹੇਠ ਕਈ ਕਾਮੇ ਫਸੇ



ਕੰਨੌਜ: ਕੰਨੌਜ ਰੇਲਵੇ ਸਟੇਸ਼ਨ ਉੱਤੇ ਉਸਾਰੀ ਅਧੀਨ ਇਮਾਰਤ ਡਿੱਗਣ ਕਰਕੇ ਦੋ ਦਰਜਨ ਤੋਂ ਵੱਧ ਵਰਕਰ ਮਲਬੇ ਹੇਠ ਫਸ ਗਏ। ਇਸ ਦੌਰਾਨ ਛੇ ਵਰਕਰਾਂ ਨੂੰ ਬਾਹਰ ਕੱਢ ਕੇ ਹਸਪਤਾਲ ਦਾਖਲ ਕੀਤਾ ਗਿਆ ਹੈ। ਜ਼ਿਲ੍ਹਾ ਮੈਜਿਸਟਰੇਟ ਸ਼ੁਭਰੰਤ ਕੁਮਾਰ ਸ਼ੁਕਲ ਨੇ ਕਿਹਾ, "ਸ਼ੁਰੂਆਤੀ ਜਾਣਕਾਰੀ ਮੁਤਾਬਕ ਉਸਾਰੀ ਅਧੀਨ ਇਮਾਰਤ ਦੀ ਛੱਤ ਦੀ ਸ਼ਟਰਿੰਗ ਡਿੱਗਣ ਕਰਕੇ ਹਾਦਸਾ ਵਾਪਰਿਆ।" ਸ਼ੁਕਲ ਨੇ ਕਿਹਾ ਕਿ ਸਾਡੀ ਪਹਿਲੀ ਤਰਜੀਹ ਮਲਬੇ ਹੇਠ ਫਸੇ ਵਰਕਰਾਂ ਨੂੰ ਬਾਹਰ ਕੱਢਣਾ ਹੈ। ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਮਲਬੇ ਹੇਠ ਫਸੇ ਵਰਕਰਾਂ ਦੀ ਸੁਰੱਖਿਆ ਤੇ ਉਨ੍ਹਾਂ ਲਈ ਢੁੱਕਵਾਂ ਇਲਾਜ ਯਕੀਨੀ ਬਣਾਉਣ। ਸੂਬਾਈ ਰਾਹਤ ਕਮਿਸ਼ਨਰ ਭਾਨੂ ਚੰਦਰਾ ਗੋਸਵਾਮੀ ਨੇ ਕਿਹਾ ਕਿ ਉਹ ਕੰਨੌਜ ਜ਼ਿਲ੍ਹਾ ਪ੍ਰਸ਼ਾਸਨ ਦੇ ਸੰਪਰਕ ਵਿਚ ਹਨ। ਐੱਨਡੀਆਰਐੱਫ ਤੇ ਐੱਸਡੀਆਰਐਫ ਦੀਆਂ ਟੀਮਾਂ ਨੇ ਮੌਕੇ 'ਤੇ ਪਹੁੰਚ ਕੇ ਰਾਹਤ ਤੇ ਬਚਾਅ ਕਾਰਜ ਆਰੰਭ ਕਰ ਦਿੱਤੇ ਹਨ। ਜ਼ਿਲ੍ਹਾ ਹਸਪਤਾਲ ਦੇ ਐਮਰਜੈਂਸੀ ਵਾਰਡ ਤੇ ਡਾਕਟਰਾਂ ਨੂੰ ਅਲਰਟ 'ਤੇ ਰੱਖਿਆ ਗਿਆ ਹੈ।

# ਭਾਰਤ ਦੀ ਵਿਕਾਸ ਦਰ 6.6 ਫ਼ੀਸਦ ਰਹਿਣ ਦਾ ਅੰਦਾਜ਼ਾ




ਸੰਯੁਕਤ ਰਾਸ਼ਟਰ: ਮਜ਼ਬੂਤ ਖਪਤ ਅਤੇ ਨਿਵੇਸ਼ ਦੇ ਆਧਾਰ 'ਤੇ ਭਾਰਤ ਦੀ ਵਿਕਾਸ ਦਰ 2025 'ਚ 6.6 ਫ਼ੀਸਦ ਰਹਿਣ ਦਾ ਅੰਦਾਜ਼ਾ ਲਾਇਆ ਗਿਆ ਹੈ। ਸੰਯੁਕਤ ਰਾਸ਼ਟਰ ਵੱਲੋਂ ਬੁੱਧਵਾਰ ਨੂੰ ਜਾਰੀ ਕੀਤੀ ਗਈ ਰਿਪੋਰਟ 'ਚ ਇਹ ਦਾਅਵਾ ਕੀਤਾ ਗਿਆ ਹੈ। ਰਿਪੋਰਟ 'ਚ ਕਿਹਾ ਗਿਆ ਹੈ ਕਿ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਪੂੰਜੀਗਤ ਖ਼ਰਚੇ ਦਾ ਆਉਂਦੇ ਸਾਲਾਂ 'ਚ ਕਈ ਗੁਣਾ ਅਸਰ ਪੈਣ ਦੀ ਉਮੀਦ ਹੈ। 'ਯੂਐੱਨ ਆਲਮੀ ਆਰਥਿਕ ਹਾਲਾਤ ਅਤੇ ਸੰਭਾਵਨਾਵਾਂ 2025' ਰਿਪੋਰਟ 'ਚ ਦੱਖਣੀ ਏਸ਼ੀਆ 'ਚ ਵਿਕਾਸ ਦਰ 5.7 ਫ਼ੀਸਦ ਰਹਿਣ ਦਾ ਅੰਦਾਜ਼ਾ ਲਾਇਆ ਗਿਆ ਹੈ ਅਤੇ 2026 'ਚ ਇਸ ਦੇ 6 ਫ਼ੀਸਦੀ ਰਹਿਣ ਦੀ ਸੰਭਾਵਨਾ ਜਤਾਈ ਗਈ ਹੈ। ਰਿਪੋਰਟ ਮੁਤਾਬਕ ਭਾਰਤ ਦੀ ਵਧੀਆ ਕਾਰਗੁਜ਼ਾਰੀ ਅਤੇ ਭੂਟਾਨ, ਨੇਪਾਲ ਤੇ ਸ੍ਰੀਲੰਕਾ ਸਮੇਤ ਕੁਝ ਹੋਰ ਅਰਥਚਾਰਿਆਂ 'ਚ ਸੁਧਾਰ ਕਾਰਨ ਵਿਕਾਸ ਦਰ ਵਧਣ ਦੀ ਆਸ ਜਤਾਈ ਗਈ ਹੈ। ਸਾਲ 2024 'ਚ ਭਾਰਤ ਦੀ ਵਿਕਾਸ ਦਰ 6.8 ਫ਼ੀਸਦ ਰਹੀ ਅਤੇ ਮੌਜੂਦਾ ਵਰ੍ਹੇ ਇਹ 6.6 ਫ਼ੀਸਦ ਰਹਿਣ ਦੀ ਸੰਭਾਵਨਾ ਜਤਾਈ ਗਈ ਹੈ। ਸਾਲ 2026 'ਚ ਭਾਰਤੀ ਅਰਥਚਾਰਾ ਮੁੜ ਲੀਹਾਂ 'ਤੇ ਹੋਵੇਗਾ ਅਤੇ ਵਿਕਾਸ ਦਰ 6.8 ਫ਼ੀਸਦ ਰਹਿ ਸਕਦੀ ਹੈ।

# ਰੁਪੱਈਆ ਰਿਕਾਰਡ 86 ਰੁਪਏ ਪ੍ਰਤੀ ਡਾਲਰ 'ਤੇ

ਮੁੰਬਈ: ਅਮਰੀਕੀ ਮੁਦਰਾ ਡਾਲਰ ਦੇ ਮੁਕਾਬਲੇ ਭਾਰਤੀ ਰੁਪੱਈਆ 14 ਪੈਸੇ ਟੁੱਟ ਕੇ ਪਹਿਲੀ ਵਾਰ 86.04 ਰੁਪਏ ਪ੍ਰਤੀ ਡਾਲਰ 'ਤੇ ਪਹੁੰਚ ਗਿਆ ਹੈ। ਅਮਰੀਕੀ ਡਾਲਰ ਦੇ ਮਜ਼ਬੂਤ ਰੁਖ਼ ਤੇ ਵਿਦੇਸ਼ੀ ਨਿਵੇਸ਼ਕਾਂ ਦੀ ਭਾਰੀ ਪੂੰਜੀ ਨਿਕਾਸੀ ਕਾਰਨ ਸਥਾਨਕ ਮੁਦਰਾ ਲਗਾਤਾਰ ਦਬਾਅ ਹੇਠ ਹੈ। ਮੁਦਰਾ ਕਾਰੋਬਾਰੀਆਂ ਨੇ ਕਿਹਾ ਕਿ ਵਿਦੇਸ਼ਾਂ 'ਚ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਤੇ ਘਰੇਲੂ ਸ਼ੇਅਰ ਬਾਜ਼ਾਰਾਂ 'ਚ ਨਕਾਰਾਤਮਕ ਧਾਰਨਾ ਕਾਰਨ ਵੀ ਭਾਰਤੀ ਮੁਦਰਾ 'ਤੇ ਦਬਾਅ ਪਿਆ ਹੈ। ਕਾਰੋਬਾਰ ਦੌਰਾਨ ਇੱਕ ਵਾਰ ਰੁਪੱਈਆ 85.85 ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚਿਆ।



## ਸਕੂਲਾਂ ਨੂੰ ਬੰਬ ਦੀ ਧਮਕੀ ਦੇਣ ਦੇ ਦੋਸ਼ ਹੇਠ 12ਵੀਂ ਦਾ ਵਿਦਿਆਰਥੀ ਹਿਰਾਸਤ 'ਚ

ਨਵੀਂ ਦਿੱਲੀ: ਦਿੱਲੀ ਪੁਲੀਸ ਨੇ ਕੌਮੀ ਰਾਜਧਾਨੀ ਦੇ ਸਕੂਲਾਂ ਨੂੰ ਬੰਬ ਦੀ ਧਮਕੀ ਦੇਣ ਦੇ ਦੋਸ਼ ਹੇਠ 12ਵੀਂ ਜਮਾਤ ਦੇ ਵਿਦਿਆਰਥੀ ਨੂੰ ਹਿਰਾਸਤ 'ਚ ਲਿਆ ਹੈ। ਸੂਤਰਾਂ ਨੇ ਦੱਸਿਆ ਕਿ ਹਿਰਾਸਤ 'ਚ ਲਏ ਵਿਦਿਆਰਥੀ ਨੇ ਪਿਛਲੇ ਕੁਝ ਹਫ਼ਤੇ 'ਚ ਕੌਮੀ ਰਾਜਧਾਨੀ ਦੇ 23 ਤੋਂ ਵੱਧ ਸਕੂਲਾਂ ਨੂੰ ਬੰਬ ਦੀ ਧਮਕੀ ਦਿੱਤੀ ਸੀ ਕਿਉਂਕਿ ਉਹ ਆਪਣੀ ਪ੍ਰੀਖਿਆ ਨਹੀਂ ਦੇਣਾ ਚਾਹੁੰਦਾ ਸੀ। ਬੀਤੇ ਦਿਨ ਕਰੀਬ 10 ਵਿੱਦਿਅਕ ਸੰਸਥਾਵਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ।

ਸੂਤਰਾਂ ਨੇ ਦੱਸਿਆ ਕਿ ਦੱਖਣੀ ਜ਼ਿਲ੍ਹਾ ਪੁਲੀਸ ਨੇ 12ਵੀਂ ਜਮਾਤ ਦੇ ਨਾਬਾਲਗ ਵਿਦਿਆਰਥੀ ਨੂੰ ਫੜਿਆ ਹੈ। ਇਸ ਤੋਂ ਪਹਿਲੇ ਦਿਨ ਅਧਿਕਾਰੀਆਂ ਨੇ ਕਿਹਾ ਸੀ ਕਿ ਪੁਲੀਸ ਵਿਸਥਾਰਤ ਜਾਣਕਾਰੀ ਸਾਂਝੀ ਕਰਨ ਲਈ ਆਪਣੇ ਹੈੱਡਕੁਆਰਟਰ 'ਚ ਇੱਕ ਪੱਤਰਕਾਰ ਸੰਮੇਲਨ ਕਰੇਗੀ ਪਰ ਬਾਅਦ ਵਿੱਚ ਇਹ ਰੱਦ ਕਰ ਦਿੱਤਾ ਗਿਆ। ਸੂਤਰਾਂ ਨੇ ਦੱਸਿਆ ਕਿ ਮੁਲਜ਼ਮ ਨੇ 23 ਵੱਖ ਵੱਖ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਸੀ।

## ਜੰਮੂ ਕਸ਼ਮੀਰ ਦੇ ਗੰਦਰਬਲ 'ਚ ਜ਼ੈੱਡ-ਮੋੜ ਸੁਰੰਗ ਦੁਆਲੇ ਸੁਰੱਖਿਆ ਵਧਾਈ





ਸ੍ਰੀਨਗਰ: ਜੰਮੂ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਵਿਚ ਜ਼ੈੱਡ- ਮੋੜ ਸੁਰੰਗ ਦੁਆਲੇ ਸੁਰੱਖਿਆ ਵਧਾ ਦਿੱਤੀ ਗਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 13 ਜਨਵਰੀ ਨੂੰ ਸੁਰੰਗ ਦਾ ਉਦਘਾਟਨ ਕੀਤਾ ਜਾਣਾ ਹੈ। ਅਧਿਕਾਰੀਆਂ ਨੇ ਕਿਹਾ ਕਿ ਕੇਂਦਰੀ ਕਸ਼ਮੀਰ ਜ਼ਿਲ੍ਹੇ ਦੇ ਸੋਨਮਰਗ ਇਲਾਕੇ ਦੇ ਗਗਨਗਿਰ ਵਿਚ ਸੁਰੰਗ ਦੇ ਉਦਘਾਟਨ ਮਗਰੋਂ ਪ੍ਰਧਾਨ ਮੰਤਰੀ ਜਨਤਕ ਰੈਲੀ ਨੂੰ ਵੀ ਸੰਬੋਧਨ ਕਰਨਗੇ। ਇਸ ਦੌਰਾਨ ਸ੍ਰੀਨਗਰ ਸਣੇ ਵਾਦੀ ਦੇ ਹੋਰਨਾਂ ਇਲਾਕਿਆਂ ਵਿਚ ਵੀ ਸੁਰੱਖਿਆ ਪ੍ਰਬੰਧ ਮਜ਼ਬੂਤ ਕਰ ਦਿੱਤੇ ਗਏ ਹਨ। ਅਥਾਰਿਟੀਜ਼ ਨੇ ਖ਼ਰਾਬ ਮੌਸਮ ਦੇ ਚਲਦਿਆਂ ਸ੍ਰੀਨਗਰ-ਲੇਹ ਕੌਮੀ ਸ਼ਾਹਰਾਹ ਸ਼ਨਿੱਚਰਵਾਰ ਤੋਂ ਸੋਮਵਾਰ ਲਈ ਬੰਦ ਕਰ ਦਿੱਤਾ ਹੈ। ਜ਼ੈੱਡ-ਮੋੜ ਸੁਰੰਗ ਨੇੜੇ ਸੁਰੱਖਿਆ ਵਧਾ ਦਿੱਤਾ ਗਈ ਹੈ। ਬਹੁਪਰਤੀ ਸੁਰੱਖਿਆ ਦਾ ਪ੍ਰਬੰਧ ਕੀਤਾ ਗਿਆ ਹੈ। ਪੀ.ਐੱਮ. ਦੀ ਸਕਿਓਰਿਟੀ ਟੀਮ, ਜਿਸ ਵਿਚ ਸਪੈਸ਼ਨ ਪ੍ਰੋਟੈਕਸ਼ਨ ਗਰੁੱਪ (ਐੱਸ.ਪੀ.ਜੀ.) ਦਾ ਅਮਲਾ ਸ਼ਾਮਲ ਹੈ, ਨੇ ਸੁਰੰਗ ਵਾਲੇ ਵੈਨਿਊ ਨੂੰ ਆਪਣੇ ਅਧੀਨ ਲੈ ਲਿਆ ਹੈ।" ਸੋਮਵਾਰ ਦੇ ਉਦਘਾਟਨੀ ਪ੍ਰੋਗਰਾਮ ਲਈ ਜੰਮੂ ਕਸ਼ਮੀਰ ਪੁਲੀਸ, ਨੀਮ ਫੌਜੀ ਬਲਾਂ ਤੇ ਫੌਜ ਨੂੰ ਵੀ ਸੁਰੱਖਿਆ ਪ੍ਰਬੰਧਾਂ 'ਚ ਸ਼ਾਮਲ ਕੀਤਾ ਗਿਆ ਹੈ। ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਤੇ ਗਸ਼ਤ ਕੀਤੀ ਜਾ ਰਹੀ ਹੈ। ਪਿਛਲੇ ਸਾਲ 20 ਅਕਤੂਬਰ ਨੂੰ ਗਗਨਗਿਰ ਇਲਾਕੇ ਵਿਚ ਸੁਰੰਗ ਵਾਲੀ ਸਾਈਟ 'ਤੇ ਹੋਏ ਦਹਿਸ਼ਤੀ ਹਮਲੇ ਵਿਚ ਸਥਾਨਕ ਡਾਕਟਰ ਸਣੇ ਸੱਤ ਵਿਅਕਤੀਆਂ ਦੀ ਜਾਨ ਜਾਂਦੀ ਰਹੀ ਸੀ।

## ਉਮਰਾਂਗਸੋ ਕੋਲਾ ਖਾਣ 'ਚੋਂ ਤਿੰਨ ਹੋਰ ਮਜ਼ਦੂਰਾਂ ਦੀਆਂ ਲਾਸ਼ਾਂ ਕੱਢੀਆਂ



ਅਸਾਮ: ਅਸਾਮ ਦੇ ਡੀਮਾ ਹਸਾਓ ਜ਼ਿਲ੍ਹੇ ਵਿਚ ਉਮਰਾਂਗਸੋ ਇਲਾਕੇ ਦੀ ਕੋਲਾ ਖਾਣ ਵਿਚੋਂ ਅੱਜ ਤਿੰਨ ਹੋਰ ਲਾਸ਼ਾਂ ਮਿਲਣ ਨਾਲ ਮੌਤਾਂ ਦੀ ਗਿਣਤੀ ਚਾਰ ਹੋ ਗਈ ਹੈ। ਰਾਹਤ ਤੇ ਬਚਾਅ ਕਾਰਜਾਂ ਵਿਚ ਲੱਗੀ ਭਾਰਤੀ ਜਲਸੈਨਾ ਤੇ ਕੌਮੀ ਆਫ਼ਤ ਰਿਸਪੌਂਸ ਫੋਰਸ ਦੀ ਸ਼ਮੂਲੀਅਤ ਵਾਲੀ ਸਾਂਝੀ ਟੀਮ ਦੀਆਂ ਕੋਸ਼ਿਸ਼ਾਂ ਮਗਰੋਂ ਅੱਜ ਖਾਣ ਵਿਚੋਂ ਦੋ ਹੋਰ ਲਾਸ਼ਾਂ ਕੱਢੀਆਂ ਗਈਆਂ ਹਨ। ਪੰਪਾਂ ਨਾਲ ਖਾਣ 'ਚੋਂ ਪਾਣੀ ਕੱਢਣ ਦਾ ਕੰਮ ਲਗਾਤਾਰ ਜਾਰੀ ਹੈ ਤੇ ਪਾਣੀ ਦਾ ਪੱਧਰ ਛੇ ਮੀਟਰ ਤੱਕ ਘਟਿਆ ਹੈ। NDRF ਦੀ ਪਹਿਲੀ ਬਟਾਲੀਅਨ ਦੇ ਕਮਾਂਡੈਂਟ HPS ਕੰਡਾਰੀ ਨੇ ਕਿਹਾ, "ਜੇ ਖਾਣ ਵਿਚ ਭਰਿਆ ਸਾਰਾ ਪਾਣੀ ਨਿਕਲ ਜਾਵੇ ਤਾਂ ਅਸੀਂ ਆਸਾਨੀ ਨਾਲ ਅੰਦਰ ਜਾ ਕੇ ਸਰਚ ਅਪਰੇਸ਼ਨ ਚਲਾ ਸਕਦੇ ਹਾਂ। ਹੁਣ ਤੱਕ ਚਾਰ ਲਾਸ਼ਾਂ ਬਰਾਮਦ ਹੋਈਆਂ ਹਨ।" ਇਸ ਦੌਰਾਨ ਇਕ ਅਧਿਕਾਰੀ ਨੇ ਕਿਹਾ ਕਿ ਕੋਲ ਇੰਡੀਆ ਵੱਲੋਂ ਰਾਹਤ ਕਾਰਜਾਂ ਵਿਚ ਮਦਦ ਲਈ ਪੰਪ ਲਗਾਇਆ ਜਾਵੇਗਾ। ਕੋਲ ਇੰਡੀਆ ਕੋਲਕਾਤਾ ਦੇ ਜਨਰਲ ਮੈਨੇਜਰ ਸੰਜੈ ਕੁਮਾਰ ਨੇ ਇਸ ਖ਼ਬਰ ਏਜੰਸੀ ਨਾਲ ਗੱਲਬਾਤ ਕਰਦਿਆਂ ਕਿਹਾ, "ਅਸੀਂ ਨਾਗਪੁਰ ਤੋਂ ਨਵਾਂ ਪੰਪ ਲਿਆਂਦਾ ਹੈ। ਲੰਘੇ ਦਿਨ ਅਸੀਂ ਇਸ ਪੰਪ ਨੂੰ ਟੈਸਟ ਕੀਤਾ ਸੀ। ਇਲੈਕਟ੍ਰੀਕਲ ਪਾਵਰ ਜਨਰੇਟਰ ਤਿਆਰ ਹੈ। ਇਸ ਦੌਰਾਨ ਛੋਟੇ ਪੰਪ ਵੀ ਕੰਮ ਵਿਚ ਲੱਗੇ ਹਨ। ਪਾਣੀ ਹੌਲੀ ਹੌਲੀ ਘਟਣ ਲੱਗਾ ਹੈ। ਅੱਜ ਅਸੀਂ ਪਲੈਟਫਾਰਮ ਬਣਾਵਾਂਗੇ ਤੇ ਉਸ ਮਗਰੋਂ ਅਸੀਂ ਹੇਠਾਂ ਪਾਈਪ ਲਿਜਾਵਾਂਗੇ।" ਉਧਰ NDRF ਦੀ ਪਹਿਲੀ ਬਟਾਲੀਅਨ ਦੇ ਇੰਸਪੈਕਟਰ ਰੌਸ਼ਨ ਕੁਮਾਰ ਸਿੰਘ ਨੇ ਕਿਹਾ ਕਿ ਉਹ ਖਾਣ ਵਿਚ ਪਾਣੀ ਦਾ ਲੈਵਲ ਚੈੱਕ ਕਰ ਰਹੇ ਸਨ ਜਦੋਂ ਉਨ੍ਹਾਂ ਨੂੰ ਪਾਣੀ ਵਿਚ ਤੈਰਦੀ ਲਾਸ਼ ਮਿਲੀ। ਪਾਣੀ ਦਾ ਪੱਧਰ ਛੇ ਮੀਟਰ ਤੱਕ ਘਟਿਆ ਹੈ। ਪੰਜ ਪੰਪ ਦਿਨ ਰਾਤ ਕੰਮ ਕਰ ਰਹੇ ਹਨ।

# ਨਿੱਝਰ ਕਤਲ ਕੇਸ ਵਿੱਚ ਚਾਰ ਭਾਰਤੀਆਂ ਨੂੰ ਮਿਲੀ ਜ਼ਮਾਨਤ



ਵੈਨਕੂਵਰ: ਸਰੀ ਗੁਰਦੁਆਰਾ ਦੇ ਤਤਕਾਲੀ ਪ੍ਰਧਾਨ ਹਰਦੀਪ ਸਿੰਘ ਨਿੱਝਰ, ਜਿਸ ਨੂੰ ਭਾਰਤ ਨੇ ਅਤਿਵਾਦੀ ਐਲਾਨਿਆ ਹੋਇਆ ਹੈ, ਦੀ ਹੱਤਿਆ ਕੇਸ ਨਾਲ ਸਬੰਧਤ ਚਾਰ ਮੁਲਜ਼ਮਾਂ ਨੂੰ ਕੈਨੇਡਾ ਦੇ ਸੁਪਰੀਮ ਕੋਰਟ ਨੇ ਜ਼ਮਾਨਤ ਦੇ ਦਿੱਤੀ ਹੈ। ਅਦਾਲਤ ਨੇ ਉਨ੍ਹਾਂ ਦੀ ਰਿਹਾਈ ਦਾ ਹੁਕਮ ਵੀ ਜਾਰੀ ਕਰ ਦਿੱਤਾ ਹੈ। ਮੀਡੀਆ ਰਿਪੋਰਟ ਮੁਤਾਬਕ ਕੈਨੇਡਾ ਦੀ ਸੁਪਰੀਮ ਕੋਰਟ ਨੇ ਅੱਜ ਹਰਦੀਪ ਸਿੰਘ ਨਿੱਝਰ ਦੇ ਕਤਲ ਕੇਸ ਵਿੱਚ ਕੈਨੇਡਾ 'ਚ ਗ੍ਰਿਫ਼ਤਾਰ ਚਾਰ ਭਾਰਤੀਆਂ ਨੂੰ ਜ਼ਮਾਨਤ ਦੇ ਦਿੱਤੀ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ 11 ਫਰਵਰੀ ਨੂੰ ਬ੍ਰਿਟਿਸ਼ ਕੋਲੰਬੀਆ ਸੁਪਰੀਮ ਕੋਰਟ ਵਿੱਚ ਹੋਵੇਗੀ। ਗ਼ੌਰਤਲਬ ਹੈ ਕਿ ਹਰਦੀਪ ਸਿੰਘ ਨਿੱਝਰ ਨੂੰ ਭਾਰਤ ਨੇ ਦਹਿਸ਼ਤਗਰਦ ਐਲਾਨਿਆ ਹੋਇਆ ਸੀ। ਪ੍ਰਾਪਤ ਵੇਰਵਿਆਂ ਅਨੁਸਾਰ ਹੇਠਲੀ ਅਦਾਲਤ ਵਿੱਚ ਕਾਰਵਾਈ 'ਤੇ ਰੋਕ ਲੱਗਣ ਤੋਂ ਬਾਅਦ ਸਬੂਤਾਂ ਦੀ ਘਾਟ ਕਾਰਨ ਸੁਪਰੀਮ ਕੋਰਟ ਨੇ ਰਿਹਾਈ ਦਾ ਹੁਕਮ ਜਾਰੀ ਕੀਤਾ ਹੈ। ਸੂਤਰਾਂ ਮੁਤਾਬਕ ਕੈਨੇਡਿਆਈ ਪੁਲੀਸ ਮੁਲਜ਼ਮਾਂ ਵਿਰੁੱਧ ਠੋਸ ਸਬੂਤ ਪੇਸ਼ ਨਹੀਂ ਕਰ ਸਕੀ। ਇਸ ਸਬੰਧ ਵਿੱਚ ਫੜੇ ਗਏ ਚਾਰ ਭਾਰਤੀਆਂ ਦੀ ਪਛਾਣ ਕਰਨ ਬਰਾੜ (22), ਅਮਨਦੀਪ ਸਿੰਘ (22), ਕਮਲਪ੍ਰੀਤ ਸਿੰਘ (22) ਅਤੇ ਕਰਨਪ੍ਰੀਤ ਸਿੰਘ (28) ਵਜੋਂ ਹੋਈ ਹੈ। ਇਨ੍ਹਾਂ ਨੂੰ ਨਵੰਬਰ 2024 'ਚ ਚਾਰਜਸ਼ੀਟ ਕੀਤਾ ਗਿਆ ਸੀ। ਉਨ੍ਹਾਂ ਕੈਨੇਡੀਅਨ ਸੁਪਰੀਮ ਕੋਰਟ ਵਿੱਚ ਜ਼ਮਾਨਤ ਲਈ ਅਪੀਲ ਦਾਇਰ ਕੀਤੀ ਸੀ, ਜਿਸ ਨੂੰ ਅਦਾਲਤ ਵੱਲੋਂ ਮਨਜ਼ੂਰ ਕਰ ਲਿਆ ਗਿਆ ਹੈ।ਅਦਾਲਤੀ ਦਸਤਾਵੇਜ਼ਾਂ ਅਨੁਸਾਰ ਤਿੰਨ ਮੁਲਜ਼ਮ ਵੀਡੀਓ ਕਾਨਫਰੰਸਿੰਗ ਰਾਹੀਂ ਸੁਣਵਾਈ ਲਈ ਪੇਸ਼ ਹੋਏ ਸਨ, ਜਦਕਿ ਇੱਕ ਆਪਣੇ ਵਕੀਲ ਰਾਹੀਂ ਪੇਸ਼ ਹੋਇਆ ਸੀ। ਇਸ ਮਾਮਲੇ 'ਤੇ ਟਿੱਪਣੀ ਕਰਦਿਆਂ ਬ੍ਰਿਟਿਸ਼ ਕੋਲੰਬੀਆ ਪ੍ਰੋਸੀਕਿਊਸ਼ਨ ਸਰਵਿਸ ਦੇ ਅਧਿਕਾਰੀ ਨੇ ਕਿਹਾ, 'ਕੁਝ ਪ੍ਰੀ-ਟਰਾਇਲ ਪੱਖ ਅਸਲ ਮੁਕੱਦਮੇ ਤੋਂ ਪਹਿਲਾਂ ਰੱਖੇ ਜਾਣਗੇ, ਪਰ ਅਸੀਂ ਪ੍ਰੀ-ਟਰਾਇਲ ਪੀਰੀਅਡ ਦੀ ਮਿਆਦ ਬਾਰੇ ਅਜੇ ਕੋਈ ਅੰਦਾਜ਼ਾ ਲਗਾ ਦੇ ਸਕਦੇ। ਬ੍ਰਿਟਿਸ਼ ਕੋਲੰਬੀਆ ਦੇ ਨਿਆਂ ਵਿਭਾਗ ਦੇ ਦਸਤਾਵੇਜ਼ਾਂ ਅਨੁਸਾਰ ਚਾਰੇ ਮੁਲਜ਼ਮ ਹੁਣ ਹਿਰਾਸਤ ਵਿੱਚ ਨਹੀਂ ਹਨ ਅਤੇ ਦਸਤਾਵੇਜ਼ਾਂ ਵਿੱਚ ਚਾਰਾਂ ਦੇ ਨਾਂ ਅੱਗੇ 'ਐੱਨ' ਲਿਖਿਆ ਹੋਇਆ ਹੈ। ਨਿੱਝਰ ਦਾ 18 ਜੂਨ, 2023 ਨੂੰ ਕੈਨੇਡਾ ਦੇ ਸੂਬੇ ਬ੍ਰਿਟਿਸ਼ ਕੋਲੰਬੀਆ ਦੇ ਸ਼ਹਿਰ ਸਰੀ ਵਿਚ ਗੁਰਦੁਆਰੇ ਦੇ ਬਾਹਰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਮਾਮਲੇ ਵਿਚ ਰੌਇਲ ਕੈਨੇਡੀਅਨ ਮਾਊਂਟਿਡ ਪੁਲੀਸ ਨੇ ਕਰਨਪ੍ਰੀਤ, ਕਮਲਪ੍ਰੀਤ ਅਤੇ ਕਰਨ ਬਰਾੜ ਨੂੰ ਮਈ 2024 ਵਿਚ ਗ੍ਰਿਫ਼ਤਾਰ ਕੀਤਾ।

# ਧੁੰਦ ਕਾਰਨ ਹਾਦਸੇ ਵਿੱਚ ਤਿੰਨ ਨੌਜਵਾਨਾਂ ਦੀ ਮੌਤ



ਪਟਿਆਲਾ: ਸੰਘਣੀ ਧੁੰਦ ਕਾਰਨ ਲੰਘੀ ਰਾਤ ਥਾਣਾ ਭਾਦਸੋਂ ਅਧੀਨ ਪਿੰਡ ਦਿੱਤੂਪੁਰ ਵਿੱਚ ਕਾਰ ਟੋਭੇ 'ਚ ਡਿੱਗਣ ਕਾਰਨ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਤੇ ਇਹ ਤਿੰਨੋਂ ਨੌਜਵਾਨ ਆਪੋ-ਆਪਣੇ ਮਾਪਿਆਂ ਦੇ ਇਕਲੌਤੇ ਪੁੱਤਰ ਸਨ। ਇਸ ਦੌਰਾਨ ਨਾ ਸਿਰਫ਼ ਪਿੰਡ ਦਿੱਤੂਪੁਰ, ਬਲਕਿ ਸਮੁੱਚੇ ਭਾਦਸੋਂ ਇਲਾਕੇ 'ਚ ਸੋਗ ਦੀ ਲਹਿਰ ਫੈਲ ਗਈ। ਮ੍ਰਿਤਕਾਂ ਵਿੱਚੋਂ 30 ਸਾਲਾ ਹਰਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਭਾਰਤੀ ਜਲ ਸੈਨਾ ਵਿੱਚ ਨੌਕਰੀ ਕਰਦਾ ਸੀ। ਦੂਜਾ ਨੌਜਵਾਨ 26 ਸਾਲਾ ਇੰਦਰਜੋਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵੇਰਕਾ ਮਿਲਕ ਪਲਾਂਟ ਦਾ ਮੁਲਾਜ਼ਮ ਸੀ, ਜਦਕਿ ਤੀਜਾ ਨੌਜਵਾਨ 18 ਸਾਲਾ ਕਮਲਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਬਾਰ੍ਹਵੀਂ ਦਾ ਵਿਦਿਆਰਥੀ ਸੀ। ਲੰਘੀ ਰਾਤ ਜਦੋਂ ਪਿੰਡ ਦੇ ਪੰਜ ਨੌਜਵਾਨ ਜ਼ੈੱਨ ਕਾਰ ਪੀਬੀ10ਬੀਯੂ-0981 ਵਿੱਚ ਪਿੰਡ ਵਿੱਚੋਂ ਕਿਧਰੇ ਜਾ ਰਹੇ ਸਨ। ਇਸ ਦੌਰਾਨ ਹਨੇਰੇ ਅਤੇ ਧੁੰਦ ਕਾਰਨ ਰਸਤਾ ਨਾ ਦਿਖਣ ਕਰ ਕੇ ਇਨ੍ਹਾਂ ਵਿੱਚੋਂ ਇੱਕ ਨੌਜਵਾਨ ਕਾਰ ਤੋਂ ਹੇਠਾਂ ਉਤਰ ਕੇ ਮੋਬਾਈਲ ਫੋਨ ਦੀ ਬੈਟਰੀ ਨਾਲ ਚਾਨਣ ਕਰ ਕੇ ਰਸਤਾ ਦਿਖਾਉਣ ਲੱਗਾ ਪਰ ਕਾਰ ਚਾਲਕ ਨੌਜਵਾਨ ਨੂੰ ਰਸਤੇ ਦਾ ਪਤਾ ਨਾ ਲੱਗਣ ਕਾਰਨ ਕਾਰ ਪਿੰਡ ਦਿੱਤੂਪੁਰ ਦੇ ਟੋਭੇ ਵਿੱਚ ਜਾ ਡਿੱਗੀ। ਇਸ ਦੌਰਾਨ ਕਾਰ ਸਣੇ ਟੋਭੇ ਵਿੱਚ ਡਿੱਗੇ ਚਾਰ ਵਿੱਚੋਂ ਇੱਕ ਨੌਜਵਾਨ ਨੂੰ ਤਾਂ ਬਾਹਰ ਕੱਢ ਲਿਆ ਗਿਆ ਪਰ ਬਾਕੀ ਤਿੰਨ ਨੌਜਵਾਨਾਂ ਦੀ ਡੁੱਬਣ ਕਾਰਨ ਮੌਤ ਹੋ ਗਈ। ਤਿੰਨੋਂ ਦੀਆਂ ਲਾਸ਼ਾਂ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਵਿੱਚ ਰਖਵਾਈਆਂ ਗਈਆਂ ਹਨ।

# ਲੁਧਿਆਣਾ ਵਿੱਚ ਬਣੇਗਾ 'ਆਮ ਆਦਮੀ ਪਾਰਟੀ' ਦਾ ਮੇਅਰ

ਲੁਧਿਆਣਾ: ਲੁਧਿਆਣਾ ਵਿੱਚ ਮੇਅਰ ਬਣਾਉਣ ਦਾ 'ਆਪ' ਦਾ ਸੁਫ਼ਨਾਂ ਹੁਣ ਪੂਰਾ ਹੁੰਦਾ ਨਜ਼ਰ ਆ ਰਿਹਾ ਹੈ। ਵੀਰਵਾਰ ਦੇਰ ਰਾਤ 'ਆਪ' ਨੇ ਕਾਂਗਰਸ ਦੇ ਦੋ ਕੌਂਸਲਰ, ਭਾਜਪਾ ਦੀ ਮਹਿਲਾ ਕੌਂਸਲਰ ਤੇ ਆਜ਼ਾਦ ਉਮੀਦਵਾਰ ਵੱਜੋਂ ਚੋਣ ਜਿੱਤਣ ਵਾਲੇ ਕੌਂਸਲਰ ਨੂੰ ਪਾਰਟੀ ਵਿੱਚ ਸ਼ਾਮਲ ਕਰ ਲਿਆ ਹੈ। ਇਸ ਤਰ੍ਹਾਂ ਹੁਣ 'ਆਪ' ਕੋਲ 47 ਕੌਂਸਲਰ ਹਨ ਅਤੇ ਸ਼ਹਿਰ ਦੇ 6 ਵਿਧਾਇਕਾਂ ਨਾਲ ਇਹ ਗਿਣਤੀ 54 'ਤੇ ਪੁੱਜ ਗਈ ਹੈ। ਚਰਚਾ ਹੈ ਕਿ 'ਆਪ' 14 ਜਨਵਰੀ ਨੂੰ ਸੰਗਰਾਦ ਵਾਲੇ ਦਿਨ ਲੁਧਿਆਣਾ ਸ਼ਹਿਰ ਨੂੰ ਨਵਾਂ ਮੇਅਰ ਦੇ ਸਕਦੀ ਹੈ। 'ਆਪ' ਦੇ ਮੇਅਰ ਬਣਨ ਦਾ ਰਸਤਾ ਸਾਫ਼ ਹੋ ਗਿਆ ਹੈ। ਚਾਰ ਕੌਂਸਲਰਾਂ ਨੂੰ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪਾਰਟੀ ਵਿੱਚ ਸ਼ਾਮਲ ਕੀਤਾ। ਦੋ ਕੌਂਸਲਰ ਹਲਕਾ ਆਤਮਾ ਨਗਰ ਤੋਂ ਹਨ, ਇੱਕ ਹਲਕਾ ਸਾਹਨੇਵਾਲ ਤੇ ਇੱਕ ਹਲਕਾ ਉੱਤਰੀ ਤੋਂ ਹੈ। ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਤੇ ਮਾਰਕਫੈੱਡ ਦੇ ਚੇਅਰਮੈਨ ਅਮਨਦੀਪ ਸਿੰਘ ਮੋਹੀ ਨੇ ਦੱਸਿਆ ਕਿ ਇਨ੍ਹਾਂ ਕੌਂਸਲਰਾਂ ਦੀ ਸ਼ਮੂਲੀਅਤ ਲੁਧਿਆਣਾ ਵਿੱਚ ਹੋਈ ਹੈ। ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਕੋਲ ਹੁਣ ਬਹੁਮਤ ਹੈ। ਇਸ ਲਈ ਆਮ ਆਦਮੀ ਪਾਰਟੀ ਆਪਣਾ ਮੇਅਰ ਬਣਾਏਗੀ।

# ਜੰਮੂ ਕਸ਼ਮੀਰ ਦੇ ਗੰਦਰਬਲ 'ਚ ਜ਼ੈੱਡ-ਮੋੜ ਸੁਰੰਗ ਦੁਆਲੇ ਸੁਰੱਖਿਆ ਵਧਾਈ




ਸ੍ਰੀਨਗਰ: ਜੰਮੂ ਕਸ਼ਮੀਰ ਦੇ ਗੰਦਰਬਲ ਜ਼ਿਲ੍ਹੇ ਵਿਚ ਜ਼ੈੱਡ- ਮੋੜ ਸੁਰੰਗ ਦੁਆਲੇ ਸੁਰੱਖਿਆ ਵਧਾ ਦਿੱਤੀ ਗਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 13 ਜਨਵਰੀ ਨੂੰ ਸੁਰੰਗ ਦਾ ਉਦਘਾਟਨ ਕੀਤਾ ਜਾਣਾ ਹੈ। ਅਧਿਕਾਰੀਆਂ ਨੇ ਕਿਹਾ ਕਿ ਕੇਂਦਰੀ ਕਸ਼ਮੀਰ ਜ਼ਿਲ੍ਹੇ ਦੇ ਸੋਨਮਰਗ ਇਲਾਕੇ ਦੇ ਗਗਨਗਿਰ ਵਿਚ ਸੁਰੰਗ ਦੇ ਉਦਘਾਟਨ ਮਗਰੋਂ ਪ੍ਰਧਾਨ ਮੰਤਰੀ ਜਨਤਕ ਰੈਲੀ ਨੂੰ ਵੀ ਸੰਬੋਧਨ ਕਰਨਗੇ। ਇਸ ਦੌਰਾਨ ਸ੍ਰੀਨਗਰ ਸਣੇ ਵਾਦੀ ਦੇ ਹੋਰਨਾਂ ਇਲਾਕਿਆਂ ਵਿਚ ਵੀ ਸੁਰੱਖਿਆ ਪ੍ਰਬੰਧ ਮਜ਼ਬੂਤ ਕਰ ਦਿੱਤੇ ਗਏ ਹਨ। ਅਥਾਰਿਟੀਜ਼ ਨੇ ਖ਼ਰਾਬ ਮੌਸਮ ਦੇ ਚਲਦਿਆਂ ਸ੍ਰੀਨਗਰ-ਲੇਹ ਕੌਮੀ ਸ਼ਾਹਰਾਹ ਸ਼ਨਿੱਚਰਵਾਰ ਤੋਂ ਸੋਮਵਾਰ ਲਈ ਬੰਦ ਕਰ ਦਿੱਤਾ ਹੈ। ਜ਼ੈੱਡ-ਮੋੜ ਸੁਰੰਗ ਨੇੜੇ ਸੁਰੱਖਿਆ ਵਧਾ ਦਿੱਤਾ ਗਈ ਹੈ। ਬਹੁਪਰਤੀ ਸੁਰੱਖਿਆ ਦਾ ਪ੍ਰਬੰਧ ਕੀਤਾ ਗਿਆ ਹੈ। ਪੀ.ਐੱਮ. ਦੀ ਸਕਿਓਰਿਟੀ ਟੀਮ, ਜਿਸ ਵਿਚ ਸਪੈਸ਼ਨ ਪ੍ਰੋਟੈਕਸ਼ਨ ਗਰੁੱਪ (ਐੱਸ.ਪੀ.ਜੀ.) ਦਾ ਅਮਲਾ ਸ਼ਾਮਲ ਹੈ, ਨੇ ਸੁਰੰਗ ਵਾਲੇ ਵੈਨਿਊ ਨੂੰ ਆਪਣੇ ਅਧੀਨ ਲੈ ਲਿਆ ਹੈ।" ਸੋਮਵਾਰ ਦੇ ਉਦਘਾਟਨੀ ਪ੍ਰੋਗਰਾਮ ਲਈ ਜੰਮੂ ਕਸ਼ਮੀਰ ਪੁਲੀਸ, ਨੀਮ ਫੌਜੀ ਬਲਾਂ ਤੇ ਫੌਜ ਨੂੰ ਵੀ ਸੁਰੱਖਿਆ ਪ੍ਰਬੰਧਾਂ 'ਚ ਸ਼ਾਮਲ ਕੀਤਾ ਗਿਆ ਹੈ। ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਤੇ ਗਸ਼ਤ ਕੀਤੀ ਜਾ ਰਹੀ ਹੈ। ਪਿਛਲੇ ਸਾਲ 20 ਅਕਤੂਬਰ ਨੂੰ ਗਗਨਗਿਰ ਇਲਾਕੇ ਵਿਚ ਸੁਰੰਗ ਵਾਲੀ ਸਾਈਟ 'ਤੇ ਹੋਏ ਦਹਿਸ਼ਤੀ ਹਮਲੇ ਵਿਚ ਸਥਾਨਕ ਡਾਕਟਰ ਸਣੇ ਸੱਤ ਵਿਅਕਤੀਆਂ ਦੀ ਜਾਨ ਜਾਂਦੀ ਰਹੀ ਸੀ।

# ਲੁਧਿਆਣਾ ਤੋਂ 'ਆਪ' ਵਿਧਾਇਕ ਗੁਰਪ੍ਰੀਤ ਗੋਗੀ ਦੀ ਸ਼ੱਕੀ ਹਾਲਾਤ 'ਚ ਮੌਤ



ਲੁਧਿਆਣਾ: ਲੁਧਿਆਣਾ ਪੱਛਮੀ ਤੋਂ ਵਿਧਾਇਕ ਗੁਰਪ੍ਰੀਤ ਗੋਗੀ ਦੀ ਦੇਰ ਰਾਤ ਘਰ ਵਿਚ ਹੀ ਗੋਲੀ ਲੱਗਣ ਕਰਕੇ ਸ਼ੱਕੀ ਹਾਲਾਤ ਵਿਚ ਮੌਤ ਹੋ ਗਈ ਹੈ। ਗੋਗੀ ਦੇ ਸਿਰ ਵਿਚ ਗੋਲੀ ਲੱਗਣ ਦੀਆਂ ਰਿਪੋਰਟਾਂ ਹਨ। ਇਹ ਘਟਨਾ ਰਾਤ 11:30 ਵਜੇ ਦੀ ਦੱਸੀ ਜਾਂਦੀ ਹੈ। ਪੁਲੀਸ ਨੇ ਕਿਹਾ ਕਿ ਪੋਸਟਮਾਰਟਮ ਰਿਪੋਰਟ ਤੋਂ ਪੁਸ਼ਟੀ ਹੋਵੇਗੀ ਕਿ ਬੱਸੀ ਨੇ ਖ਼ੁਦਕੁਸ਼ੀ ਕੀਤੀ ਸੀ ਜਾਂ ਉਨ੍ਹਾਂ ਗਲਤੀ ਨਾਲ ਖ਼ੁਦ ਨੂੰ ਗੋਲੀ ਮਾਰ ਲਈ ਸੀ। ਸੰਯੁਕਤ ਪੁਲੀਸ ਕਮਿਸ਼ਨਰ ਜਸਕਰਨ ਸਿੰਘ ਤੇਜਾ ਨੇ ਲੁਧਿਆਣਾ ਵਿੱਚ ਮੀਡੀਆ ਨੂੰ ਦੱਸਿਆ ਕਿ ਗੁਰਪ੍ਰੀਤ ਗੋਗੀ ਨੂੰ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ (ਡੀ.ਐਮ.ਸੀ.ਐਚ.) ਵਿੱਚ ਮ੍ਰਿਤਕ ਲਿਆਂਦਾ ਗਿਆ ਸੀ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਸਣੇ ਹੋਰਨਾਂ ਸਿਆਸੀ ਆਗੂਆਂ ਨੇ ਆਪ ਵਿਧਾਇਕ ਦੇ ਅਕਾਲ ਚਲਾਣੇ 'ਤੇ ਦੁਖ ਜਤਾਇਆ ਹੈ। ਤੇਜਾ ਨੇ ਕਿਹਾ, "ਪਰਿਵਾਰਕ ਮੈਂਬਰਾਂ ਅਨੁਸਾਰ ਗੋਗੀ ਨੇ ਗਲਤੀ ਨਾਲ ਖੁਦ ਨੂੰ ਗੋਲੀ ਮਾਰ ਲਈ ਅਤੇ ਉਸ ਦੇ ਸਿਰ ਵਿੱਚ ਗੋਲੀ ਲੱਗੀ। ਗੁਰਪ੍ਰੀਤ ਗੋਗੀ ਨੂੰ ਹਸਪਤਾਲ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ। ਲਾਸ਼ ਨੂੰ ਡੀ.ਐਮ.ਸੀ. ਹਸਪਤਾਲ ਦੇ ਮੁਰਦਾਘਰ ਵਿੱਚ ਰੱਖਿਆ ਗਿਆ ਹੈ।" ਇਹ ਘਟਨਾ ਇੱਕ ਜਨਤਕ ਸਮਾਗਮ ਤੋਂ ਵਾਪਸ ਆਉਣ ਤੋਂ ਤੁਰੰਤ ਬਾਅਦ, ਸਵੇਰੇ 12 ਵਜੇ ਦੇ ਕਰੀਬ ਵਾਪਰੀ। ਗੋਗੀ ਦੀ ਪਤਨੀ, ਜੋ ਦੂਜੇ ਕਮਰੇ ਵਿੱਚ ਸੀ, ਨੇ ਗੋਲੀਆਂ ਦੀ ਆਵਾਜ਼ ਸੁਣੀ ਅਤੇ ਉਸ ਨੂੰ ਖ਼ੂਨ ਨਾਲ ਲੱਥਪਥ ਪਿਆ ਦੇਖਿਆ। ਗੋਗੀ ਦੇ ਸੁਰੱਖਿਆ ਗਾਰਡ ਤੁਰੰਤ ਉਸ ਨੂੰ ਹਸਪਤਾਲ ਲੈ ਗਏ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਗੋਗੀ ਦਾ ਬਾਅਦ ਦੁਪਹਿਰ 3 ਵਜੇ ਕੇ.ਵੀ.ਐੱਮ. ਸਕੂਲ ਨੇੜਲੇ ਸ਼ਮਸ਼ਾਨਘਾਟ ਵਿਚ ਸਸਕਾਰ ਕੀਤਾ ਜਾਵੇਗਾ। ਗੋਗੀ ਦੇ ਪਿੱਛੇ ਉਨ੍ਹਾਂ ਦੀ ਪਤਨੀ ਸੁਖਚੈਨ ਕੌਰ ਗੋਗੀ, ਇੱਕ ਪੁੱਤਰ ਅਤੇ ਇੱਕ ਧੀ ਹੈ। ਗੋਗੀ 2022 ਵਿੱਚ 'ਆਪ' ਵਿੱਚ ਸ਼ਾਮਲ ਹੋਏ ਸਨ। ਉਹ 2022 ਵਿਚ ਕਾਂਗਰਸ ਦੇ ਭਾਰਤ ਭੂਸ਼ਣ ਆਸ਼ੂ ਨੂੰ ਹਰਾ ਕੇ ਲੁਧਿਆਣਾ ਪੱਛਮੀ ਤੋਂ ਵਿਧਾਇਕ ਬਣੇ ਸਨ। ਗੋਗੀ ਨੇ ਸ਼ੁੱਕਰਵਾਰ ਨੂੰ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਮੁਲਾਕਾਤ ਕਰਕੇ ਬੁੱਢੇ ਨਾਲੇ ਦਾ ਮਸਲਾ ਵਿਚਾਰਿਆ ਸੀ। ਗੋਗੀ ਪੀ.ਐਸ.ਆਈ.ਈ.ਸੀ. ਦੇ ਚੇਅਰਮੈਨ ਸਨ। ਕਾਂਗਰਸ ਸਰਕਾਰ ਦੌਰਾਨ, ਗੋਗੀ ਨੂੰ ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ (ਪੀ.ਐਸ.ਆਈ.ਈ.ਸੀ.) ਦੇ ਚੇਅਰਮੈਨ ਦੀ ਜ਼ਿੰਮੇਵਾਰੀ ਸੌਂਪੀ ਗਈ ਸੀ। ਉਹ 2014 ਤੋਂ 2019 ਤੱਕ ਕਾਂਗਰਸ ਦੇ ਜ਼ਿਲ੍ਹਾ (ਸ਼ਹਿਰੀ) ਪ੍ਰਧਾਨ ਸਨ। 'ਆਪ' ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਗੋਗੀ ਕਾਂਗਰਸ ਵਿੱਚ ਨਗਰ ਨਿਗਮ ਦੇ ਮੇਅਰ ਦੇ ਅਹੁਦੇ ਲਈ ਇੱਕ ਮਜ਼ਬੂਤ ਦਾਅਵੇਦਾਰ ਸਨ, ਪਰ ਬਲਕਾਰ ਸਿੰਘ ਸੰਧੂ ਨੇ ਇਹ ਦੌੜ ਜਿੱਤ ਲਈ। ਬਾਅਦ ਵਿੱਚ, ਉਨ੍ਹਾਂ ਨੇ ਕਾਂਗਰਸ ਤੋਂ ਦੂਰੀ ਬਣਾਉਣੀ ਸ਼ੁਰੂ ਕਰ ਦਿੱਤੀ। ਗੋਗੀ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਨੇੜੇ ਸਨ। ਪਿਛਲੇ ਸਾਲ, ਗੋਗੀ ਨੇ ਬੁੱਢੇ ਨਾਲੇ ਵਿੱਚ ਇੱਕ ਪਾਈਪਲਾਈਨ ਪ੍ਰੋਜੈਕਟ ਦਾ ਨੀਂਹ ਪੱਥਰ ਢਾਹ ਦਿੱਤਾ ਸੀ, ਜਿਸਦਾ ਨੀਂਹ ਪੱਥਰ ਉਨ੍ਹਾਂ ਨੇ 2022 ਵਿੱਚ ਰੱਖਿਆ ਸੀ।

**ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਆਪ' ਵਿਧਾਇਕ ਦੇ ਅਕਾਲ ਚਲਾਣੇ 'ਤੇ ਦੁਖ ਜਤਾਇਆ ਹੈ।**

ਮਾਨ ਨੇ "X" 'ਤੇ ਇਕ ਸੁਨੇਹੇ ਵਿਚ ਕਿਹਾ, "ਲੁਧਿਆਣਾ ਪੱਛਮੀ ਤੋਂ ਸਾਡੀ ਪਾਰਟੀ ਦੇ ਸਤਿਕਾਰਯੋਗ ਵਿਧਾਇਕ ਗੁਰਪ੍ਰੀਤ ਗੋਗੀ ਜੀ ਦੇ ਅਕਾਲ ਚਲਾਣੇ ਦੀ ਦੁਖਦਾਈ ਖ਼ਬਰ ਮਿਲੀ। ਸੁਣ ਕੇ ਬੇਹੱਦ ਦੁੱਖ ਲੱਗਿਆ, ਗੋਗੀ ਜੀ ਬੇਹੱਦ ਵਧੀਆ ਇਨਸਾਨ ਸਨ। ਦੁੱਖ ਦੀ ਘੜੀ 'ਚ ਪਰਿਵਾਰ ਨਾਲ ਦਿਲੋਂ ਹਮਦਰਦੀ। ਪਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਦੇਣ। ਪਰਿਵਾਰ ਸਮੇਤ ਚਾਹੁਣ ਵਾਲਿਆਂ ਨੂੰ ਦੁਖਦਾਈ ਭਾਣਾ ਮੰਨਣ ਦਾ ਹੌਸਲਾ-ਹਿੰਮਤ ਬਖ਼ਸ਼ਣ। ਵਾਹਿਗੁਰੂ ਵਾਹਿਗੁਰੂ।"

# ਤੇਜ਼ ਹਵਾਵਾਂ, ਗੜੇਮਾਰੀ ਤੇ ਭਾਰੀ ਮੀਂਹ, ਵਿਗੜ ਸਕਦੇ ਨੇ ਹਾਲਾਤ

ਮੌਸਮ ਵਿਭਾਗ (IMD) ਮੁਤਾਬਕ ਦੇਸ਼ ਦੇ ਵੱਖ-ਵੱਖ ਹਿੱਸਿਆਂ ਨੂੰ ਇੱਕ ਨਵੀਂ ਪੱਛਮੀ ਗੜਬੜੀ ਪ੍ਰਭਾਵਿਤ ਕਰਨ ਵਾਲੀ ਹੈ। ਇਸ ਕਾਰਨ ਕਈ ਸੂਬਿਆਂ ਵਿਚ 11 ਅਤੇ 12 ਜਨਵਰੀ ਨੂੰ ਮੌਸਮ ਵਿਗੜੇਗਾ। ਇਹ ਗੜਬੜੀ ਪੱਛਮੀ ਹਿਮਾਲੀਅਨ ਖੇਤਰ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਬਰਫ਼ਬਾਰੀ ਦਾ ਕਾਰਨ ਬਣੇਗੀ। ਇਸ ਤੋਂ ਇਲਾਵਾ ਇਸ ਸਮੇਂ ਦੌਰਾਨ ਉੱਤਰ-ਪੱਛਮੀ ਭਾਰਤ ਅਤੇ ਨਾਲ ਲੱਗਦੇ ਮੱਧ ਭਾਰਤ ਦੇ ਮੈਦਾਨੀ ਇਲਾਕਿਆਂ ਵਿੱਚ ਵੀ ਅਜਿਹਾ ਹੀ ਮੌਸਮ ਦੇਖਣ ਨੂੰ ਮਿਲੇਗਾ। ਮੌਸਮ ਵਿਭਾਗ ਅਨੁਸਾਰ 11 ਅਤੇ 12 ਜਨਵਰੀ ਨੂੰ ਖਾਸ ਕਰਕੇ ਹਿਮਾਚਲ ਪ੍ਰਦੇਸ਼, ਪੰਜਾਬ, ਹਰਿਆਣਾ, ਚੰਡੀਗੜ੍ਹ, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਰਗੇ ਰਾਜਾਂ ਵਿੱਚ ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। ਜੋ 12 ਜਨਵਰੀ ਨੂੰ ਉੱਤਰਾਖੰਡ ਤੱਕ ਫੈਲ ਸਕਦਾ ਹੈ। ਇਸ ਤੋਂ ਇਲਾਵਾ 11 ਜਨਵਰੀ ਨੂੰ ਰਾਜਸਥਾਨ ਦੇ ਵੱਖ-ਵੱਖ ਥਾਵਾਂ ਉਤੇ ਗੜੇ ਪੈਣ ਦੀ ਸੰਭਾਵਨਾ ਹੈ, ਜਦਕਿ ਦੱਖਣੀ ਹਰਿਆਣਾ ਅਤੇ ਰਾਜਸਥਾਨ 'ਚ ਵੀ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਸੰਭਾਵਨਾ ਹੈ। ਭਾਰਤ ਦੇ ਦੱਖਣੀ ਹਿੱਸੇ ਵੀ ਜਲਵਾਯੂ ਤਬਦੀਲੀ ਤੋਂ ਅਛੂਤੇ ਨਹੀਂ ਰਹਿ ਸਕਦੇ।

# ਚੰਡੀਗੜ੍ਹ ਦੇ ਮੁੱਦੇ 'ਤੇ ਪ੍ਰਧਾਨ ਮੰਤਰੀ ਦੇ ਬੂਹੇ ਤੱਕ ਜਾਵਾਂਗੇ: ਅਰੋੜਾ



ਚੰਡੀਗੜ੍ਹ: ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਦੀ ਅਗਵਾਈ ਵਿੱਚ ਅੱਜ 'ਆਪ' ਦਾ ਵਫ਼ਦ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਮਿਲਿਆ ਅਤੇ ਕੇਂਦਰ ਸਰਕਾਰ ਦੇ ਨਾਮ ਮੰਗ ਪੱਤਰ ਦਿੱਤਾ। ਇਸ ਮੌਕੇ ਕਈ ਕੈਬਨਿਟ ਮੰਤਰੀ ਵੀ ਉਨ੍ਹਾਂ ਦੇ ਨਾਲ ਸ਼ਾਮਲ ਸਨ। ਰਾਜਪਾਲ ਨਾਲ ਮਿਲਣੀ ਮੌਕੇ 'ਆਪ' ਵਫ਼ਦ ਨੇ ਚੰਡੀਗੜ੍ਹ ਯੂਟੀ ਦੇ ਸਲਾਹਕਾਰ ਦਾ ਅਹੁਦਾ ਖ਼ਤਮ ਕਰ ਕੇ ਮੁੱਖ ਸਕੱਤਰ ਲਗਾਏ ਜਾਣ ਦਾ ਵਿਰੋਧ ਕੀਤਾ। ਵਫ਼ਦ ਨੇ ਪੰਜਾਬ ਦੇ ਲੋਕਾਂ ਦੀ ਆਵਾਜ਼ ਕੇਂਦਰ ਸਰਕਾਰ ਤੱਕ ਪਹੁੰਚਾਏ ਜਾਣ ਦੀ ਮੰਗ ਰੱਖੀ। ਸੂਬਾ ਪ੍ਰਧਾਨ ਅਮਨ ਅਰੋੜਾ ਨੇ ਮਿਲਣੀ ਮਗਰੋਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਆਵਾਜ਼ ਤੋਂ ਰਾਜਪਾਲ ਨੂੰ ਅੱਜ ਜਾਣੂ ਕਰਾ ਦਿੱਤਾ ਹੈ ਅਤੇ ਆਮ ਆਦਮੀ ਪਾਰਟੀ ਸਲਾਹਕਾਰ ਦਾ ਅਹੁਦਾ ਖ਼ਤਮ ਕੀਤੇ ਜਾਣ ਦੇ ਮੁੱਦੇ 'ਤੇ ਲੜਾਈ ਨੂੰ ਪ੍ਰਧਾਨ ਮੰਤਰੀ ਦੀਆਂ ਬਰੂਹਾਂ ਤੱਕ ਲੈ ਜਾਵੇਗੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਤੋਂ ਪੰਜਾਬ ਦਾ ਹੱਕ ਖੋਹਿਆ ਜਾ ਰਿਹਾ ਹੈ ਅਤੇ ਤਾਜ਼ਾ ਫ਼ੈਸਲਾ ਕਰ ਕੇ ਸਲਾਹਕਾਰ ਦਾ ਅਹੁਦਾ ਖ਼ਤਮ ਕਰ ਕੇ ਮੁੱਖ ਸਕੱਤਰ ਲਗਾਇਆ ਜਾ ਰਿਹਾ ਹੈ। ਅਮਨ ਅਰੋੜਾ ਨੇ ਕਿਹਾ ਕਿ ਕੇਂਦਰ ਦੀ ਇਹ ਸਾਜ਼ਿਸ਼ ਚੰਡੀਗੜ੍ਹ ਤੋਂ ਪੰਜਾਬ ਦਾ ਹੱਕ ਖ਼ਤਮ ਕਰਨ ਦੀ ਹੈ। ਇਸ ਤੋਂ ਪਹਿਲਾਂ ਵੀ ਕੇਂਦਰ ਸਰਕਾਰ ਨੇ ਕਦੇ ਪਾਣੀਆਂ ਦੇ ਮਾਮਲੇ 'ਚ, ਕਦੇ ਪੰਜਾਬ ਵਰਸਿਟੀ ਦੇ ਮਾਮਲੇ 'ਚ ਪੰਜਾਬ ਖ਼ਿਲਾਫ਼ ਚਾਲਾਂ ਚੱਲੀਆਂ ਹਨ। ਇਸੇ ਕੜੀ ਤਹਿਤ ਹੁਣ ਕੇਂਦਰ ਨੇ ਚੰਡੀਗੜ੍ਹ ਦਾ ਮੁੱਖ ਸਕੱਤਰ ਲਗਾਏ ਜਾਣ ਦੀ ਖੇਡ ਖੇਡੀ ਹੈ। ਕੇਂਦਰ ਸਰਕਾਰ ਪੰਜਾਬ ਨਾਲ ਮਤਰੇਆ ਸਲੂਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਲੌਂਗੋਵਾਲ ਸਮਝੌਤੇ ਤਹਿਤ ਪੰਜ ਸਾਲ ਲਈ ਯੂਟੀ ਦਾ ਆਰਜ਼ੀ ਪ੍ਰਬੰਧ ਕੀਤਾ ਗਿਆ ਸੀ। ਪਹਿਲਾਂ ਕੇਂਦਰ ਦੀਆਂ ਕਾਂਗਰਸੀ ਸਰਕਾਰਾਂ ਨੇ ਪੰਜਾਬੀਆਂ ਨਾਲ ਧੋਖਾ ਕੀਤਾ ਅਤੇ ਹੁਣ ਭਾਜਪਾ ਸਰਕਾਰ ਕਰੋੜਾਂ ਪੰਜਾਬੀਆਂ ਨਾਲ ਅਜਿਹੇ ਫ਼ੈਸਲੇ ਕਰ ਕੇ ਧਰੋਹ ਕਮਾ ਰਹੀ ਹੈ। ਉਨ੍ਹਾਂ ਕਿਹਾ ਕਿ ਤਾਜ਼ਾ ਕੇਂਦਰੀ ਫ਼ੈਸਲੇ ਖ਼ਿਲਾਫ਼ ਸੰਘਰਸ਼ ਕੀਤਾ ਜਾਵੇਗਾ ਅਤੇ ਕਾਨੂੰਨੀ ਲੜਾਈ ਵੀ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਲੜਾਈ ਨੂੰ 'ਆਪ' ਦਿੱਲੀ ਤੱਕ ਲੈ ਕੇ ਜਾਵੇਗੀ।

# ਗੈਗਸਟਰ ਸਿੰਮਾ ਬਹਿਬਲ (ਬੰਬੀਹਾ ਗੈਂਗ) ਦੇ 5 ਗੁਰਗੇ ਕਾਬੂ

ਫਰੀਦਕੋਟ: ਫਰੀਦਕੋਟ ਪੁਲਿਸ ਨੇ ਬੰਬੀਹਾ ਗੈਗ ਨਾਲ ਸਬੰਧਿਤ-ਏ-ਕੈਟਾਗਿਰੀ ਗੈਗਸਟਰ ਹਰਸਿਮਰਨਜੀਤ ਉਰਫ ਸਿੰਮਾ ਬਹਿਬਲ ਜਿਸ ਉੱਪਰ ਕਤਲ, ਨਸ਼ੇ, ਚੋਰੀ, ਖੋਹ ਅਤੇ ਅਸਲੇ ਐਕਟ ਤਹਿਤ ਕਰੀਬ 26 ਮੁਕੱਦਮੇ ਦਰਜ ਰਜਿਸਟਰ ਹਨ, ਉਸਦੇ 08 ਸਾਥੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਇਹ ਜਾਣਕਾਰੀ ਐੱਸ.ਐੱਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਵੱਲੋ ਦਿੱਤੀ ਗਈ। ਉਹਨਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਗੈਗਸਟਰ ਹਰਸਿਮਰਨਜੀਤ ਉਰਫ ਸਿੰਮਾ ਬਹਿਬਲ ਦੇ ਇੱਕ ਸਾਥੀ ਹਰਪ੍ਰੀਤ ਸਿੰਘ ਉਰਫ ਹੈਪੀ ਗੋਦਾਰਾ ਪੁੱਤਰ ਸ਼ਿਕੰਦਰ ਸਿੰਘ ਵਾਸੀ ਬਰਗਾੜੀ ਨੂੰ ਮਿਤੀ 05.01.2025 ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਜਿਸ ਉਪਰੰਤ ਹਿਊਮਨ ਇੰਟੈਲੀਜੈਸ ਅਤੇ ਟੈਕਨੀਕਲ ਇੰਨਪੁੱਟ ਦੇ ਅਧਾਰ ਤੇ ਫਰੀਦਕੋਟ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਗੈਗਸਟਰ ਹਰਸਿਮਰਨਜੀਤ ਉਰਫ ਸਿੰਮਾ ਬਹਿਬਲ ਉਸਦੇ ਸਾਥੀ ਫਰੀਦਕੋਟ ਦੇ ਏਰੀਆਂ ਵਿੱਚ ਘੁੰਮ ਰਹੇ ਹਨ। ਜਿਸ ਤੇ ਸੀ.ਆਈ.ਏ ਜੈਤੋ ਅਤੇ ਥਾਣਾ ਜੈਤੋ ਦੀਆਂ ਟੀਮਾਂ ਵੱਲੋਂ ਬੀੜ ਸਿੱਖਾ ਵਾਲਾ ਨਜਦੀਕ ਨਾਕਾ ਲਗਾਇਆ ਹੋਇਆ ਸੀ ਤਾਂ ਇੱਕ ਫੋਰਚਿਊਨਰ ਗੱਡੀ ਨਾਕਾ ਪੁਆਇੰਟ ਵੱਲ ਆਉਦੀ ਦਿਖਾਈ ਦਿੱਤੀ, ਜਿਸ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਸ ਵਿੱਚ ਸਵਾਰਾਂ ਨੇ ਪੁਲਿਸ ਟੀਮ ਤੇ ਹਮਲਾ ਕਰ ਦਿੱਤਾ, ਜਿਸ ਦੌਰਾਨ ਸਰਕਾਰੀ ਗੱਡੀ ਉੱਪਰ ਵੀ 03 ਫਾਇਰ ਕਰਦੇ ਹੋਏ ਸ਼ੱਕੀ ਵਿਅਕਤੀਆਂ ਨੇ ਮੌਕੇ ਤੋ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ ਤੇ ਤੁਰੰਤ ਪੁਲਿਸ ਪਾਰਟੀ ਨੇ ਕਾਰਵਾਈ ਕਰਦਿਆ ਆਤਮ ਰੱਖਿਆ ਵਿੱਚ ਫਾਇਰਿੰਗ ਕੀਤੀ। ਜਿਸ ਦੌਰਾਨ ਗੱਡੀ ਵਿੱਚ ਸਵਾਰ ਦੋਨੋ ਵਿਅਕਤੀ ਜਖਮੀ ਹੋ ਗਏ।ਜਿਹਨਾਂ ਨੂੰ ਇਲਾਜ ਲਈ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਦੀ ਪਹਿਚਾਣ ਸੁਖਜੀਤ ਸਿੰਘ ਉਰਫ ਸੁੱਖ ਰੋਮਾਣਾ ਉਰਫ ਕਾਲਾ ਪੁੱਤਰ ਬਲਜੀਤ ਸਿੰਘ ਵਾਸੀ ਰੋਮਾਣਾ ਅਲਬੇਲ ਸਿੰਘ ਅਤੇ ਹਰਮਨਦੀਪ ਸਿੰਘ ਉਰਫ ਰੂਸ਼ਾ ਪੁੱਤਰ ਜੋਰਾ ਸਿੰਘ ਵਾਸੀ



ਬਹਿਬਲ ਕਲਾ ਵਜੋ ਹੋਈ ਹੈ। ਪੁਲਿਸ ਟੀਮਾਂ ਨੇ ਇਹਨਾਂ ਤੋ ਇੱਕ ਦੇਸੀ ਕੱਟਾ 315 ਬੋਰ ਅਤੇ ਇੱਕ ਪਿਸਟਲ 32 ਬੋਰ ਅਤੇ 06 ਰੌਂਦ ਬਰਾਮਦ ਕੀਤੇ ਹਨ ਅਤੇ ਫੋਰਚਿਊਨਰ ਗੱਡੀ ਨੂੰ ਵੀ ਜਬਤ ਕਰ ਲਿਆ ਗਿਆ ਹੈ।

ਜਿਕਰਯੋਗ ਹੈ ਕਿ ਇਹਨਾਂ ਦੇ 03 ਸਾਥੀਆਂ ਜਸਕਰਨ ਸਿੰਘ ਉਰਫ ਵਿੱਕੀ ਪੁੱਤਰ ਸੁਰਜੀਤ ਸਿੰਘ ਵਾਸੀ ਬਹਿਬਲ ਕਲਾ,ਅਕਾਸ਼ਦੀਪ ਸਿੰਘ ਪੁੱਤਰ ਮਨਦੀਪ ਸਿੰਘ ਵਾਸੀ ਨਾਨਕਸਰ, ਜਿਲਾ ਫਰੀਦਕੋਟ ਨੂੰ ਪਹਿਲਾ ਹੀ ਮਿਤੀ 28.09.2024 ਨੂੰ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਪਵਨਦੀਪ ਸਿੰਘ ਉਰਫ ਪਵਨਾ ਪੁੱਤਰ ਬੱਗਾ ਸਿੰਘ ਵਾਸੀ ਬਰਗਾੜੀ ਨੂੰ ਮਿਤੀ 12.11.2024 ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਉਸ ਸਮੇਂ ਇਹਨਾਂ ਪਾਸੋ10 ਜਿੰਦਾ ਕਾਰਤੂਸ 30 ਬੋਰ, 25 ਜਿੰਦਾ ਕਾਰਤੂਸ 32 ਬੋਰ, ਇੱਕ ਤਲਵਾਰ, ਇੱਕ ਰਾਈਫਲ 12 ਬੋਰ ਪੰਪ ਐਕਸ਼ਨ, ਕੁੱਲ 18 ਰੌਂਦ ਜਿੰਦਾ 12 ਬੋਰ, 02 ਲੱਖ 07 ਹਜਾਰ ਰੁਪਏ ਬਰਾਮਦਗੀ ਕੀਤੀ ਗਈ ਸੀ। ਐਸ.ਐਸ.ਪੀ ਫਰੀਦਕੋਟ ਵੱਲੋਂ ਦੱਸਿਆ ਗਿਆ ਕਿ ਗੈਗਸਟਰ ਹਰਸਿਮਰਨਜੀਤ ਉਰਫ ਸਿੰਮਾ ਅਤੇ ਉਸਦੇ ਇਹ ਸਾਥੀ ਆਪਣੇ ਨਾਲ ਅਸਲਾ ਲੈ ਕੇ ਚਲਦੇ ਸਨ, ਜਿਹੜਾ ਕਿ ਇਹਨਾਂ ਦੇ ਨਾਮ ਪਰ ਰਜਿਸਟਰ ਵੀ ਨਹੀ ਸੀ। ਇਸ ਤੋ ਇਲਾਵਾ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਇਹ ਆਮ ਪਬਲਿਕ ਦੇ ਲਾਇੰਸੰਸੀ ਹਥਿਆਰਾ ਦੀ ਵਰਤੋ ਨਜਾਇਜ ਗਤੀਵਿਧੀਆਂ ਵਿੱਚ ਕਰਦੇ ਸਨ।

# ਡਾ. ਧਰਮਵੀਰ ਗਾਂਧੀ ਅਤੇ ਮਲਵਿੰਦਰ ਸਿੰਘ ਕੰਗ ਵੱਲੋਂ ਐਮ.ਪੀ. ਲੋਕਲ ਫ਼ੰਡ ਅਤੇ ਕੇਂਦਰੀ ਸਕੀਮਾਂ ਦਾ ਜਾਇਜ਼ਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ: ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨੀ ਕਮੇਟੀ (ਡਿਸਟ੍ਰਿਕਟ ਡਿਵੈਲਪਮੈਂਟ ਕੋਅਰਡੀਨੇਸ਼ਨ ਐਂਡ ਮੋਨੀਟਰਿੰਗ ਕਮੇਟੀ) ਦੀ ਅੱਜ ਇੱਥੇ ਹੋਈ ਮੀਟਿੰਗ ਦੌਰਾਨ ਚੇਅਰਮੈਨ ਡਾ. ਧਰਮਵੀਰ ਗਾਂਧੀ (ਮੈਂਬਰ, ਲੋਕ ਸਭਾ ਪਟਿਆਲਾ ਸੰਸਦੀ ਹਲਕਾ) ਅਤੇ ਕੋ- ਚੇਅਰਮੈਨ ਮਲਵਿੰਦਰ ਸਿੰਘ ਕੰਗ ਨੇ ਅਧਿਕਾਰੀਆਂ ਨੂੰ ਆਮ ਵਰਗਾਂ ਅਤੇ ਕਮਜ਼ੋਰ ਵਰਗਾਂ ਲਈ ਆਉਂਦੇ ਫੰਡਾਂ ਨੂੰ ਦਿਨਆਨਤਦਾਰੀ ਨਾਲ ਵਰਤਣ ਦੀ ਅਪੀਲ ਕੀਤੀ। ਅੱਜ ਇੱਥੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਐਮ ਪੀ ਲੋਕਲ ਫ਼ੰਡ ਅਤੇ ਕੇਂਦਰੀ ਸਕੀਮਾਂ ਦਾ ਜਾਇਜ਼ਾ ਲੈਣ ਲਈ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਗਾਂਧੀ ਅਤੇ ਸ੍ਰੀ ਕੰਗ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰੀ ਭਲਾਈ ਸਕੀਮਾਂ ਦੀ ਲੋੜਵੰਦ ਅਤੇ ਯੋਗ ਲੋਕਾਂ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਲਈ ਸਾਡਾ ਰਵੱਈਆ ਹਾਂ-ਪੱਖੀ ਅਤੇ ਮਾਨਵਤਾ ਭਰਪੂਰ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਮ ਅਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਬੇਹਤਰੀ ਲਈ ਰਾਜ ਅਤੇ ਕੇਂਦਰ ਪੱਧਰ 'ਤੇ ਬਹੁਤ ਸਾਰੀਆਂ ਯੋਜਨਾਵਾਂ ਜਿਵੇਂ ਕਿ ਮਨਰੇਗਾ, ਆਯੂਸ਼ਮਾਨ ਸਿਹਤ ਬੀਮਾ, ਪ੍ਰਧਾਨ ਮੰਤਰੀ ਰੋਜ਼ਗਾਰ ਉਤਪਤੀ ਯੋਜਨਾ, ਮੁਫ਼ਤ ਕਣਕ, ਆਂਗਨਵਾੜੀ ਕੇਂਦਰਾਂ ਰਾਹੀਂ ਗਰਭਵਤੀ, ਨਵ-ਜਨਮੇ ਬੱਚਿਆਂ ਦੀ ਮਾਂਵਾਂ, ਕਿਸ਼ੋਰ ਲੜਕੀਆਂ, 0 ਤੋਂ 6 ਸਾਲ ਦੇ ਬੱਚਿਆਂ ਲਈ ਪੋਸ਼ਕ ਖੁਰਾਕ ਯੋਜਨਾਵਾਂ, ਸਿਹਤ ਵਿਭਾਗ ਨਾਲ ਸਬੰਧਤ ਟੀਕਾਕਰਣ ਤੇ ਹੋਰ ਸੁਵਿਧਾਵਾ, ਮਿਡ ਡੇ ਮੀਲ, ਸਕੂਲੀ ਢਾਂਚੇ ਦਾ ਅਪਗ੍ਰੇਡੇਸ਼ਨ ਆਦਿ ਬਹੁਤ ਸਾਰੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਕੁੱਝ ਵਿੱਚ ਰਾਜ ਸਰਕਾਰਾਂ ਦਾ ਵੀ ਮਾਲੀ ਹਿੱਸਾ ਹੁੰਦਾ ਹੈ। ਉਨ੍ਹਾਂ ਆਖਿਆ ਕਿ ਇਸ ਮੀਟਿੰਗ ਦਾ ਮੰਤਵ ਮਹਿਜ਼ ਅੰਕੜਿਆਂ ਦੀ ਪ੍ਰਗਤੀ ਨਾ ਹੋ ਕੇ ਜ਼ਮੀਨੀ ਪੱਧਰ 'ਤੇ ਇਨ੍ਹਾਂ ਲੋੜਵੰਦ ਲੋਕਾਂ ਦੀ ਭਲਾਈ ਦੀ ਸਮੀਖਿਆ ਕਰਨਾ ਹੁੰਦਾ ਹੈ, ਜਿਸ ਲਈ ਸਾਨੂੰ ਸਾਰਿਆਂ ਨੂੰ 'ਟੀਮ ਵਰਕ' ਕਰਨ ਦੀ ਲੋੜ ਹੈ। ਡਾ. ਧਰਮਵੀਰ ਨੇ ਪੰਜਾਬ 'ਚ ਫ਼ੈਲ ਰਹੀ ਕੈਂਸਰ ਦੀ ਬਿਮਾਰੀ ਲਈ ਜਾਗਰੂਕਤਾ ਮੁਹਿੰਮ 'ਤੇ ਜ਼ੋਰ ਦਿੰਦਿਆਂ ਕਿ ਸਾਨੂੰ ਸਿਖਿਆ ਸੰਸਥਾਨਾਂ, ਸਿਹਤ ਸੰਸਥਾਂਵਾਂ ਅਤੇ ਜਨਤਕ ਥਾਂਵਾਂ 'ਤੇ ਇਸ ਸਬੰਧੀ 9 ਪ੍ਰਮੁੱਖ ਨੁਕਤਿਆਂ ਨੂੰ ਉਭਾਰ ਕੇ ਲੋਕਾਂ ਨੂੰ ਇਸ ਤੋਂ ਬਚਾਅ ਲਈ ਜਾਗਰੂਕ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਸਮਾਜ ਵਿੱਚ ਅੱਜ ਕੈਂਸਰ ਦਾ ਮੁਕਾਬਲਾ ਕਰਕੇ ਜ਼ਿੰਦਗੀ ਦੀ ਜੰਗ ਜਿੱਤਣ ਦੀਆਂ ਬਹੁਤ ਸਾਰੀਆਂ ਉਦਾਹਰਨਾਂ ਮੌਜੂਦ ਹਨ। ਉਨ੍ਹਾਂ ਨੇ ਪਿੰਡਾਂ ਦੇ ਕਲੱਸਟਰ ਬਣਾ ਕੇ ਉਨ੍ਹਾਂ ਨੂੰ



ਵਿਆਹ-ਸ਼ਾਦੀਆਂ ਅਤੇ ਹੋਰ ਸਮਾਗਮਾਂ ਵਾਸਤੇ ਸਸਤੇ ਰੇਟਾਂ 'ਤੇ ਥਾਂ ਮੁਹੱਈਆ ਕਰਵਾਉਣ ਲਈ ਕਮਿਊਨਿਟੀ ਸੈਂਟਰ ਅਧਾਰਿਤ ਛੋਟੇ ਮੈਰਿਜ ਪੈਲੇਸ ਬਣਾਉਣ 'ਤੇ ਵੀ ਜ਼ੋਰ ਦਿੱਤਾ, ਜਿਸ ਲਈ ਉਨ੍ਹਾਂ ਐਮ ਪੀ ਲੈਡ ਫੰਡ 'ਚੋਂ ਗ੍ਰਾਂਟ ਦੇਣ ਦੀ ਇੱਛਾ ਵੀ ਜਤਾਈ। ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਖਿਜ਼ਰਾਬਾਦ ਤੋਂ ਚਟੌਲੀ ਸੜ੍ਹਕ ਦਾ ਹਵਾਲਾ ਦਿੰਦਿਆਂ, ਜ਼ਿਲ੍ਹੇ 'ਚ ਅਜਿਹੀਆਂ ਹੋਰ ਵੱਧ ਤੋਂ ਵੱਧ ਸੜ੍ਹਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਗ੍ਰਾਮ ਸੜ੍ਹਕ ਯੋਜਨਾ ਜਾਂ ਹੋਰ ਕੇਂਦਰੀ ਸੜ੍ਹਕ ਯੋਜਨਾਵਾਂ ਤਹਿਤ ਲਿਆ ਕੇ ਕੇਂਦਰੀ ਫੰਡਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਆਖਿਆ। ਉਨ੍ਹਾਂ ਵੱਲੋਂ ਮਸੌਲ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਬਾਰੇ ਪੁੱਛੇ ਜਾਣ 'ਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਰਮਨਦੀਪ ਸਿੰਘ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਲਈ ਜਲ ਸਪਲਾਈ ਯੋਜਨਾ ਤਿਆਰ ਕਰ ਦਿੱਤੀ ਗਈ ਹੈ ਅਤੇ ਇੱਕ-ਦੋ ਦਿਨ ਵਿੱਚ ਪਾਣੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਜਾਵੇਗੀ। ਮੀਟਿੰਗ ਦੌਰਾਨ ਇਹ ਵੀ ਦੱਸਿਆ ਗਿਆ ਕਿ ਖਰੜ ਅਤੇ ਕੁਰਾਲੀ ਲਈ ਜਲ ਸੋਧਕ ਪਲਾਂਟ ਅਮਰੂਤ ਯੋਜਨਾ ਤਹਿਤ ਤਿਆਰ ਕੀਤੇ ਜਾ ਰਹੇ ਹਨ, ਜਿਸ ਵਿੱਚ ਕੇਂਦਰ ਤੇ ਪੰਜਾਬ ਸਰਕਾਰ ਦਾ ਅੱਧੋ- ਅੱਧ ਮਾਲੀ ਯੋਗਦਾਨ ਹੋਵੇਗਾ। ਇਸ ਨਾਲ ਇਨ੍ਹਾਂ ਦੋਵਾਂ ਸ਼ਹਿਰਾਂ ਨੂੰ ਨਹਿਰੀ ਪਾਣੀ ਦੇਣ ਦਾ ਰਾਹ ਪੱਧਰਾ ਹੋ ਜਾਵੇਗਾ। ਡਿਪਟੀ ਕਮਿਸ਼ਨਰ ਨੇ ਧੰਨਵਾਦੀ ਮਤਾ ਪੇਸ਼ ਕਰਦਿਆਂ ਦੋਵਾਂ ਸੰਸਦ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹੇ 'ਚ ਕੇਂਦਰੀ ਗਰਾਂਟਾਂ ਅਤੇ ਐਮ ਪੀ ਸਥਾਨਕ ਏਰੀਆ ਵਿਕਾਸਸ ਗ੍ਰਾਂਟਾਂ ਦਾ ਇੱਕ-ਇੱਕ ਰੁਪਈਆ ਯੋਗ ਅਤੇ ਲੋੜਵੰਦ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਮੀਟਿੰਗ ਵਿੱਚ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਪ੍ਰਭਜੋਤ ਕੌਰ ਵੱਲੋਂ ਕੁੱਝ ਪਿੰਡਾਂ ਦੇ ਕਲੱਸਟਰ ਬਣਾ ਕੇ ਛੋਟੇ ਮੈਟਿਜ ਪੈਲੇਸ ਬਣਾਉਣ ਦੀ ਯੋਜਨਾ ਨੂੰ ਦੋਵਾਂ ਸੰਸਦ ਮੈਂਬਰਾਂ ਨੇ ਭਰਪੂਰ ਸਲਾਹਿਆ ਅਤੇ ਆਪਣੇ ਵੱਲੋ ਯੋਗਦਾਨ ਦੇਣ ਦਾ ਭਰੋਸਾ ਦਿੱਤਾ।

ਵਰਲਡ ਪੰਜਾਬੀ ਨਿਊਜ਼ ਨੂੰ ਵੱਖ-ਵੱਖ ਸ਼ਹਿਰਾਂ ਵਿਚ ਪੱਤਰਕਾਰਾਂ ਦੀ ਲੋੜ ਹੈ। ਸੰਪਰਕ ਕਰੋ:
Phone: +91 98155 88388, eMail: worldpunjabinews@gmail.com

# ਜਲੰਧਰ ਨੂੰ ਮਿਲਿਆ ਨਵਾਂ ਮੇਅਰ, AAP ਦੇ ਵਨੀਤ ਧੀਰ ਹੱਥ ਆਈ ਕਮਾਨ

ਜਲੰਧਰ : ਆਮ ਆਦਮੀ ਪਾਰਟੀ ਦੇ ਵਨੀਤ ਧੀਰ, ਨਗਰ ਨਿਗਮ ਜਲੰਧਰ (MCJ) ਦੇ ਨਵੇਂ ਮੇਅਰ ਚੁਣੇ ਗਏ ਹਨ। ਇਸ ਦੇ ਨਾਲ ਹੀ ਉਹ ਜਲੰਧਰ ਦੇ ਸੱਤਵੇਂ ਮੇਅਰ ਬਣ ਗਏ ਹਨ। ਬਲਬੀਰ ਸਿੰਘ ਬਿੱਟੂ ਸੀਨੀਅਰ ਡਿਪਟੀ ਮੇਅਰ ਤੇ ਮਲਕੀਤ ਸਿੰਘ ਸੁਭਾਨਾ ਡਿਪਟੀ ਮੇਅਰ ਬਣ ਗਏ ਹਨ। 85 ਕੌਂਸਲਰਾਂ ਵਾਲੇ ਨਗਰ ਨਿਗਮ ਹਾਊਸ 'ਚ ਆਮ ਆਦਮੀ ਪਾਰਟੀ ਦੇ 46 ਕੌਂਸਲਰ ਹਨ। ਵਨੀਤ ਧੀਰ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਵਿਧਾਇਕ ਰਮਨ ਅਰੋੜਾ, ਕੈਬਨਿਟ ਮੰਤਰੀ ਮਹਿੰਦਰ ਭਗਤ, ਆਪ ਆਗੂ ਰਾਜਵਿੰਦਰ ਕੌਰ



ਮੌਜੂਦ ਸਨ।

# ਆਨਲਾਈਨ ਗੇਮਿੰਗ ਕੰਪਨੀਆਂ ਨੂੰ ਵੱਡੀ ਰਾਹਤ

## ਸੁਪਰੀਮ ਕੋਰਟ ਨੇ 1 ਲੱਖ ਕਰੋੜ ਰੁਪਏ ਦੇ GST ਨੋਟਿਸ 'ਤੇ ਲਗਾਈ ਰੋਕ

ਨਵੀਂ ਦਿੱਲੀ : ਆਨਲਾਈਨ ਗੇਮਿੰਗ ਕੰਪਨੀਆਂ ਅਤੇ ਕੈਸੀਨੋ ਨੂੰ ਸੁਪਰੀਮ ਕੋਰਟ ਤੋਂ ਵੱਡੀ ਰਾਹਤ ਮਿਲੀ ਹੈ। ਸੁਪਰੀਮ ਕੋਰਟ ਨੇ 1 ਲੱਖ ਕਰੋੜ ਰੁਪਏ ਤੋਂ ਵੱਧ ਦੇ ਟੈਕਸ ਚੋਰੀ ਮਾਮਲੇ ਵਿੱਚ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸਾਂ 'ਤੇ ਰੋਕ ਲਗਾ ਦਿੱਤੀ ਹੈ।ਸ਼ੁੱਕਰਵਾਰ ਨੂੰ ਜਸਟਿਸ ਜੇਬੀ ਪਾਰਦੀਵਾਲਾ ਅਤੇ ਆਰ ਮਹਾਦੇਵਨ ਦੇ ਬੈਂਚ ਨੇ ਮਾਮਲੇ ਦੀ ਸੁਣਵਾਈ ਕੀਤੀ। ਸੁਪਰੀਮ ਕੋਰਟ ਨੇ ਕਰਨਾਟਕ ਹਾਈ ਕੋਰਟ ਦੇ ਉਸ ਹੁਕਮ 'ਤੇ ਵੀ ਰੋਕ ਲਗਾ ਦਿੱਤੀ ਸੀ ਜਿਸ ਵਿੱਚ ਇੱਕ ਆਨਲਾਈਨ ਗੇਮਿੰਗ ਫਰਮ ਨੂੰ ਜਾਰੀ ਕੀਤੇ ਗਏ 21,000 ਕਰੋੜ ਰੁਪਏ ਦੇ ਜੀਐਸਟੀ ਜਾਣਕਾਰੀ ਨੋਟਿਸ ਨੂੰ ਰੱਦ ਕੀਤਾ ਗਿਆ ਸੀ। ਕੇਂਦਰ ਸਰਕਾਰ ਨੇ 1 ਅਕਤੂਬਰ 2023 ਨੂੰ ਜੀਐਸਟੀ ਐਕਟ ਵਿੱਚ ਸੋਧ ਕੀਤੀ ਸੀ। ਇਸ ਤਹਿਤ, ਵਿਦੇਸ਼ੀ ਆਨਲਾਈਨ ਗੇਮਿੰਗ ਕੰਪਨੀਆਂ ਲਈ ਭਾਰਤ ਵਿੱਚ ਰਜਿਸਟ੍ਰੇਸ਼ਨ ਲਾਜ਼ਮੀ ਕਰ ਦਿੱਤੀ ਗਈ ਸੀ।

ਅਕਤੂਬਰ 2023 ਵਿੱਚ ਹੀ, ਜੀਐਸਟੀ ਵਿਭਾਗ ਨੇ ਆਨਲਾਈਨ ਗੇਮਿੰਗ ਕੰਪਨੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਸੀ। ਇਨ੍ਹਾਂ ਕੰਪਨੀਆਂ 'ਤੇ ਟੈਕਸ ਚੋਰੀ ਦੇ ਦੋਸ਼ ਸਨ। ਅਗਸਤ 2023 ਵਿੱਚ, ਜੀਐਸਟੀ ਕੌਂਸਲ ਨੇ ਸਪੱਸ਼ਟ ਕੀਤਾ ਕਿ ਆਨਲਾਈਨ ਗੇਮਿੰਗ ਪਲੇਟਫਾਰਮਾਂ 'ਤੇ ਸੱਟੇਬਾਜ਼ੀ ਦੀ ਪੂਰੀ ਰਕਮ 'ਤੇ 28 ਪ੍ਰਤੀਸ਼ਤ ਜੀਐਸਟੀ ਲਗਾਇਆ ਜਾਵੇਗਾ। ਗੇਮਿੰਗ ਕੰਪਨੀਆਂ ਨੇ ਜੀਐਸਟੀ ਕੌਂਸਲ ਦੇ ਇਸ ਫੈਸਲੇ ਵਿਰੁੱਧ ਵੱਖ-ਵੱਖ ਹਾਈ ਕੋਰਟਾਂ ਵਿੱਚ ਪਟੀਸ਼ਨਾਂ ਦਾਇਰ ਕੀਤੀਆਂ। ਇਸ ਤੋਂ ਬਾਅਦ ਕੇਂਦਰ ਨੇ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ। ਬਾਅਦ ਵਿੱਚ, ਸੁਪਰੀਮ ਕੋਰਟ ਨੇ ਨੌਂ ਹਾਈ ਕੋਰਟਾਂ ਤੋਂ 28 ਪ੍ਰਤੀਸ਼ਤ ਜੀਐਸਟੀ ਨੂੰ ਚੁਣੌਤੀ ਦੇਣ ਵਾਲੀਆਂ ਸਾਰੀਆਂ ਪਟੀਸ਼ਨਾਂ ਆਪਣੇ ਕੋਲ ਤਬਦੀਲ ਕਰ ਲਈਆਂ। ਇਨ੍ਹਾਂ ਪਟੀਸ਼ਨਾਂ 'ਤੇ ਸ਼ੁੱਕਰਵਾਰ ਨੂੰ ਸੁਣਵਾਈ ਹੋਈ।

ਵਧੀਕ ਸਾਲਿਸਟਰ ਜਨਰਲ ਐਨ ਵੈਂਕਟਰਮਨ ਨੇ ਅਦਾਲਤ ਵਿੱਚ ਜੀਐਸਟੀ ਵਿਭਾਗ ਦਾ ਪੱਖ ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਕੁਝ ਕਾਰਨ ਦੱਸੋ ਨੋਟਿਸ ਫਰਵਰੀ ਵਿੱਚ ਖ਼ਤਮ ਹੋ ਜਾਣਗੇ। ਬੈਂਚ ਨੇ ਕਿਹਾ ਕਿ ਇਨ੍ਹਾਂ ਮਾਮਲਿਆਂ ਦੀ ਸੁਣਵਾਈ ਦੀ ਲੋੜ ਹੈ। ਇਸ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਗੇਮਿੰਗ ਕੰਪਨੀਆਂ ਵਿਰੁੱਧ ਸਾਰੀਆਂ ਕਾਰਵਾਈਆਂ 'ਤੇ ਰੋਕ ਲਗਾਈ ਜਾਣੀ ਚਾਹੀਦੀ ਹੈ। ਗੇਮਜ਼ 24x7, ਹੈੱਡ ਡਿਜੀਟਲ ਵਰਕਸ, ਫੈਡਰੇਸ਼ਨ ਆਫ ਇੰਡੀਅਨ ਫੈਂਟਸੀ ਸਪੋਰਟਸ ਵਰਗੀਆਂ ਕਈ ਆਨਲਾਈਨ ਗੇਮਿੰਗ ਫਰਮਾਂ ਨੇ ਅਦਾਲਤ ਵਿੱਚ ਪਟੀਸ਼ਨ ਦਾਇਰ ਕੀਤੀ ਸੀ।

# ਕੁਲਤਾਰ ਸਿੰਘ ਸੰਧਵਾਂ ਵਲੋਂ ਚਾਰ ਪ੍ਰਮੁੱਖ ਸੜਕਾਂ ਦਾ ਨਿਰਮਾਣ ਪਹਿਲ ਦੇ ਆਧਾਰ ਤੇ ਕਰਵਾਉਣ ਦੀ ਹਦਾਇਤ

ਕੋਟਕਪੂਰਾ: ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਵਲੋਂ ਹਲਕਾ ਕੋਟਕਪੂਰਾ ਦੇ ਵੱਖ-ਵੱਖ ਵਾਰਡਾਂ, ਗਲੀ-ਮੁਹੱਲਿਆਂ ਤੋਂ ਇਲਾਵਾ ਪਿੰਡਾਂ ਦੇ ਵਿਕਾਸ ਕਾਰਜ ਪਹਿਲੇ ਦਿਨ ਤੋਂ ਹੀ ਸ਼ੁਰੂ ਕਰ ਦਿੱਤੇ ਗਏ ਹਨ, ਜਿੰਨਾ ਦੀ ਵਿਰੋਧੀ ਪਾਰਟੀਆਂ ਵਲੋਂ ਪ੍ਰਸੰਸਾ ਕੀਤੀ ਜਾ ਰਹੀ ਹੈ। ਆਮ ਆਦਮੀ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਗੈਰੀ ਵੜਿੰਗ ਨੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਮੁਕਤਸਰ ਰੋਡ ਕੋਟਕਪੂਰਾ ਤੋਂ ਪਿੰਡ ਕੋਠੇ ਵੜਿੰਗ ਨੂੰ ਗੈਸ ਏਜੰਸੀ ਵਾਲੀ ਜਾਂਦੀ ਸੜਕ ਦੀ ਖਸਤਾ ਹਾਲਤ ਤੋਂ ਪ੍ਰੇਸ਼ਾਨ ਰਾਹਗੀਰਾਂ ਦੀ ਉਕਤ ਸਮੱਸਿਆ ਅੱਜ ਤੋਂ ਦੂਰ ਹੋ ਜਾਵੇਗੀ। ਉਹਨਾਂ ਦੱਸਿਆ ਕਿ ਸਪੀਕਰ ਸੰਧਵਾਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਡਵੋਕੇਟ ਬੀਰਇੰਦਰ ਸਿੰਘ, ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ, ਮਨਜਿੰਦਰ ਸਿੰਘ ਗੋਪੀ, ਇੰਸ. ਪਰਮਜੀਤ ਸਿੰਘ, ਸੁਖਜਿੰਦਰ ਸਿੰਘ ਤੱਖੀ ਦੀ ਨਿਗਰਾਨੀ ਹੇਠ ਕੋਠੇ ਵੜਿੰਗ ਵਾਲੀ ਸੜਕ ਤੋਂ ਇਲਾਵਾ ਹਰੀਨੌਂ ਫਾਟਕ ਤੋਂ ਕੋਠੇ ਸੈਣੀਆਂ ਗੁਰਦਵਾਰਾ ਸਾਹਿਬ ਤੱਕ, ਸਿੱਖਾਂ ਵਾਲਾ ਰੋਡ ਕੋਟਕਪੂਰਾ, ਮੇਹਰ ਦੀ ਚੱਕੀ ਤੋਂ ਰਾਸ਼ਟਰੀ ਰਾਜ ਮਾਰਗ ਨੰਬਰ 54 ਤੱਕ,



ਬਠਿੰਡਾ ਰੋਡ ਕੋਟਕਪੂਰਾ ਤੋਂ ਜੋਧ ਸ਼ਹੀਦ ਰੋਡ ਵਾਲੀ ਸੜਕ 'ਤੇ ਸਥਿੱਤ ਆੜਤੀਆ ਐਸੋਸੀਏਸ਼ਨ ਦੇ ਦਫਤਰ ਵਾਲੀਆਂ ਸੜਕਾਂ ਦੇ ਨਿਰਮਾਣ ਲਈ ਅੱਜ ਸ਼ੁਰੂਆਤ ਕਰ ਦਿੱਤੀ ਗਈ। ਐਡਵੋਕੇਟ ਬੀਰਇੰਦਰ ਸਿੰਘ ਨੇ ਦੱਸਿਆ ਕਿ ਸਪੀਕਰ ਸੰਧਵਾਂ ਵਲੋਂ ਠੇਕੇਦਾਰਾਂ ਨੂੰ ਸਖਤ ਹਦਾਇਤ ਕੀਤੀ ਗਈ ਹੈ ਕਿ ਜੇਕਰ ਮਿਆਰੀ ਮਟੀਰੀਅਲ ਦੀ ਵਰਤੋਂ ਨਾ ਕੀਤੀ ਗਈ ਤਾਂ ਇਸ ਦੀ ਜਾਂਚ ਬਕਾਇਦਾ ਵਿਜੀਲੈਂਸ ਤੋਂ ਕਰਵਾਈ ਜਾਵੇਗੀ। ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ ਨੇ ਠੇਕੇਦਾਰਾਂ ਨੂੰ ਹਦਾਇਤ ਕੀਤੀ ਕਿ ਉਹ ਉਪਰੋਕਤ ਚਾਰਾਂ ਸੜਕਾਂ ਦਾ ਨਿਰਮਾਣ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਅੰਦਰ ਨੇਪਰੇ ਚਾੜਨ।

# 1500 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗਲਾਡਾ ਕਲਰਕ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਲੁਧਿਆਣਾ: ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਲੁਧਿਆਣਾ ਵਿਖੇ ਤਾਇਨਾਤ ਕਲਰਕ (ਫਰੰਟ ਡੈਸਕ ਐਗਜ਼ੀਕਿਊਟਿਵ) ਅਨਿਕਸ਼ਾ ਦੇਵੀ ਨੂੰ ਗੂਗਲ ਪੇਅ ਰਾਹੀਂ 1500 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਕਿਹਾ ਕਿ ਮੁਲਜ਼ਮ ਅਨਿਕਸ਼ਾ ਦੇਵੀ ਵਾਸੀ ਦਸ਼ਮੇਸ਼ ਨਗਰ, ਪਿੰਡ ਇਯਾਲੀ ਖੁਰਦ, ਲੁਧਿਆਣਾ ਨੂੰ ਅਭਿਜੀਤ ਸਿੰਘ ਵਰਮਾ ਵਾਸੀ ਨਿਊ ਦੀਪ ਨਗਰ, ਹੈਬੋਵਾਲ ਕਲਾਂ, ਲੁਧਿਆਣਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਸ਼ਿਕਾਇਤ ਦੀ ਜਾਂਚ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤ ਦੇ ਅਨੁਸਾਰ ਡੀਲਿੰਗ ਕਲਰਕ ਅਨਿਕਸ਼ਾ ਦੇਵੀ ਨੇ ਸ਼ਿਕਾਇਤਕਰਤਾ ਨੂੰ ਪਲਾਟ ਦੀ ਵਿਕਰੀ ਲਈ ਲੋੜੀਂਦੀ ਐਨ.ਓ.ਸੀ. ਪ੍ਰਾਪਤ ਕਰਨ ਬਦਲੇ 4251 ਰੁਪਏ ਆਨਲਾਈਨ ਫੀਸ ਅਦਾ ਕਰਨ ਲਈ ਕਿਹਾ। ਇਸ ਤੋਂ ਇਲਾਵਾ, ਮਹਿਲਾ ਕਲਰਕ ਨੇ ਐਨ.ਓ.ਸੀ. ਜਾਰੀ ਕਰਨ



ਬਦਲੇ ਗੂਗਲ ਪੇਅ ਰਾਹੀਂ 1500 ਰੁਪਏ ਰਿਸ਼ਵਤ ਦੀ ਮੰਗ ਵੀ ਕੀਤੀ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਤਸਦੀਕ ਦੌਰਾਨ, ਸ਼ਿਕਾਇਤਕਰਤਾ ਵੱਲੋਂ ਪੇਸ਼ ਕੀਤੇ ਮੌਖਿਕ ਅਤੇ ਦਸਤਾਵੇਜ਼ੀ ਸਬੂਤਾਂ ਦੀ ਜਾਂਚ ਵਿੱਚ ਲਗਾਏ ਗਏ ਦੋਸ਼ ਸਹੀ ਪਾਏ ਗਏ। ਇਸ ਤੋਂ ਬਾਅਦ, ਮੁਲਜ਼ਮ ਕਲਰਕ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

# ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬਨੂੜ ਵਿਖੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ

ਬਨੂੜ: ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਨੇ ਵਿਦਿਅਕ ਸੰਸਥਾਵਾਂ ਅਤੇ ਯੂਨੀਵਰਸਿਟੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਵਿਦਿਆਰਥੀਆਂ ਵਿੱਚ ਉੱਦਮਸ਼ੀਲਤਾ ਨੂੰ ਉਤਸ਼ਾਹਿਤ ਕਰਨ ਤਾਂ ਜੋ ਉਨ੍ਹਾਂ ਨੂੰ ਨੌਕਰੀ ਮੰਗਣ ਵਾਲਿਆਂ ਦੀ ਬਜਾਏ ਨੌਕਰੀ ਪ੍ਰਦਾਨ ਕਰਨ ਵਾਲਾ ਬਣਾਇਆ ਜਾ ਸਕੇ। ਬਨੂੜ ਵਿਖੇ ਫੁਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ ਵਿਖੇ ਆਯੋਜਿਤ ਕਾਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਸਾਨੂੰ ਇੱਕ ਅਜਿਹੀ ਵਾਤਾਵਰਣ ਪ੍ਰਣਾਲੀ ਵਿਕਸਤ ਕਰਨ ਦੀ ਲੋੜ ਹੈ ਜੋ ਗਿਆਨ ਅਧਾਰਤ ਉੱਦਮਸ਼ੀਲਤਾ ਨੂੰ ਉਤਸ਼ਾਹਿਤ ਕਰੇ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਨੌਕਰੀਆਂ ਦੀ ਭਾਲ ਕਰਨ ਦੀ ਬਜਾਏ ਗਿਆਨ ਅਧਾਰਤ ਸੰਸਥਾਵਾਂ ਦੀ ਸਿਰਜਣਾ ਕਰਕੇ ਨੌਕਰੀ ਪ੍ਰਦਾਨ ਕਰਨ ਵਾਲੇ ਬਣਾਉਣ। ਉਨ੍ਹਾਂ ਨੇ 2023 ਅਤੇ 2024 ਵਿੱਚੋਂ ਕੁੱਲ ਪਾਸ ਹੋਏ 128 ਚੋਂ 15 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ, ਜਦੋਂ ਕਿ ਬਾਕੀ ਦੀਆਂ ਡਿਗਰੀਆਂ ਐੱਫ ਡੀ ਡੀ ਆਈ ਦੇ ਕਾਰਜਕਾਰੀ ਨਿਰਦੇਸ਼ਕ ਸ਼੍ਰੀਮਤੀ ਪ੍ਰਗਿਆ ਸਿੰਘ ਅਤੇ ਸਕੱਤਰ ਕਰਨਲ ਪੰਕਜ ਸਿਨਹਾ ਦੁਆਰਾ ਪ੍ਰਦਾਨ ਕੀਤੀਆਂ ਗਈਆਂ। ਸੰਸਥਾ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ 237 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਹਨ ਅਤੇ ਫੁੱਟਵੀਅਰ, ਚਮੜੇ ਦੇ ਸਮਾਨ, ਪ੍ਰਚੂਨ ਅਤੇ ਫੈਸ਼ਨ ਡਿਜ਼ਾਈਨ ਦੇ ਖੇਤਰ ਵਿੱਚ ਉੱਤਮਤਾ ਦੇ ਕੇਂਦਰ ਵਜੋਂ ਉੱਭਰੀ ਹੈ। ਉਨ੍ਹਾਂ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਅੱਜ ਅਸੀਂ ਆਪਣੇ ਨੌਜਵਾਨਾਂ ਦੀ ਤਰੱਕੀ ਲਈ ਮੈਡੀਕਲ, ਇੰਜਨੀਅਰਿੰਗ, ਮੈਨੇਜਮੈਂਟ ਵਰਗੇ ਰਵਾਇਤੀ ਵਿਸ਼ਿਆਂ ਤੋਂ ਅੱਗੇ ਜਾ ਕੇ ਨਵੇਂ ਯੁੱਗ ਦੇ ਵਿਸ਼ਿਆਂ ਜਿਵੇਂ ਕਿ ਫੁਟਵੀਅਰ ਉਤਪਾਦਨ, ਫੈਸ਼ਨ ਡਿਜ਼ਾਈਨਿੰਗ, ਚਮੜੇ ਦੇ ਸਾਮਾਨ ਦੀ ਡਿਜ਼ਾਈਨਿੰਗ, ਰਿਟੇਲ ਮਰਚੈਂਡਾਈਜ਼ਿੰਗ (ਖੁਦਰਾ ਵਪਾਰ) ਆਦਿ 'ਤੇ ਧਿਆਨ ਕੇਂਦਰਿਤ ਕਰ ਰਹੇ ਹਾਂ। ਸਿੱਖਿਆ ਦੇ ਨਾਲ ਹੁਨਰੀ



ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਮਜ਼ਬੂਤ ਆਰਥਿਕਤਾ ਦੇ ਵਿਕਾਸ ਲਈ ਸਿੱਖਿਆ ਅਤੇ ਹੁਨਰਮੰਦ ਮਾਨਵੀ ਸ਼ਕਤੀ ਜ਼ਰੂਰੀ ਹੈ। ਸਾਨੂੰ ਗਿਆਨ ਦੀਆਂ ਰੁਕਾਵਟਾਂ ਨੂੰ ਤੋੜਨ ਅਤੇ "ਯੁਵਾ ਰਾਸ਼ਟਰ" ਭਾਰਤ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਸਿੱਖਿਆ ਅਤੇ ਉੱਦਮਤਾ ਦਾ ਸਮਰਥਨ ਕਰਨ ਲਈ ਹੋਰ ਮਜ਼ਬੂਤ ਪ੍ਰਣਾਲੀ ਵਿਕਸਿਤ ਕਰਨ ਦੀ ਲੋੜ ਹੈ। ਪਾਸ ਹੋਏ ਵਿਦਿਆਰਥੀਆਂ ਨੂੰ ਆਪਣੀਆਂ ਸ਼ੁਭ ਕਾਮਨਾਵਾਂ ਦਿੰਦੇ ਹੋਏ, ਰਾਜਪਾਲ ਨੇ ਕਿਹਾ, "ਜਦੋਂ ਤੁਸੀਂ ਇਸ ਵੱਕਾਰੀ ਸੰਸਥਾ ਨੂੰ ਛੱਡ ਰਹੇ ਹੋ, ਯਾਦ ਰੱਖੋ ਕਿ ਤੁਸੀਂ ਸਿਰਫ਼ ਪੇਸ਼ੇਵਰ ਸੰਸਾਰ ਵਿੱਚ ਕਦਮ ਨਹੀਂ ਰੱਖ ਰਹੇ ਹੋ; ਤੁਸੀਂ ਭਵਿੱਖ ਨੂੰ ਰੂਪ ਦੇਣ ਦੀ ਜ਼ਿੰਮੇਵਾਰੀ ਵਿੱਚ ਵੀ ਕਦਮ ਰੱਖ ਰਹੇ ਹੋ। ਇੱਥੇ ਹਾਸਲ ਕੀਤਾ ਗਿਆ ਗਿਆਨ ਅਤੇ ਹੁਨਰ ਤੁਹਾਨੂੰ ਨਾ ਸਿਰਫ਼ ਆਪਣੇ ਕਰੀਅਰ ਵਿੱਚ ਉੱਤਮ ਬਣਾਉਣ ਦੇ ਯੋਗ ਬਣਾਉਂਦਾ ਹੈ, ਸਗੋਂ ਸਮਾਜ ਉੱਤੇ ਵੀ ਸਾਰਥਕ ਪ੍ਰਭਾਵ ਪਾਉਂਦਾ ਹੈ।" ਉਨ੍ਹਾਂ ਨੂੰ ਭਵਿੱਖ ਲਈ ਤਿਆਰ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਤੁਸੀਂ ਜਿਸ ਸੰਸਾਰ 'ਚ ਪ੍ਰਵੇਸ਼ ਕਰ ਰਹੇ ਹੋ, ਉਹ ਚੁਣੌਤੀਪੂਰਨ ਅਤੇ ਗਤੀਸ਼ੀਲ ਹੈ। ਚੌਥੀ ਉਦਯੋਗਿਕ ਕ੍ਰਾਂਤੀ, ਏਆਈ, ਆਟੋਮੇਸ਼ਨ ਅਤੇ ਸਥਿਰਤਾ ਵਿੱਚ ਤਰੱਕੀ ਦੁਆਰਾ ਸੰਚਾਲਿਤ, ਉਦਯੋਗਾਂ ਨੂੰ ਬੇਮਿਸਾਲ ਗਤੀ ਨਾਲ ਮੁੜ ਆਕਾਰ ਦੇ ਰਹੀ ਹੈ।

# ਪੰਜਾਬ ਪੁਲਿਸ ਵੱਲੋਂ ਦੁਬਈ ਤੋਂ ਚਲਾਏ ਜਾ ਰਹੇ ਪਾਕਿਸਤਾਨ ਅਧਾਰਤ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼

ਅੰਮ੍ਰਿਤਸਰ: ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਦੁਬਈ ਅਧਾਰਤ ਭਗੌੜੇ ਤਸਕਰ ਮਨਜੋਤ ਸਿੰਘ ਉਰਫ਼ ਮੰਨੂ ਵੱਲੋਂ ਚਲਾਏ ਜਾ ਰਹੇ ਅਤੇ ਪਾਕਿਸਤਾਨ ਤੋਂ ਹਮਾਇਤ ਪ੍ਰਾਪਤ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ।


ਉਹਨਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਕਾਕਾ ਵਜੋਂ ਹੋਈ ਹੈ, ਜੋ ਕਿ ਤਰਨਤਾਰਨ ਦੇ ਪਿੰਡ ਹਵੇਲੀਆਂ ਦਾ ਰਹਿਣ ਵਾਲਾ ਹੈ ਅਤੇ ਇਸ ਵੇਲੇ ਅੰਮ੍ਰਿਤਸਰ ਦਿਹਾਤੀ ਦੇ ਪਿੰਡ ਸੈਦਪੁਰ ਵਿਖੇ ਰਹਿ ਰਿਹਾ ਹੈ। ਪੁਲਿਸ ਟੀਮਾਂ ਨੇ ਉਸ ਦੇ ਕਬਜ਼ੇ 'ਚੋਂ ਤਿੰਨ ਆਧੁਨਿਕ ਪਿਸਤੌਲ, ਜਿਨ੍ਹਾਂ ਵਿੱਚ 9 ਐਮਐਮ ਦੇ ਦੋ ਗਲੌਕ ਅਤੇ ਇੱਕ .30 ਬੋਰ ਚੀਨੀ ਪਿਸਤੌਲ ਸ਼ਾਮਲ ਹੈ, ਸਮੇਤ 4 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਉਸਦੇ ਗ੍ਰੇਅ ਰੰਗ ਦੀ ਹੌਂਡਾ ਐਕਟਿਵਾ ਸਕੂਟਰ (PB02EF2599), ਜਿਸ 'ਤੇ ਉਹ ਜਾ ਰਿਹਾ ਸੀ, ਨੂੰ ਵੀ ਜ਼ਬਤ ਕਰ ਲਿਆ ਹੈ। ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੂੰ ਇਹ ਭਰੋਸੇਯੋਗ ਜਾਣਕਾਰੀ ਮਿਲਣ ਕਿ ਇੱਕ ਵਿਦੇਸ਼ੀ ਮੂਲ ਦਾ ਭਾਰਤੀ ਵਿਅਕਤੀ ਮਨਜੋਤ ਸਿੰਘ ਉਰਫ਼ ਮੰਨੂ ਆਪਣੇ ਭਾਰਤ ਸਥਿਤ ਸਾਥੀਆਂ ਦੀ ਮਦਦ ਨਾਲ ਪਾਕਿਸਤਾਨ ਰਾਹੀਂ ਹਥਿਆਰਾਂ ਦੀ ਤਸਕਰੀ ਦਾ ਰੈਕੇਟ ਚਲਾ ਰਿਹਾ ਹੈ, ਸੀਆਈ ਅੰਮ੍ਰਿਤਸਰ ਦੀ ਟੀਮ ਨੇ ਕਾਰਵਾਈ ਸ਼ੁਰੂ ਕੀਤੀ ਅਤੇ ਦੋਸ਼ੀ ਗੁਰਪ੍ਰੀਤ ਸਿੰਘ ਨੂੰ ਪਿੰਡ ਰਾਮ ਤੀਰਥ ਤੋਂ ਪਿੰਡ ਖੁਰਮਣੀਆਂ ਅੰਮ੍ਰਿਤਸਰ ਨੂੰ ਜਾਂਦੀ ਲਿੰਕ ਰੋਡ 'ਤੇ ਵਿਖੇ ਵਿਸ਼ੇਸ਼ ਨਾਕਾ ਲਗਾ ਕੇ ਉਸ ਸਮੇਂ ਗ੍ਰਿਫਤਾਰ ਕਰ ਲਿਆ, ਜਦੋਂ ਉਹ ਹਥਿਆਰਾਂ ਦੀ ਖੇਪ ਪਹੁੰਚਾਉਣ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮਨਜੋਤ ਸਿੰਘ ਇਸ ਨੈੱਟਵਰਕ ਦਾ ਮੁੱਖ




ਸਰਗਨਾ ਹੈ ਜੋ ਪਾਕਿਸਤਾਨ ਅਧਾਰਤ ਤਸਕਰਾਂ ਨਾਲ ਸੰਪਰਕ ਕਰਨ ਲਈ ਐਨਕ੍ਰਿਪਟਡ ਐਪਸ ਦੀ ਵਰਤੋਂ ਕਰ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮ ਸਰਹੱਦ ਪਾਰੋਂ ਡਰੋਨ ਦੀ ਵਰਤੋਂ ਕਰਕੇ ਸੁੱਟੇ ਗਏ ਹਥਿਆਰਾਂ ਦੀ ਖੇਪ ਨੂੰ ਪ੍ਰਾਪਤ ਕਰਕੇ ਮੁਲਜ਼ਮ ਮਨਜੋਤ ਦੇ ਨਿਰਦੇਸ਼ਾਂ 'ਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਗੈਂਗਸਟਰਾਂ ਨੂੰ ਸਪਲਾਈ ਕਰਦਾ ਸੀ। ਜ਼ਿਕਰਯੋਗ ਹੈ ਕਿ ਦੋਸ਼ੀ ਮਨਜੋਤ 2022 ਵਿੱਚ ਤਰਨਤਾਰਨ ਦੇ ਪੁਲਿਸ ਸਟੇਸ਼ਨ ਸਰਾਏ ਅਮਾਨਤ ਖਾਨ ਵਿਖੇ ਦਰਜ ਕੀਤੇ ਗਏ ਐਨਡੀਪੀਐਸ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ ਲੋੜੀਂਦਾ ਹੈ। ਇਸ ਤੋਂ ਇਲਾਵਾ ਗ੍ਰਿਫਤਾਰ ਦੋਸ਼ੀ ਗੁਰਪ੍ਰੀਤ ਸਿੰਘ ਵੀ ਪੁਲਿਸ ਸਟੇਸ਼ਨ ਸਰਾਏ ਅਮਾਨਤ ਖਾਨ ਵਿਖੇ NDPS ਐਕਟ ਤਹਿਤ ਅਪਰਾਧਿਕ ਮਾਮਲੇ ਦਾ ਸਾਹਮਣਾ ਕਰ ਰਿਹਾ ਹੈ। ਡੀਜੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਉਸਦੇ ਸਾਥੀ ਦੀ ਵੀ ਪਛਾਣ ਕਰ ਲਈ ਹੈ ਅਤੇ ਉਸਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ। ਜ਼ਿਕਰਯੋਗ ਹੈ ਕਿ ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.), ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ 25(1) (ਏ) ਅਤੇ ਭਾਰਤੀ ਨਿਆਂ ਸੰਹਿਤਾ ਐਕਟ ਦੀ ਧਾਰਾ 61(2) ਤਹਿਤ ਐਫ.ਆਈ.ਆਰ. ਨੰਬਰ 1 ਮਿਤੀ 08.01.2025 ਦਰਜ ਕੀਤੀ ਗਈ ਹੈ।

# ਅਭਿਨੇਤਾ ਪੀਯੂਸ਼ ਮਿਸ਼ਰਾ LPU ਵਿਖੇ "ਕਿਤਾਬ ਉਤਸਵ 2024" ਵਿੱਚ ਸ਼ਾਮਿਲ ਹੋਏ






ਜਲੰਧਰ: ਬਾਲੀਵੁੱਡ ਦੇ ਮਸ਼ਹੂਰ ਅਭਿਨੇਤਾ, ਗੀਤਕਾਰ, ਲੇਖਕ ਅਤੇ ਥੀਏਟਰ ਮਾਸਟਰ ਪੀਯੂਸ਼ ਮਿਸ਼ਰਾ ਨੇ ਕਿਹਾ, "ਜਨਰੇਸ਼ਨ ਜ਼ੇਡ ਇੱਕ ਅਣਗੌਲੇ ਮਿਜ਼ਾਈਲ ਹਨ ਅਤੇ ਇਸ ਨੂੰ ਸਹੀ ਸਾਹਿਤ, ਸਿਨੇਮਾ ਅਤੇ ਸੰਗੀਤ ਦੇਣਾ ਸਾਡੀ ਜ਼ਿੰਮੇਵਾਰੀ ਹੈ ਤਾਂ ਜੋ ਇਹ ਸਹੀ ਦਿਸ਼ਾ ਵੱਲ ਵਧੇ। ਉਨ੍ਹਾਂ ਦੇ ਸ਼ਬਦਾਂ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (LPU) ਦੇ ਤਿੰਨ ਦਿਨਾਂ ਸਾਹਿਤ ਉਤਸਵ, ਕਿਤਾਬ ਉਤਸਵ - ਕਹਾਣੀਆਂ ਕਾ ਉਤਸਵ ਦੇ ਮਾਹੌਲ ਨੂੰ ਬਹੁਤ ਹੀ ਸ਼ਾਨਦਾਰ ਬਣਾਇਆ। ਇਹ ਸਕੂਲ ਆਫ ਲਿਬਰਲ ਐਂਡ ਕ੍ਰਿਏਟਿਵ ਆਰਟਸ ਦੁਆਰਾ ਰਾਜਕਮਲ ਪਬਲਿਸ਼ਿੰਗ ਗਰੁੱਪ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਕਿਤਾਬ ਦੋਸਤ ਥੀਮ 'ਤੇ ਆਯੋਜਿਤ, ਇਸ ਸਮਾਗਮ ਵਿੱਚ ਸਾਹਿਤ ਦੇ ਨਾਮਵਰ ਲੇਖਕ ਅਤੇ ਰਚਨਾਤਮਕ ਦੂਰਦਰਸ਼ੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਅਤੇ ਉਹਨਾਂ ਨਾਲ ਜੁੜਨ ਲਈ ਇਕੱਠੇ ਹੋਏ। ਡਾ: ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ LPU ਦੇ ਸੰਸਥਾਪਕ ਚਾਂਸਲਰ, ਕਰਨਲ ਡਾ: ਰਸ਼ਮੀ ਮਿੱਤਲ, LPU ਦੀ ਪ੍ਰੋ-ਚਾਂਸਲਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਡਾ. ਅਸ਼ੋਕ ਮਿੱਤਲ ਨੇ ਕਿਹਾ, "ਪੜ੍ਹਨਾ ਵਿਅਕਤੀਗਤ ਵਿਕਾਸ ਅਤੇ ਅਕਾਦਮਿਕ ਤੰਦਰੁਸਤੀ ਦੀ ਨੀਂਹ ਹੈ"। LPU ਦੀ ਕੇਂਦਰੀ ਲਾਇਬ੍ਰੇਰੀ, ਕਿਤਾਬਾਂ ਦੇ ਆਪਣੇ ਵਿਸ਼ਾਲ ਸੰਗ੍ਰਹਿ ਦੇ ਨਾਲ, ਸਿੱਖਣ ਅਤੇ ਗਿਆਨ ਦੇ ਸੱਭਿਆਚਾਰ ਨੂੰ ਵਿਕਸਤ ਕਰਨ ਲਈ ਸਾਡੇ ਸਮਰਪਣ ਨੂੰ ਦਰਸਾਉਂਦੀ ਹੈ। ਪੀਯੂਸ਼ ਮਿਸ਼ਰਾ ਦੇ ਸੈਸ਼ਨ ਨੇ ਦਰਸ਼ਕਾਂ ਨੂੰ ਮੋਹ ਲਿਆ ਕਿਉਂਕਿ ਉਸਨੇ ਥੀਏਟਰ ਤੋਂ ਸਿਨੇਮਾ ਤੱਕ ਦਾ ਆਪਣਾ ਸਫ਼ਰ ਸਾਂਝਾ ਕੀਤਾ, ਆਪਣੀ ਰਚਨਾਤਮਕ ਪ੍ਰਕਿਰਿਆ ਅਤੇ ਨਿੱਜੀ ਸੰਘਰਸ਼ਾਂ 'ਤੇ ਚਾਨਣਾ ਪਾਇਆ। ਆਪਣੀ ਸਵੈ-ਜੀਵਨੀ "ਤੁਮਹਾਰੀ ਔਕਾਤ ਕਯਾ ਹੈ" 'ਤੇ ਚਰਚਾ ਕਰਦੇ ਹੋਏ, ਉਨ੍ਹਾਂ ਨੇ ਇਸ ਵਿੱਚ ਜਿੱਤਾਂ ਅਤੇ ਕਮੀਆਂ ਨੂੰ ਸੰਬੋਧਿਤ ਕਰਦੇ ਹੋਏ, ਆਪਣੀ ਜ਼ਿੰਦਗੀ ਦਾ ਇੱਕ ਸਪੱਸ਼ਟ ਚਿੱਤਰਣ ਦੱਸਿਆ। ਇਹ ਸ਼ਰਾਬ ਦੀ ਲਤ ਵਰਗੇ ਸਮਾਜਿਕ ਮੁੱਦਿਆਂ ਬਾਰੇ ਗੱਲ ਕਰਦੀ ਹੈ, ਜਿਸ ਨਾਲ ਮੈਂ ਨਿੱਜੀ ਤੌਰ 'ਤੇ ਸੰਘਰਸ਼ ਕੀਤਾ ਹੈ, ਅਤੇ ਮੈਂ ਨੌਜਵਾਨਾਂ ਨੂੰ ਇਸ ਜੀਵਨ ਨੂੰ ਬਰਬਾਦ ਕਰਨ ਵਾਲੇ ਰਸਤੇ ਤੋਂ ਬਚਣ ਦੀ ਅਪੀਲ ਕਰਦਾ ਹਾਂ। ਉਨ੍ਹਾਂ ਭਾਵਪੂਰਤ ਸ਼ਰਧਾਂਜਲੀ ਭੇਟ ਕਰਦਿਆਂ ਵਿਦਿਆਰਥੀਆਂ ਨੂੰ ਭਗਤ ਸਿੰਘ ਵਰਗੀਆਂ ਇਤਿਹਾਸਕ ਸ਼ਖ਼ਸੀਅਤਾਂ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਆਪਣੀ ਧਰਤੀ 'ਤੇ ਹੋਣ 'ਤੇ ਮਾਣ ਕਰਨ ਦੀ ਅਪੀਲ ਕੀਤੀ। ਸੰਤੁਲਿਤ ਜੀਵਨ ਜਿਊਣ ਦੀ ਪ੍ਰੇਰਨਾ ਦਿੰਦਿਆਂ ਉਨ੍ਹਾਂ ਕਿਹਾ, "ਮਿਹਨਤ ਕਰੋ, ਇਨ੍ਹਾਂ ਦਿਨਾਂ ਦਾ ਆਨੰਦ ਮਾਣੋ ਅਤੇ ਜਨੂੰਨ ਨਾਲ ਜੀਓ; ਇਹੀ ਜੀਵਨ ਦਾ ਸਾਰ ਹੈ।" ਉਨ੍ਹਾਂ ਦੇ ਪ੍ਰਸਿੱਧ ਗੀਤ "ਇਕ ਬਾਗਲ" ਅਤੇ "ਆਰੰਭ ਹੈ ਪ੍ਰਚੰਡ" ਦੇ ਲਾਈਵ ਪ੍ਰਦਰਸ਼ਨ ਨੂੰ ਤਾੜੀਆਂ ਦੀ ਗੜਗੜਾਹਟ ਮਿਲੀ। ਉਨ੍ਹਾਂਨੇ ਇਹ ਵੀ ਸਾਂਝਾ ਕੀਤਾ ਕਿ 2016 ਵਿੱਚ ਬਣੇ ਉਨ੍ਹਾਂ ਦੇ ਬੈਂਡ ਵਿੱਚ L P U ਦੇ ਸਾਬਕਾ ਵਿਦਿਆਰਥੀ ਜਯੰਤ ਪਟਨਾਇਕ ਸ਼ਾਮਲ ਹਨ। ਆਪਣੇ ਸੈਸ਼ਨ ਵਿੱਚ ਨਾਮਵਰ ਲੇਖਕ ਸਰਬਪ੍ਰੀਤ ਸਿੰਘ ਨੇ ਵੀ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਆਪਣੇ ਨਾਵਲ "ਦਿ ਸੂਫੀਜ਼ ਨਾਈਟਿੰਗੇਲ" ਦੇ ਪਿੱਛੇ ਦੀ ਕਹਾਣੀ ਸਾਂਝੀ ਕੀਤੀ। ਉਸ ਨੇ ਪ੍ਰਸਿੱਧ ਸੂਫ਼ੀ ਕਵੀ ਸ਼ਾਹ ਹੁਸੈਨ ਦੇ ਜੀਵਨ ਬਾਰੇ ਚਰਚਾ ਕੀਤੀ, ਜਿਸ ਦੀ ਕਹਾਣੀ ਨੇ ਉਸ ਦੇ ਕੰਮ ਨੂੰ ਪ੍ਰੇਰਿਤ ਕੀਤਾ। ਅਨੁਰਾਧਾ ਬੈਨੀਵਾਲ, ਰਾਸ਼ਟਰੀ ਸ਼ਤਰੰਜ ਚੈਂਪੀਅਨ ਅਤੇ ਲੇਖਕ ਆਪਣੀ ਕਿਤਾਬ ਅਜ਼ਾਦੀ ਮੇਰਾ ਬ੍ਰਾਂਡ ਤੋਂ ਪ੍ਰੇਰਨਾ ਲੈਂਦਿਆਂ, ਬੁੱਕ ਉਤਸਵ 2024 ਵਿੱਚ ਆਪਣੀ ਯਾਤਰਾ ਸਾਂਝੀ ਕਰਦੀ ਹੈ। ਉਸਨੇ ਆਜ਼ਾਦੀ 'ਤੇ ਜ਼ੋਰ ਦਿੰਦੇ ਹੋਏ ਕਿਹਾ, "ਆਜ਼ਾਦੀ ਸਿਰਫ਼ ਉਦੋਂ ਆਜ਼ਾਦੀ ਨਹੀਂ ਹੈ ਜਦੋਂ ਤੁਹਾਨੂੰ ਕੁਝ ਕਰਨ ਦੀ ਇਜਾਜ਼ਤ ਦਿੱਤੀ ਜਾਂਦੀ ਹੈ, ਪਰ ਜਦੋਂ ਤੁਹਾਨੂੰ ਕਿਸੇ ਦੀ ਇਜਾਜ਼ਤ ਦੀ ਲੋੜ ਨਹੀਂ ਹੁੰਦੀ ਹੈ।" ਵਿਨੀਤ ਕੁਮਾਰ ਲੇਖਕ ਨੇ ਵੱਧ ਰਹੇ ਸਕਰੀਨ ਟਾਈਮ ਦੇ ਯੁੱਗ ਵਿੱਚ ਡਿਜੀਟਲ ਡੀਟੌਕਸ ਦੀ ਲੋੜ ਬਾਰੇ ਚਰਚਾ ਕੀਤੀ। ਇਸ ਸਮਾਗਮ ਵਿੱਚ ਕੈਲੀਗ੍ਰਾਫੀ, ਬੁੱਕਮਾਰਕ-ਮੇਕਿੰਗ, ਹੈਂਡਰਾਈਟਿੰਗ, ਲੇਖ ਲਿਖਣ ਅਤੇ ਡਰਾਮਾ/ਵਨ ਐਕਟ ਪਲੇ ਮੁਕਾਬਲੇ ਵਰਗੇ ਦਿਲਚਸਪ ਮੁਕਾਬਲਿਆਂ ਨਾਲ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਸਮਾਗਮ ਵਿੱਚ ਇੱਕ ਵਿਭਿੰਨ ਪੁਸਤਕ ਮੇਲਾ ਵੀ ਸ਼ਾਮਲ ਸੀ, ਜਿਸ ਵਿੱਚ ਗਲਪ ਅਤੇ ਗੈਰ-ਗਲਪ ਤੋਂ ਲੈ ਕੇ ਇਤਿਹਾਸ, ਕਵਿਤਾ, ਸਿਨੇਮਾ ਅਤੇ ਜੀਵਨੀਆਂ ਤੱਕ ਦੀਆਂ ਸ਼ੈਲੀਆਂ ਦਾ ਪ੍ਰਦਰਸ਼ਨ ਕੀਤਾ ਗਿਆ।

# ਅਸ਼ਵਨੀ ਚਾਵਲਾ ਬਣੇ ਪੰਜਾਬ ਵਿਧਾਨ ਸਭਾ ਦੀ ਪ੍ਰੈੱਸ ਗੈਲਰੀ ਕਮੇਟੀ ਦੇ ਮੁਖੀ



ਚੰਡੀਗੜ੍ਹ: ਪੰਜਾਬ ਵਿਧਾਨ ਸਭਾ ਦੀ ਪ੍ਰੈਸ ਗੈਲਰੀ ਕਮੇਟੀ ਦੀਆਂ ਸਲਾਨਾ ਚੋਣਾਂ ਵਿੱਚ ਸ਼੍ਰੀ ਅਸ਼ਵਨੀ ਚਾਵਲਾ ਨੂੰ ਪ੍ਰੈਸ ਗੈਲਰੀ ਕਮੇਟੀ ਦਾ ਪ੍ਰਧਾਨ ਚੁਣ ਲਿਆ ਗਿਆ ਹੈ। ਚੋਣਾਂ ਦੌਰਾਨ ਸਮੂਹ ਪੱਤਰਕਾਰ ਮੈਂਬਰਾਂ ਨੇ ਸ਼੍ਰੀ ਅਸ਼ਵਨੀ ਚਾਵਲਾ ਦੇ ਨਾਂ 'ਤੇ ਆਪਣੀ ਸਹਿਮਤੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਪ੍ਰਧਾਨ ਦੇ ਅਹੁਦੇ ਲਈ ਬਿਨਾਂ ਮੁਕਾਬਲਾ ਚੁਣਨ ਦਾ ਫੈਸਲਾ ਕੀਤਾ। ਇਸ ਤੋਂ ਬਾਅਦ ਸ਼੍ਰੀ ਅਸ਼ਵਨੀ ਚਾਵਲਾ ਨੂੰ ਸਰਬਸੰਮਤੀ ਨਾਲ ਪ੍ਰੈਸ ਗੈਲਰੀ ਕਮੇਟੀ 2025 ਦਾ ਪ੍ਰਧਾਨ ਐਲਾਨਿਆ ਗਿਆ। ਇਸ ਤੋਂ ਬਾਅਦ ਪ੍ਰੈਸ ਗੈਲਰੀ ਕਮੇਟੀ ਦੇ ਉਪ ਪ੍ਰਧਾਨ ਦੀ ਚੋਣ ਲਈ ਸ਼੍ਰੀ ਅਮਿਤ ਪਾਂਡੇ ਅਤੇ ਜਨਰਲ ਸਕੱਤਰ ਵਜੋਂ ਸ਼੍ਰੀ ਦੀਪਕ ਸ਼ਰਮਾ ਦੇ ਨਾਂ ਪੇਸ਼ ਕੀਤੇ ਗਏ ਜਿਸ ਦੌਰਾਨ ਮੈਂਬਰਾਂ ਨੇ ਇਸ ਚੋਣ ਵਿੱਚ ਸ਼੍ਰੀ ਅਮਿਤ ਪਾਂਡੇ ਅਤੇ ਸ੍ਰੀ ਦੀਪਕ ਸ਼ਰਮਾ ਨੂੰ ਵੀ ਬਿਨਾਂ ਮੁਕਾਬਲਾ ਚੁਣੇ ਜਾਣ ਦਾ ਐਲਾਨ ਕੀਤਾ ਗਿਆ ਕਿਉਂਕਿ ਇਨ੍ਹਾਂ ਦੋਵਾਂ ਅਹੁਦਿਆਂ ਲਈ ਦੋਵਾਂ ਉਮੀਦਵਾਰਾਂ ਦੇ ਸਾਹਮਣੇ ਹੋਰ ਕੋਈ ਵੀ ਮੈਂਬਰ ਚੋਣ ਲੜਨ ਲਈ ਅੱਗੇ ਨਹੀਂ ਆਇਆ। ਪ੍ਰੈਸ ਗੈਲਰੀ ਕਮੇਟੀ ਦੇ ਪੱਤਰਕਾਰ ਮੈਂਬਰਾਂ ਦੀ ਹਾਜ਼ਰੀ ਵਿੱਚ ਇਨ੍ਹਾਂ ਦੋਵਾਂ ਅਹੁਦਿਆਂ 'ਤੇ ਅਮਿਤ ਪਾਂਡੇ ਨੂੰ ਉਪ ਪ੍ਰਧਾਨ ਅਤੇ ਦੀਪਕ ਸ਼ਰਮਾ ਨੂੰ ਸਕੱਤਰ ਜਨਰਲ ਲਈ ਸਰਬਸੰਮਤੀ ਨਾਲ ਐਲਾਨਿਆ ਗਿਆ। ਵਿਧਾਨ ਸਭਾ ਦੀ ਪ੍ਰੈਸ ਗੈਲਰੀ ਕਮੇਟੀ ਪੱਤਰਕਾਰਾਂ ਨੂੰ ਦਰਪੇਸ਼ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਨੂੰ ਦੂਰ ਕਰਨ ਅਤੇ ਉਨ੍ਹਾਂ ਦੀ ਸਹੂਲਤ ਲਈ ਵਿਧਾਨ ਸਭਾ ਦੇ ਸਪੀਕਰ ਨੂੰ ਸਲਾਹ ਦਿੰਦੀ ਹੈ। ਪੱਤਰਕਾਰਾਂ ਦੀ ਸਹੂਲਤ ਲਈ ਫੈਸਲੇ ਪ੍ਰੈਸ ਗੈਲਰੀ ਕਮੇਟੀ ਦੁਆਰਾ ਦਿੱਤੀ ਸਲਾਹ 'ਤੇ ਵਿਧਾਨ ਸਭਾ ਦੇ ਸਪੀਕਰ ਦੁਆਰਾ ਲਏ ਜਾਂਦੇ ਹਨ।

# ਰਾਜਨੀਤਕ ਪਾਰਟੀਆਂ ਫਾਇਨਲ ਵੋਟਰ ਸੂਚੀਆਂ ਦੀ ਅਨੁਪੂਰਕ ਸੂਚੀ ਅਤੇ CD ਸੌਂਪੀ

ਮੋਹਾਲੀ: ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਨੇ ਅੱਜ ਇੱਥੇ ਦੱਸਿਆ ਕਿ ਯੋਗਤਾ ਮਿਤੀ 01.01.2025 ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਸੁਧਾਈ ਦੌਰਾਨ ਜੋ ਲੋਕਾਂ ਵੱਲੋਂ ਦਾਅਵੇ ਅਤੇ ਇਤਰਾਜ ਮਿਤੀ 28.11.2024 ਤੱਕ ਪੇਸ਼ ਕੀਤੇ ਗਏ ਸਨ, ਉਹਨਾਂ ਦੇ ਨਿਪਟਾਰੇ ਉਪਰੰਤ ਵੋਟਾਂ ਬਣਾ ਦਿੱਤੀਆਂ ਗਈਆਂ ਹਨ। ਅੱਜ ਇੱਥੇ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਫਾਇਨਲ ਵੋਟਰ ਸੂਚੀਆਂ ਦੀ ਅਨੁਪੂਰਕ ਸੂਚੀ ਅਤੇ ਸੀ ਡੀ ਸੌਂਪਦਿਆਂ ਉਨ੍ਹਾਂ ਕਿਹਾ ਕਿ ਇਹ ਸੂਚੀ ਅੰਤਿਮ ਪ੍ਰਕਾਸ਼ਨਾ ਮਿਤੀ 07.01.2025 ਦੇ ਆਧਾਰ ਤੇ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਬੰਧਤ ਬੀ.ਐੱਲ.ਓ., ਚੋਣਕਾਰ ਰਜਿਸ਼ਟਰੇਸ਼ਨ ਅਫਸਰ (ਐਸ.ਡੀ.ਐੱਮ. ਦਫ਼ਤਰ) ਅਤੇ ਜ਼ਿਲ੍ਹਾ ਚੋਣ ਦਫਤਰ, ਵਿੱਚ ਵੋਟਰਾਂ ਦੇ ਦੇਖਣ ਲਈ ਇਹ ਸੂਚੀਆਂ ਉਪਲਬਧ ਹਨ। ਫੋਟੋ ਵੋਟਰ ਸੂਚੀਆਂ ਦੇ ਅਨੂਪੂਰਕ ਦੀ 1-1 ਕਾਪੀ ਅਤੇ ਬਿਨਾਂ ਫੋਟੋ ਤੋਂ ਇੱਕ-ਇੱਕ ਸੀ.ਡੀ. ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੀ ਸਪਲਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜੇ ਵੀ ਕਿਸੇ ਵਿਅਕਤੀ ਦੀ ਵੋਟ ਬਣਨ ਤੋਂ




ਰਹਿੰਦੀ ਹੈ ਤਾਂ ਉਹ ਲਗਾਤਾਰ ਸੁਧਾਈ ਦੌਰਾਨ ਦਾਅਵੇ ਤੇ ਇਤਰਾਜ ਸਬੰਧਤ ਬੀ.ਐੱਲ.ਓ. ਜਾਂ ਚੋਣਕਾਰ ਰਜਿਸ਼ਟਰ੍ਰੇਸ਼ਨ ਅਫਸਰ ਦੇ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਇਸ ਮੀਟਿੰਗ ਵਿੱਚ ਸ਼ਾਮਿਲ ਪਾਰਟੀਆਂ ਦੇ ਨੁਮਾਇੰਦਿਆਂ ਵਿੱਚ ਬੀ.ਐਸ. ਚੈਹਲ (ਆਮ ਆਦਮੀ ਪਾਰਟੀ), ਹਰਕੇਸ਼ ਸ਼ਰਮਾ (ਇੰਡੀਅਨ ਨੈਸ਼ਨਲ ਕਾਂਗਰਸ), ਸੰਜੀਵ ਵਸ਼ਿਸ਼ਟ (ਜਿਲ੍ਹਾ ਪ੍ਰਧਾਨ ਬੀ.ਜੇ.ਪੀ.) ਅਤੇ ਹਰਪ੍ਰੀਤ ਸਿੰਘ (ਸ਼੍ਰੋਮਣੀ ਅਕਾਲੀ ਦਲ) ਸ਼ਾਮਲ ਸਨ। ਇਸ ਮੌਕੇ ਏ.ਡੀ.ਸੀ. ਵਿਰਾਜ ਐੱਸ ਤਿੜਕੇ ਅਤੇ ਸੋਨਮ ਚੌਧਰੀ ਤੋਂ ਇਲਾਵਾ ਚੋਣ ਤਹਸੀਲਦਾਰ ਸੰਜੇ ਕੁਮਾਰ ਵੀ ਮੌਜੂਦ ਸਨ।

# ਜੱਲਾਦ

## ਇੱਕ ਕਹਾਣੀ

- ਗੋਵਰਧਨ ਗੱਬੀ

ਭਾਗ-1



"ਮੁਕਾ ਆਇਐਂ ਆਪਣਾ ਕੰਮ... ਪੈ ਗਈ ਠੰਢ...?"
"ਕੌਣ ਬੋਲਦੈ... ਕੌਣ ਹੈਂ ਤੂੰ...?"
"ਮੈਂ ਕੋਈ ਵੀ ਹੋਵਾਂ, ਤੂੰ ਜੁਆਬ ਦੇ ਜੋ ਸੁਆਲ ਪੁੱਛਿਆ ਹੈ ਤੇਰੇ ਕੋਲੋਂ...।"
"ਹਾਂ, ਮੁਕਾ ਆਇਆਂ... ਕੁਝ ਘੜੀਆਂ ਪਹਿਲਾਂ ਹੀ ਮੁੜਿਆਂ...।"
"ਕਿੱਦਾਂ ਮਹਿਸੂਸ ਹੋ ਰਿਹਾ ਹੈ...?"
"ਦਿਮਾਗ਼ ਖਾਲੀ ਹੋ ਗਿਐ... ਕਮਰੇ ਵਿੱਚ ਇੱਕ ਅਜੀਬ ਕਿਸਮ ਦਾ ਸੰਨਾਟਾ ਪਸਰ ਗਿਆ ਹੈ... ਕੰਮ ਮੁਕੰਮਲ ਹੋਣ ਤੋਂ ਛੇਤੀ ਬਾਅਦ ਮੈਂ ਜੇਲ੍ਹ ਅਧਿਕਾਰੀਆਂ ਨੂੰ ਬੇਨਤੀ ਕਰ ਦਿੱਤੀ ਸੀ ਕਿ ਅਗਲੇ ਦੋ ਘੰਟਿਆਂ ਤੱਕ ਕੋਈ ਮੇਰੇ ਕੋਲ ਨਹੀਂ ਆਵੇਗਾ... ਮੈਂ ਮੀਡੀਆ ਸਮੇਤ ਕਿਸੇ ਨਾਲ ਕਿਸੇ ਤਰ੍ਹਾਂ ਦੀ ਗੱਲਬਾਤ ਨਹੀਂ ਕਰਾਂਗਾ। ਫਿਰ ਤੂੰ ਕਿੱਥੋਂ ਅੰਦਰ ਦਾਖਲ ਹੋਇਐਂ... ਲੁਕਿਆ ਕਿਉਂ ਹੈਂ...? ਸਾਹਮਣੇ ਆ ਕੇ ਗੱਲ ਕਰ...।"
"ਮੈਂ ਦੱਸ ਦਿਆਂਗਾ ਮੈਂ ਕੌਣ ਹਾਂ... ਤੂੰ ਦੱਸ ਨਾ ਕਿੰਝ ਲੱਗ ਰਿਹੈ ਹੁਣ...।"
"ਬਸ ਅਜੇ ਤਾਂ ਉਨ੍ਹਾਂ ਚਾਰਾਂ ਦੇ ਕਾਲੇ ਟੋਪਿਆਂ ਵਿੱਚ ਢੱਕੇ ਹੋਏ ਚਿਹਰੇ, ਲੜਖੜਾਉਂਦੇ ਕਦਮ, ਰੱਸਿਆਂ ਉੱਪਰ ਝੂਲਦੇ, ਤੜਫ਼ਦੀਆਂ ਤੇ ਕੰਬਦੀਆਂ ਗਰਮ ਲੋਥਾਂ, ਬਾਹਰ ਨੂੰ ਨਿਕਲੇ ਆਨਿਆਂ ਵਾਲਾ ਉਨ੍ਹਾਂ ਦਾ ਡਰਾਵਣਾ ਰੂਪ... ਸਾਰਾ ਕੁਝ ਮੇਰੇ ਆਲੇ-ਦੁਆਲੇ ਘੁੰਮਦਾ ਵਿਖਾਈ ਦੇ ਰਿਹਾ ਹੈ... ਰੱਬ ਦਾ ਵਾਸਤਾ ਯਾਰ, ਤੂੰ ਜਾ ਇੱਥੋਂ...।"
"ਐਵੇਂ ਇਧਰ ਉਧਰ ਦੀਆਂ ਨਾ ਮਾਰ... ਕਦੇ ਕਸਾਈਆਂ ਤੇ ਜੱਲਾਦਾਂ ਦੇ ਦਿਲ ਵੀ ਪਸੀਜਦੇ ਨੇ ਭਲਾ...?"
"ਤੂੰ ਵੀ ਉਹੀ ਸਮਝਦਾ ਹੋਵੇਂਗਾ ਜੋ ਬਾਕੀ ਸਾਰੇ ਲੋਕ ਸਮਝਦੇ ਨੇ ਕਿ ਮੈਨੂੰ ਕੁਝ ਨਹੀਂ ਹੁੰਦਾ ਕਿਉਂਕਿ ਮੈਂ ਤਾਂ ਜੱਲਾਦ ਹਾਂ!"
"ਨਾ ਹੋਰ ਕੀ ਹੈਂ...? ਜੱਲਾਦ ਹੀ ਤਾਂ ਹੈਂ... ਜੱਲਾਦ ਤੇ ਕਸਾਈ ਵਿੱਚ ਕੀ ਅੰਤਰ ਹੁੰਦਾ ਹੈ ਭਾਈ ਸਾਹਿਬ...।"
ਇਹ ਵੀ ਸੱਚ ਹੈ ਕਿ ਲੋਕਾਂ ਸਾਹਮਣੇ ਮੈਂ ਵੀ ਇਹੀ ਵਿਖਾਵਾ ਕਰਦਾ ਹਾਂ ਬਈ ਜਦੋਂ ਮੈਂ ਕਿਸੇ ਇਨਸਾਨ ਨੂੰ ਫਾਹੇ ਟੰਗ ਕੇ ਆਉਂਦਾ ਹਾਂ ਤਾਂ ਮੈਨੂੰ ਕੁਝ ਨਹੀਂ ਹੁੰਦਾ... ਮੈਂ ਲੋਹੇ ਦੇ ਦਿਲ ਵਾਲਾ ਹਾਂ ਜੋ ਕਦੇ ਵੀ ਧੜਕਦਾ ਨਹੀਂ। ਇਹ ਲੋਕ ਨਹੀਂ ਜਾਣਦੇ ਕਿ ਜੱਲਾਦਪੁਣਾ ਮੇਰਾ ਪੇਸ਼ਾ ਹੈ, ਨੌਕਰੀ ਹੈ... ਮਜਬੂਰੀ ਹੈ, ਕੋਈ ਸ਼ੌਕ ਨਹੀਂ... ਰੋਜ਼ੀ ਰੋਟੀ ਦਾ ਜ਼ਰੀਆ ਹੈ। ਯਾਰ ਅਖੀਰ ਹਾਂ ਤਾਂ ਮੈਂ ਵੀ ਇੱਕ ਇਨਸਾਨ ਹੀ... ਜੋ ਇੱਕ ਪਿਤਾ ਹੈ, ਪੁੱਤਰ, ਭਰਾ ਤੇ ਪਤੀ ਵੀ ਹੈ। ਮੇਰਾ ਦਿਲ ਵੀ ਧੜਕਦਾ ਹੈ ਜਿਵੇਂ ਹੋਰਾਂ ਦਾ ਧੜਕਦਾ ਹੈ...।"
"ਝਾੜਤੀ ਨਾ ਫਿਲਾਸਫ਼ੀ। ਹਰ ਵਾਰ ਤੇਰਾ ਮੰਤਵ ਕੁਝ ਹੋਰ ਹੁੰਦਾ ਹੈ। ਨਹੀਂ ਤਾਂ ਥੋੜ੍ਹੇ ਜਿਹੇ ਪੈਸਿਆਂ ਖ਼ਾਤਰ ਤੂੰ ਮਨੁੱਖ ਨੂੰ ਜਾਨੋਂ ਕਿੱਦਾਂ ਮਾਰ ਸਕਦੈਂ...?"
"ਪਤਾ ਨਹੀਂ ਭਰਾਵਾ ਤੂੰ ਕੌਣ ਹੈਂ। ਘੱਟ ਤੋਂ ਘੱਟ ਪੱਤਰਕਾਰ ਤਾਂ ਨਹੀਂ ਲੱਗਦਾ। ਮਿੱਤਰਾ, ਇਹ ਵੀ ਤਾਂ ਸੱਚ ਹੈ ਕਿ ਜੋ ਇਸ ਦੁਨੀਆ ਉੱਪਰ ਆਇਆ ਹੈ ਉਸ ਨੇ ਅਖੀਰ ਜਾਣਾ ਹੀ ਹੈ, ਜੋ ਜਨਮਿਆ ਹੈ ਉਸ ਨੇ ਫੌਤ ਹੋਣਾ ਹੀ ਹੈ। ਹਰ ਕਿਸੇ ਨੂੰ ਦੇਹ ਤਿਆਗ ਕੇ ਹੀ ਮੁਕਤੀ ਮਿਲਣੀ ਹੈ। ਇਹੀ ਕੁਦਰਤ ਦਾ ਨਿਯਮ ਹੈ। ਮਿੱਤਰਾ... ਕੁਦਰਤ ਨੇ ਇੱਕ ਨਿਯਮ ਚੰਗਾ ਬਣਾਇਆ ਹੋਇਆ ਹੈ ਕਿ ਜਨਮ ਤੋਂ ਬਾਅਦ ਉਹ ਜੀਵ ਨੂੰ ਇਹ ਨਹੀਂ ਦੱਸਦੀ ਕਿ ਉਸ ਨੇ ਕਿਸ ਦਿਨ, ਕਿੰਨੇ ਵਜੇ, ਕਿਵੇਂ ਤੇ ਕਿੱਥੇ ਮਰਨਾ ਹੈ, ਪਰ ਮਨੁੱਖ ਨੇ ਜਿਊਣਾ ਕਿੱਦਾਂ ਹੈ, ਇਹ ਕੁਝ ਨਾ ਕੁਝ ਮਨੁੱਖ ਦੇ ਹੱਥ ਵਿੱਚ ਹੁੰਦਾ ਹੀ ਹੈ ਨਾ। ਭਰਾਵਾ, ਜ਼ਰਾ ਕਿਆਸ ਲਗਾ ਕੇ ਦੇਖ ਕਿ ਜੇਕਰ ਕਿਸੇ ਇਨਸਾਨ ਨੂੰ ਇਹ ਪਤਾ ਲੱਗ ਜਾਏ ਕਿ ਉਹ ਕਿਸ ਦਿਨ ਮਰੇਗਾ? ਕਿੰਨੇ ਵਜੇ ਮਰੇਗਾ? ਕਿਵੇਂ ਮਰੇਗਾ ਤੇ ਕਿੱਥੇ ਮਰੇਗਾ ਤਾਂ ਉਸ ਉਪਰ ਕੀ ਗੁਜ਼ਰੇਗੀ? ਉਸ ਦੀ ਹਾਲਤ ਕੀ ਹੋਵੇਗੀ? ਉਸ ਇਨਸਾਨ ਦੀ ਮਨੋਸਥਿਤੀ ਬਾਰੇ ਵੀ ਅੰਦਾਜ਼ਾ ਲਗਾ ਕੇ ਦੇਖ ਜਿਸ ਨੂੰ ਇਹ ਪਤਾ ਹੋਵੇ ਕਿ ਉਸ ਨੇ ਕਿਸ ਇਨਸਾਨ ਨੂੰ, ਕਿਹੜੇ ਦਿਨ, ਕਿੰਨੇ ਵਜੇ, ਕਿਸ ਤਰ੍ਹਾਂ ਤੇ ਕਿੱਥੇ ਫਾਂਸੀ ਉੱਪਰ ਚੜ੍ਹਾਉਣਾ ਹੈ... ਮਾਰ ਮੁਕਾਉਣਾ ਹੈ... ਉਸ ਨੂੰ ਕਿਵੇਂ ਆਪਣੇ ਜਿਗਰੇ ਨੂੰ ਵੱਡਾ ਕਰਨਾ ਪਵੇਗਾ ਤਾਂ ਕਿ ਐਨ ਮੌਕੇ ਉਪਰ ਪਹੁੰਚ ਕੇ ਉਹ ਕਿਤੇ ਅਸਫ਼ਲ ਨਾ ਹੋ ਜਾਵੇ... ਘਬਰਾ ਨਾ ਜਾਵੇ... ਕਮਜ਼ੋਰ ਨਾ ਪੈ ਜਾਵੇ...।"
"ਓ ਵੱਡੀਆਂ ਵੱਡੀਆਂ ਸ਼ੁਰਲੀਆਂ ਨਾ ਛੱਡ... ਸੁਣਿਐ ਤੂੰ ਬੜਾ ਖ਼ੁਸ਼ ਹੈਂ ਨਵਾਂ ਰਿਕਾਰਡ ਬਣਾ ਕੇ...?"
"ਕਾਹਦਾ ਖ਼ੁਸ਼ ਯਾਰ... ਇਹਦੇ ਵਿੱਚ ਕਿਹੜੀ ਖ਼ੁਸ਼ੀ ਤੇ ਮਾਣ ਵਾਲੀ ਗੱਲ ਹੈ? ਅੱਜ ਵਾਲੇ ਚਾਰਾਂ ਮੁਜ਼ਰਮਾਂ ਨੂੰ ਮਿਲਾ ਕੇ ਮੈਂ ਹੁਣ ਤਕ ਨੌਂ ਬੰਦਿਆਂ ਨੂੰ ਫਾਂਸੀ ਉੱਪਰ ਚੜ੍ਹਾ ਚੁੱਕਾ ਹਾਂ। ਉਹ ਵੱਖਰੀ ਗੱਲ ਹੈ ਕਿ ਚਾਰ ਮੁਜ਼ਰਮਾਂ ਨੂੰ ਇਕੱਠੇ ਤੇ ਇੱਕੋ ਸਮੇਂ ਫਾਂਸੀ ਉਪਰ ਚੜ੍ਹਾਉਣ ਵਾਲਾ ਮੈਂ ਆਜ਼ਾਦ ਭਾਰਤ ਦਾ ਪਹਿਲਾ ਜੱਲਾਦ ਬਣਨ ਦਾ ਇਤਿਹਾਸ ਰਚ ਚੁੱਕਾ ਹਾਂ। ਸੋਚ ਰਿਹਾਂ ਕਿ ਕੀ ਮੈਨੂੰ ਆਪਣੀ ਇਸ ਪ੍ਰਾਪਤੀ ਉਪਰ ਮਾਣ ਮਹਿਸੂਸ ਕਰਨਾ ਚਾਹੀਦਾ ਹੈ? ਗਰਵ ਹੋਣਾ ਚਾਹੀਦਾ ਹੈ...? ਇਹ ਬਹੁਤ ਅਜੀਬ, ਔਖਾ, ਬੇਢੰਗਾ ਤੇ ਬੇਮਤਲਬ ਸਵਾਲ ਹੈ ਜੋ ਮੈਂ ਆਪਣੇ ਆਪ ਨੂੰ ਕਰ ਰਿਹਾ ਹਾਂ। ਮੇਰੇ ਕੋਲ ਫਿਲਹਾਲ ਇਸ ਦਾ ਕੋਈ ਠੋਸ ਜੁਆਬ ਨਹੀਂ ਹੈ...।"
"ਤੂੰ ਝੂਠ ਬੋਲਦਾ ਪਿਐਂ... ਮੈਨੂੰ ਪਤੈ ਅੱਜ ਤੂੰ ਅੰਦਰੋਂ ਬਹੁਤ ਖ਼ੁਸ਼ ਹੈਂ। ਚੱਲ ਇਹ ਦੱਸ ਕਦੋਂ ਤੋਂ ਤਿਆਰੀਆਂ ਕਰ ਰਿਹਾ ਸੀ...?"
"ਪਿਛਲੇ ਚਾਰ ਦਿਨਾਂ ਤੋਂ ਚਾਰ ਕੈਦੀਆਂ ਨੂੰ ਫਾਂਸੀ ਦੇਣ ਵਾਸਤੇ ਮੈਂ ਜੇਲ੍ਹ ਵਿੱਚ ਹੀ ਸਾਂ। ਮੇਰੇ ਦਿਮਾਗ ਵਿੱਚ ਅਜੀਬ ਕਿਸਮ ਦੇ ਸਵਾਲਾਂ ਤੇ ਜਵਾਬਾਂ ਨੇ ਲਗਾਤਾਰ ਉੱਥਲ ਪੁੱਥਲ ਮਚਾਈ ਹੋਈ ਸੀ। ਇੱਕੋ ਵੇਲੇ ਜੰਮ ਵੀ ਰਹੇ ਸਨ ਤੇ ਮਰ ਵੀ। ਕੁਝ ਸਮਝ ਨਹੀਂ ਆ ਰਿਹਾ ਸੀ ਕਿ ਸਹੀ ਕੀ ਹੈ? ਗ਼ਲਤ ਕੀ ਹੈ? ਪੁੰਨ ਕੀ ਹੈ? ਪਾਪ ਕੀ ਹੈ? ਜ਼ਿੰਦਗੀ ਕੀ ਹੈ...? ਮੌਤ ਕੀ ਹੈ...?"
"ਓ..! ਤੇਰੇ ਮੂੰਹੋਂ ਪਾਪ ਪੁੰਨ ਦੀਆਂ ਗੱਲਾਂ ਸੁਣ ਕੇ ਬੜਾ ਅਜੀਬ ਲੱਗਦਾ ਹੈ... ਚਾਰ ਦਿਨਾਂ ਤੋਂ ਤੂੰ ਕੀ ਸੋਚ ਰਿਹਾ ਸੀ..?"
"ਚੱਲ ਠੀਕ ਹੈ ਭਰਾਵਾ ਜਿਵੇਂ ਤੂੰ ਖ਼ੁਸ਼ ਰਹਿਣਾ ਹੈ ਰਹਿ, ਪਰ ਚਾਰੇ ਦਿਨ ਮੈਂ ਉਨ੍ਹਾਂ ਮੁਜ਼ਰਮਾਂ ਬਾਰੇ ਸੋਚਦਾ ਰਿਹਾ... ਉਨ੍ਹਾਂ ਦੀ ਮਨੋਸਥਿਤੀ ਨੂੰ ਸਮਝਣ ਦੀ ਅਸਫ਼ਲ ਕੋਸ਼ਿਸ਼ ਕਰ ਰਿਹਾ ਸਾਂ। ਆਪ ਵੀ ਅਜੀਬ ਕਿਸਮ ਦੀ ਮਨੋਸਥਿਤੀ ਵਿੱਚੋਂ ਗੁਜ਼ਰ ਰਿਹਾ ਸਾਂ। ਉਨ੍ਹਾਂ ਦੀ ਥਾਂ ਆਪਣੇ ਆਪ ਨੂੰ ਬਿਠਾ ਕੇ ਸੋਚ ਰਿਹਾ ਸਾਂ ਕਿ ਉਨ੍ਹਾਂ ਦੇ ਦਿਲ ਉਪਰ ਕੀ ਗੁਜ਼ਰ ਰਹੀ ਹੋਵੇਗੀ? ਉਨ੍ਹਾਂ ਦੇ ਘਰ ਵਾਲਿਆਂ ਬਾਰੇ ਸੋਚ ਰਿਹਾ ਸਾਂ... ਉਹ ਕੀ ਸੋਚ ਰਹੇ ਹੋਣਗੇ। ਉਹ ਆਪਣੇ ਆਂਢੀਆਂ-ਗੁਆਂਢੀਆਂ ਤੇ ਰਿਸ਼ਤੇਦਾਰਾਂ ਨਾਲ ਨਜ਼ਰਾਂ ਕਿੰਝ ਮਿਲਾਉਂਦੇ ਹੋਣਗੇ...? ਉਨ੍ਹਾਂ ਦੇ ਤਾਅਨੇ ਮਿਹਣੇ ਕਿੰਝ ਸਹਿੰਦੇ ਹੋਣਗੇ?"
"ਅੱਛਾ... ਮੈਨੂੰ ਤਾਂ ਬੜਾ ਕਮੀਨਾ ਲੱਗਦੈਂ ਤੂੰ... ਉਨ੍ਹਾਂ ਬਾਰੇ ਸੋਚ ਰਿਹੈਂ...? ਉਸ ਕੁੜੀ ਦੇ ਮਾਪਿਆਂ ਬਾਰੇ ਨਹੀਂ ਸੋਚਿਆ ਕਦੇ...?"
"ਨਹੀਂ ਭਰਾਵਾ, ਕਿਉਂ ਨਹੀਂ ਸੋਚਦਾ... ਜਦੋਂ ਉਹ ਚਾਰੇ ਮੇਰੇ ਦਿਮਾਗ਼ 'ਚੋਂ ਜਾਂਦੇ ਨੇ ਤਾਂ ਫਿਰ ਮੇਰੇ ਸਾਹਮਣੇ ਉਨ੍ਹਾਂ ਮਾਪਿਆਂ ਦੇ ਚਿਹਰੇ ਆ ਜਾਂਦੇ ਨੇ ਜਿਨ੍ਹਾਂ ਦੀ ਜਵਾਨ ਧੀ ਨਾਲ ਉਨ੍ਹਾਂ ਚਾਰਾਂ ਨੇ ਦਰਿੰਦਗੀ ਕਰਨ ਦੀ ਕੋਈ ਹੱਦ ਨਹੀਂ ਛੱਡੀ ਸੀ। ਸੱਤ ਸਾਲਾਂ ਤੋਂ ਉਹ ਇਨ੍ਹਾਂ ਚਾਰਾਂ ਨੂੰ ਫਾਹੇ ਲਗਵਾਉਣ ਵਾਸਤੇ ਕਾਨੂੰਨੀ ਲੜਾਈ ਲੜ ਰਹੇ ਸਨ... ਤਰਲੋਮੱਛੀ ਹੋ ਰਹੇ ਸਨ... ਮਕਸਦ ਕੇਵਲ ਇੱਕ ਹੀ ਸੀ ਕਿ ਇਨ੍ਹਾਂ ਚਾਰਾਂ ਦਰਿੰਦਿਆਂ ਨੂੰ ਫੰਦੇ ਉਪਰ ਝੂਲਦੇ ਵੇਖਣਾ ਹੈ। ਕਈ ਵਾਰ ਉਸ ਕੁੜੀ ਦੇ ਮਾਪਿਆਂ ਨੂੰ ਟੀਵੀ ਉੱਪਰ ਬੋਲਦੇ ਹੋਏ, ਜਿੱਤ ਦਾ ਨਿਸ਼ਾਨ ਬਣਾਉਂਦੇ, ਉਨ੍ਹਾਂ ਦੇ ਲਗਾਤਾਰ ਵਗਦੇ ਹੰਝੂ ਦੇਖਦਾ ਹਾਂ... ਅਖੇ- ਅਖੀਰ ਸਾਨੂੰ ਇਨਸਾਫ਼ ਮਿਲੇਗਾ... ਦੁਨੀਆ ਦੀ ਹਰ ਔਰਤ ਨੂੰ ਇਨਸਾਫ਼ ਮਿਲੇਗਾ... ਜਦੋਂ ਇਹ ਦਰਿੰਦੇ ਫੰਦੇ ਉਪਰ ਝੂਲਣਗੇ ਤਦ ਹੀ ਸਾਡੀ ਧੀ ਦੀ ਆਤਮਾ ਨੂੰ ਸ਼ਾਂਤੀ ਤੇ ਖ਼ੁਸ਼ੀ ਮਿਲੇਗੀ... ਉਸ ਨੂੰ ਤਸੱਲੀ ਮਿਲੇਗੀ ਕਿ ਜਿਨ੍ਹਾਂ ਦਰਿੰਦਿਆਂ ਨੇ ਉਸ ਨਾਲ ਘਿਨੌਣਾ ਕੰਮ ਕੀਤਾ ਸੀ ਅੱਜ ਉਨ੍ਹਾਂ ਨੂੰ ਆਪਣੇ ਕੀਤੇ ਦੁਸ਼ਟ ਕਰਮਾਂ ਦੀ ਸਜ਼ਾ ਮਿਲੀ ਹੈ...।
ਇਹ ਦੇਖ ਮੈਂ ਅਕਸਰ ਸੋਚਦਾ ਸਾਂ ਕਿ ਕੀ ਵਾਕਈ ਉਨ੍ਹਾਂ ਚਾਰਾਂ ਦੇ ਫਾਹੇ ਟੰਗੇ ਜਾਣ ਨਾਲ ਉਨ੍ਹਾਂ ਨੂੰ ਖ਼ੁਸ਼ੀ ਮਿਲੇਗੀ...? ਉਨ੍ਹਾਂ ਨੂੰ ਜਿੱਤ ਦਾ ਅਹਿਸਾਸ ਹੋਵੇਗਾ...? ਖ਼ੁਸ਼ੀ ਤੇ ਜਿੱਤ ਦੀ ਪਰਿਭਾਸ਼ਾ ਉਨ੍ਹਾਂ ਵਾਸਤੇ ਕੀ ਹੋਵੇਗੀ? ਮੇਰੀ ਸੋਚ ਅਨੁਸਾਰ ਘੱਟ ਤੋਂ ਘੱਟ ਉਹ ਤਾਂ ਨਹੀਂ ਹੋਵੇਗੀ ਜੋ ਆਮ ਲੋਕਾਂ ਵਾਸਤੇ ਹੁੰਦੀ ਹੈ... ਇਹ ਕੈਸੀ ਜਿੱਤ ਹੋਵੇਗੀ? ਇਹ ਕੈਸੀ ਖ਼ੁਸ਼ੀ ਹੋਵੇਗੀ ਜਿਸ ਦੇ ਤੁਸੀਂ ਜਸ਼ਨ ਨਹੀਂ ਮਨਾ ਸਕਦੇ, ਜਿਸ ਨੂੰ ਤੁਸੀਂ ਕਿਸੇ ਨਾਲ ਸਾਂਝੀ ਨਹੀਂ ਕਰ ਸਕਦੇ...।"
"ਯਾਰ, ਕੋਈ ਕੋਈ ਗੱਲ ਸੁਣ ਕੇ ਲੱਗਦੈ ਤੂੰ ਜੱਲਾਦ ਘੱਟ ਹੈਂ ਤੇ ਫਿਲਾਸਫ਼ਰ ਜ਼ਿਆਦਾ...।"
"ਉਹ ਭਰਾਵਾ ਕਾਹਦਾ ਫਿਲਾਸਫ਼ਰ... ਉਹ ਸਾਰੇ ਦਿਮਾਗ਼ ਵਿੱਚੋਂ ਥੋੜ੍ਹੀ ਦੇਰ ਵਾਸਤੇ ਗਾਇਬ ਹੁੰਦੇ ਨੇ ਤਾਂ ਆਪਣੇ ਘਰ ਵਾਲੇ ਆ ਜਾਂਦੇ ਨੇ... ਅਖੇ- ਹਾਂ, ਡੈਡੀ ਦੱਸੋ... ਕੁਝ ਕਰੋਗੇ ਕਿ ਜਾਂ ਫਿਰ ਇਸ ਵਾਰ ਵੀ ਠਣ ਠਣ ਗੋਪਾਲ ਵਾਂਗ ਵਾਪਸ ਆ ਜਾਉਗੇ...? ਬੋਲਦੀ ਹੋਈ ਆਪਣੀ ਵੱਡੀ ਧੀ ਦਾ ਉਹੀ ਮੁਰਝਾਇਆ ਹੋਇਆ ਚਿਹਰਾ ਚੌਵੀ ਘੰਟੇ ਮੇਰੇ ਸਾਹਮਣੇ ਆ ਕੇ ਖੜੋ ਜਾਂਦਾ ਸੀ। ਹਰ ਵਾਰ ਅੱਖਾਂ ਵਿੱਚ ਇਹੀ ਸਵਾਲ ਲੈ ਕੇ ਮੈਨੂੰ ਘੂਰਦਾ ਰਹਿੰਦਾ ਸੀ... ਧੀਏ ਤੂੰ ਫ਼ਿਕਰ ਨਾ ਕਰ... ਇਸ ਵਾਰ ਮੈਂ ਤੇਰੇ ਚਿਹਰੇ ਨੂੰ ਖਿੜਾ ਕੇ ਹੀ ਛੱਡਣਾ ਹੈ... ਮੈਂ ਆਪਮੁਹਾਰੇ ਬੁੜਬੁੜਾਉਂਦਾ ਸਾਂ...।"
"ਹਾਂ ਹੁਣ ਆਇਐਂ ਤੂੰ ਅਸਲੀ ਗੱਲ ਉੱਪਰ... ਜਦੋਂ ਤੂੰ ਘਰ ਸੀ... ਤੈਨੂੰ ਪਤਾ ਸੀ ਕਿ ਇਨ੍ਹਾਂ ਚਾਰਾਂ ਨੂੰ ਫਾਂਸੀ ਤੂੰ ਹੀ ਦੇਣੀ ਹੈ ਤਾਂ ਤੂੰ ਕੀ ਸੋਚਦਾ ਸੀ...?"
"ਭਰਾਵਾ ਕੀ ਦੱਸਾਂ... ਜਦੋਂ ਮੈਂ ਟੀਵੀ ਉਪਰ ਉਨ੍ਹਾਂ ਚਾਰਾਂ ਕੈਦੀਆਂ ਦੇ ਨਾਮ ਸੁਣਦਾ ਤਾਂ ਮੈਨੂੰ ਕੁਝ ਅਜੀਬ ਜਿਹਾ ਵੀ ਲੱਗਦਾ ਸੀ। ਉਨ੍ਹਾਂ ਵਿੱਚ ਇੱਕ ਮੇਰਾ ਨਾਮ ਰਾਸ਼ੀ ਵੀ ਸੀ। ਉਹ ਵੱਖਰੀ ਗੱਲ ਹੈ ਕਿ ਉਹ ਕੈਦੀ ਸੀ ਤੇ ਮੈਂ ਜੱਲਾਦ... ਉਹ ਮਰਨ ਵਾਲਾ ਤੇ ਮੈਂ ਮਾਰਨ ਵਾਲਾ...। ਅਖੀਰ ਅੱਜ ਇੱਕ ਜੱਲਾਦ ਨੇ ਆਪਣੇ ਨਾਮ ਵਾਲੇ ਕੈਦੀ ਨੂੰ ਮਾਰ ਹੀ ਮੁਕਾਇਆ। ਹੈ ਨਾ ਕੁਦਰਤ ਦਾ ਕਮਾਲ...!"
"ਤੂੰ ਜੇਲ੍ਹ ਵਿੱਚ ਉਨ੍ਹਾਂ ਚਾਰਾਂ ਨੂੰ ਮਿਲਿਆ ਸੀ...?"
"ਨਾ, ਮੈਨੂੰ ਉਨ੍ਹਾਂ ਨਾਲ ਕਦੇ ਨਹੀਂ ਮਿਲਾਇਆ ਗਿਆ। ਨਾ ਹੀ ਮੈਂ ਮਿਲਣਾ ਚਾਹੁੰਦਾ ਸਾਂ। ਪਹਿਲਾਂ ਵੀ ਕਦੇ ਨਹੀਂ ਮਿਲਿਆ ਕਿਸੇ ਫਾਂਸੀ ਚੜ੍ਹਨ ਵਾਲੇ ਨੂੰ। ਮੈਨੂੰ ਜ਼ਰੂਰਤ ਵੀ ਨਹੀਂ ਮਹਿਸੂਸ ਹੁੰਦੀ। ਉਨ੍ਹਾਂ ਚਾਰਾਂ ਨੂੰ ਭਾਵੇਂ ਮੈਂ ਮਿਲਿਆ ਨਹੀਂ ਸਾਂ ਪਰ ਕਾਫ਼ੀ ਚਿਰ ਤੋਂ ਟੀਵੀ ਤੇ ਅਖ਼ਬਾਰਾਂ ਵਿੱਚ ਉਨ੍ਹਾਂ ਦੀਆਂ ਤਸਵੀਰਾਂ ਦੇਖ ਰਿਹਾਂ ਸਾਂ। ਜਦੋਂ ਦੀ ਸਰਕਾਰ ਨੇ ਮੇਰੀ ਡਿਊਟੀ ਲਗਾਈ ਸੀ ਉਨ੍ਹਾਂ ਨੂੰ ਫਾਸੀਂ ਚੜ੍ਹਾਉਣ ਵਾਸਤੇ ਤਦ ਤੋਂ ਮੈਂ ਹੋਰ ਵੀ ਜ਼ਿਆਦਾ ਗ਼ੌਰ ਨਾਲ ਉਨ੍ਹਾਂ ਦੇ ਚਿਹਰੇ ਪੜ੍ਹਨ ਦੀ ਕੋਸ਼ਿਸ਼ ਕਰਦਾ ਰਹਿੰਦਾ ਸੀ। ਜੇਕਰ ਪਿਛਲੇ ਤਿੰਨ ਚਾਰ ਦਿਨਾਂ ਤੋਂ ਉਹ ਨਹੀਂ ਸੁੱਤੇ ਸਨ ਤਾਂ ਰਿਹਾ ਮੈਂ ਵੀ ਅਧ-ਉਨੀਂਦਰਾ ਹੀ। ਜਿਸ ਵੇਲੇ ਮੈਂ ਇਹ ਸਾਰਾ ਕੁਝ ਕਰਨ ਜਾ ਰਿਹਾ ਸਾਂ ਉਸ ਵੇਲੇ ਮੇਰਾ ਯਕੀਨ ਹੋਰ ਵੀ ਜ਼ਿਆਦਾ ਪੱਕਾ ਹੋ ਰਿਹਾ ਸੀ ਕਿ ਇਸ ਵਾਰ ਮੈਂ ਆਪਣੇ ਮਕਸਦ ਵਿੱਚ ਕਾਮਯਾਬ ਹੋ ਜਾਵਾਂਗਾ। ਉਨ੍ਹਾਂ ਦਰਿੰਦਿਆਂ, ਉਨ੍ਹਾਂ ਰਾਖਸ਼ਾਂ ਨੂੰ ਉਸ ਥਾਂ ਪਹੁੰਚਾ ਦਿਆਂਗਾ ਜਿੱਥੇ ਉਨ੍ਹਾਂ ਨੂੰ ਪਹਿਲਾਂ ਹੀ ਪਹੁੰਚਾ ਦਿੱਤਾ ਜਾਣਾ ਚਾਹੀਦਾ ਸੀ। ਖ਼ੈਰ! ਦੇਰ ਨਾਲ ਹੀ ਸਹੀ ਪਰ ਅੱਜ ਇਸ ਜੱਲਾਦ ਦੁਆਰਾ ਉਹ ਸਾਰੇ ਉੱਥੇ ਪਹੁੰਚਾ ਦਿੱਤੇ ਗਏ ਜਿੱਥੇ ਉਨ੍ਹਾਂ ਨੂੰ ਪਹੁੰਚਾਉਣਾ ਚਾਹੀਦਾ ਸੀ...।"
"ਬੱਲੇ ਓਏ ਚਲਾਕ ਸੱਜਣਾ... ਤੂੰ ਇਹ ਕਿਉਂ ਨਹੀਂ ਮੰਨਦਾ ਕਿ ਜੇ ਇਸ ਵਾਰ ਵੀ ਉਹ ਫਾਂਸੀ ਨਾ ਚੜ੍ਹਦੇ ਤਾਂ ਤੇਰੇ ਘਰ ਵਾਲਿਆਂ ਤੈਨੂੰ ਫ਼ਾਂਸੀ ਟੰਗ ਦੇਣਾ ਸੀ...।"
"ਓ ਨਹੀਂ ਯਾਰ, ਐਸੀ ਕੋਈ ਗੱਲ ਨਹੀਂ ਸੀ। ਘਰਵਾਲੇ ਵਿਚਾਰਿਆਂ ਨੇ ਕੀ ਕਰਨਾ ਸੀ? ਵੱਧ ਤੋਂ ਵੱਧ ਦੋ ਚਾਰ ਗੱਲਾਂ ਹੋਰ ਸੁਣਾ ਦਿੰਦੇ। ਅਸਲ ਵਿੱਚ ਉਨ੍ਹਾਂ ਚਾਰਾਂ ਨੇ ਕਾਰਾ ਹੀ ਇੰਨਾ ਘਿਨੌਣਾ ਕੀਤਾ ਸੀ ਕਿ ਉਸ ਬਾਰੇ ਸੋਚ ਕੇ ਹੀ ਚੰਗੇ ਭਲੇ ਮਨੁੱਖ ਦਾ ਦਿਲ ਵੀ ਕੁਰਲਾ ਉੱਠੇ। ਮੈਂ ਮਨ ਅੰਦਰ ਪੱਕਾ ਧਾਰ ਲਿਆ ਸੀ ਕਿ ਮੈਂ ਇਨ੍ਹਾਂ ਨੂੰ ਅੰਜਾਮ ਤਕ ਪਹੁੰਚਾ ਕੇ ਹੀ ਦਮ ਲਵਾਂਗਾ। ਇਸ ਤੋਂ ਬਾਅਦ ਕਦੇ ਕੋਈ ਹੋਰ ਦਰਿੰਦਾ ਜੋ ਇਸ ਤਰ੍ਹਾਂ ਦਾ ਕਾਰਾ ਕਰਨ ਬਾਰੇ ਸੋਚੇਗਾ ਵੀ ਤਾਂ ਉਸ ਨੂੰ ਯਾਦ ਰਹੇਗਾ ਕਿ ਉਸ ਦਾ ਇਹੀ ਹਾਲ ਹੋਣਾ ਹੈ ਜੋ ਇਨ੍ਹਾਂ ਦਾ ਹੋਇਆ ਹੈ। ਜੋ ਵੀ ਕੋਈ ਇਸ ਤਰ੍ਹਾਂ ਸੋਚੇਗਾ ਉਸ ਦੇ ਦਿਲ ਤੇ ਦਿਮਾਗ਼ ਵਿੱਚ ਇਹ ਜ਼ਰੂਰ ਆਏਗਾ ਕਿ ਉਸ ਨੇ ਔਰਤ ਦੀ ਇੱਜ਼ਤ ਕਰਨੀ ਹੈ... ਸਨਮਾਨ ਕਰਨਾ ਹੈ ਨਾ ਕਿ ਉਸ ਦੀ ਇੱਜ਼ਤ ਨਾਲ ਖੇਡਣਾ ਹੈ। ਸਮਝ ਨਹੀਂ ਆਉਂਦੀ ਕਿ ਕੋਈ ਵੀ ਅਖੌਤੀ ਪੁਰਸ਼ ਕਿਵੇਂ ਭੇੜੀਏ ਦੀ ਤਰ੍ਹਾਂ ਕਿਸੇ ਔਰਤ ਦੀ ਇੱਜ਼ਤ ਨੂੰ ਲੀਰੋਲੀਰ ਕਰ ਸਕਦਾ ਹੈ... ਉਸ ਦੇ ਸਰੀਰ ਨੂੰ ਨੋਚ ਸਕਦਾ ਹੈ... ਉਸ ਨਾਲ ਜਾਨਵਰਾਂ ਤੋਂ ਵੀ ਬੁਰਾ ਵਰਤਾਉ ਕਰ ਸਕਦਾ ਹੈ। ਉਸ ਦੇ ਨਾਲ ਹੈਵਾਨੀਅਤ ਭਰਿਆ ਖਿਲਵਾੜ ਕਰ ਸਕਦਾ ਹੈ। ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਹ ਘੱਟੋ-ਘੱਟ ਪੁਰਸ਼ ਤਾਂ ਨਹੀਂ ਹੋ ਸਕਦਾ...।"
"ਅੱਛਾ ਪਰ ਜਿਹੜਾ ਤੇਰੀ ਧੀ ਨਾਲ ਹੋ ਰਿਹਾ ਹੈ ਵਾਰ ਵਾਰ... ਉਸ ਵਾਸਤੇ ਜ਼ਿੰਮੇਵਾਰ ਕੌਣ ਹੈ? ਮੈਨੂੰ ਤਾਂ ਲੱਗਦੈ ਕਿ ਤੂੰ ਅਸਲ ਵਿੱਚ ਇਨ੍ਹਾਂ ਨੂੰ ਫਾਂਸੀ ਚੜ੍ਹਾ ਕੇ ਕਿਤੇ ਨਾ ਕਿਤੇ ਆਪਣੇ ਮਨ ਨੂੰ ਤਸੱਲੀ ਦੇ ਰਿਹਾ ਹੈਂ। ਚੱਲ ਛੱਡ ਤੂੰ ਫਿਰ ਚਿੜ੍ਹ ਜਾਣੈ। ਇਹ ਦੱਸ ਜਦੋਂ ਮੀਡੀਆ ਵਾਲੇ ਤੈਨੂੰ ਜੱਲਾਦ ਬੁਲਾਉਂਦੇ ਹਨ ਤਾਂ ਤੈਨੂੰ ਕਿੰਝ ਲੱਗਦੈ...?"
"ਜੋ ਮਰਜ਼ੀ ਕਹਿ ਲੈ ਭਰਾਵਾ... ਜੋ ਤੂੰ ਠੀਕ ਸਮਝੇਂ ਪਰ ਸੱਚ ਦੱਸਾਂ ਜਦੋਂ ਮੀਡੀਆ ਵਾਲੇ ਮੇਰੀ ਜਾਣ-ਪਛਾਣ ਮੇਰੇ ਨਾਂ ਨਾਲ 'ਜੱਲਾਦ' ਸ਼ਬਦ ਲਗਾ ਕੇ ਕਰਵਾਉਂਦੇ ਹਨ ਤਾਂ ਸਮਝ ਨਹੀਂ ਆਉਂਦੀ ਕਿ ਇਸ ਦਾ ਵਿਰੋਧ ਕਰਾਂ ਕਿ ਇਸ 'ਤੇ ਮਾਣ ਮਹਿਸੂਸ ਕਰਾਂ... ਹੁਣ ਜੇਕਰ ਮੈਂ ਜੱਲਾਦਪੁਣਾ ਕਰਦਾ ਹਾਂ ਤਾਂ ਫਿਰ ਕਰਦਾ ਹਾਂ। ਇੱਕ ਗੱਲ ਹੋਰ ਮੈਨੂੰ ਕਈ ਵਾਰ ਕੁਝ ਮੀਡੀਆ ਵਾਲਿਆਂ 'ਤੇ ਵੀ ਬੜਾ ਗੁੱਸਾ ਚੜ੍ਹਦਾ ਹੈ... ਜਦੋਂ ਉਹ ਮੇਰੇ ਨਾਲ ਗੱਲਬਾਤ ਕਰਨ ਆਉਂਦੇ ਹਨ ਤਾਂ ਉਨ੍ਹਾਂ ਦੇ ਸਵਾਲ ਬੜੇ ਅਜੀਬ ਕਿਸਮ ਦੇ ਹੁੰਦੇ ਹਨ... ਅਖੇ- ਤੁਸੀਂ ਰੱਸਾ ਗਲ ਵਿੱਚ ਕਿੱਥੇ ਪਾਉਂਦੇ ਹੋ..? ਜਦੋਂ ਉਨ੍ਹਾਂ ਦੇ ਪੈਰਾਂ ਹੇਠੋਂ ਤਖਤੇ ਖਿਸਕਾ ਦਿੰਦੇ ਹੋ ਤਾਂ ਫਿਰ ਕੀ ਹੁੰਦੈ...? ਜਦੋਂ ਉਹ ਫੰਦੇ ਵੱਲ ਆ ਰਹੇ ਹੁੰਦੇ ਨੇ ਤਾਂ ਉਹ ਕੀ ਕਰ ਰਹੇ ਹੁੰਦੇ ਨੇ...? ਤੁਸੀਂ ਫਾਂਸੀ ਦੇਣ ਵੇਲੇ ਨਸ਼ਾ ਕੀਤਾ ਹੁੰਦੈ...? ਕੱਪੜੇ ਕਿਹੜੇ ਰੰਗ ਦੇ ਪਾਉਂਦੇ ਹੋ...? ਤੁਸੀਂ ਜਦੋਂ ਉਨ੍ਹਾਂ ਨੂੰ ਫਾਂਸੀ ਉਪਰ ਟੰਗ ਦਿੰਦੇ ਹੋ ਤਾਂ ਤੁਹਾਡੇ ਦਿਮਾਗ਼ ਵਿੱਚ ਕੀ ਚਲਦਾ ਹੈ...? ਫਾਂਸੀ ਦੇਣ ਵਾਲੀ ਕੋਠੜੀ ਕਿਸ ਤਰ੍ਹਾਂ ਦੀ ਸੀ...? ਕਈ ਵਾਰੀ ਦਿਲ ਕਰਦਾ ਹੈ ਇਨ੍ਹਾਂ ਨੂੰ ਵੀ ਫੰਦੇ ਉੱਪਰ ਟੰਗ ਦਿਆਂ... ਫਿਰ ਕਹਾਂ- ਆਪੇ ਦੇਖ ਲਉ... ਮਹਿਸੂਸ ਕਰ ਲਉ... ਬੇਸ਼ਰਮ ਕਿਸੇ ਥਾਂ ਦੇ...।"
"ਹਾਹਾਹਾਹਾ... ਪਰ ਮੈਂ ਪੱਤਰਕਾਰ ਨਹੀਂ ਹਾਂ। ਅੱਛਾ ਆਪਣੇ ਬਾਰੇ ਕੁਝ ਦੱਸ... ਕੌਣ ਹੈ ਤੂੰ...?"
"ਤੂੰ ਤਾਂ ਭਰਾਵਾ ਮੈਨੂੰ ਇੰਜ ਪੁੱਛ ਰਿਹੈਂ ਜਿਵੇਂ ਮੈਂ ਕੋਈ ਮਹਾਨ ਹਸਤੀ ਹੋਵਾਂ। ਭਰਾਵਾ, ਮੈਂ ਇੱਕ ਜੱਲਾਦ ਹਾਂ, ਪਰ ਕਸਾਈ ਨਹੀਂ ਹਾਂ। ਆਪਣੇ ਬਾਰੇ ਕੀ ਦੱਸਾਂ? ਪੁਸ਼ਤ ਦਰ ਪੁਸ਼ਤ ਸਾਡਾ ਪਰਿਵਾਰ ਇਹ ਜੱਲਾਦਪੁਣਾ ਕਰਦਾ ਆ ਰਿਹਾ ਹੈ। ਬਹੁਤੇ ਲੋਕ ਸਾਨੂੰ ਅੱਜ ਵੀ 'ਕਸਾਈਆਂ ਦੇ ਪਰਿਵਾਰ' ਨਾਮ ਨਾਲ ਜਾਣਦੇ ਹਨ। ਸਾਡੇ ਸ਼ਹਿਰ ਆ ਕੇ ਕਿਸੇ ਕੋਲ ਵੀ ਸਾਡਾ ਨਾਮ ਲੈ ਲਉ ਉਹ ਬਿਨਾਂ ਦੇਰ ਕੀਤਿਆਂ ਸਾਡਾ ਥਹੁ ਟਿਕਾਣਾ ਦੱਸ ਦੇਵੇਗਾ... ਸਾਡੇ ਪੋਤੜੇ ਤੱਕ ਫਰੋਲ ਦੇਵੇਗਾ। ਅਸਲ ਵਿੱਚ ਜੱਲਾਦਪੁਣੇ ਦਾ ਪੇਸ਼ਾ ਮੈਨੂੰ ਵਿਰਾਸਤ ਵਿੱਚ ਮਿਲਿਆ ਹੈ। ਫਾਂਸੀ ਦੇਣ ਵਾਸਤੇ ਰੱਸਾ ਬਣਾਉਣਾ ਤੇ ਕਿਸੇ ਮੁਜ਼ਰਮ ਨੂੰ ਫਾਂਸੀ ਚੜ੍ਹਾਉਣ ਦਾ ਕੰਮ ਮੈਂ ਆਪਣੇ ਦਾਦਾ ਤੇ ਪਿਤਾ ਜੀ ਤੋਂ ਹੀ ਸਿੱਖਿਆ ਹੈ। ਕਹਿੰਦੇ ਨੇ ਕਿ ਜਿਸ ਤਰ੍ਹਾਂ ਦਾ ਮਜ਼ਬੂਤ ਤੇ ਮੁਲਾਇਮ



ਭਾਗ-2

# ਜੱਲਾਦ

## ਇੱਕ ਕਹਾਣੀ

**- ਗੋਵਰਧਨ ਗੱਬੀ**

ਰੱਸਾ ਮੇਰੇ ਦਾਦਾ ਜੀ ਬਣਾਉਂਦੇ ਸਨ ਉਸ ਤਰ੍ਹਾਂ ਦਾ ਅਜੇ ਵੀ ਕੋਈ ਨਹੀਂ ਬਣਾ ਪਾਉਂਦਾ। ਅਕਸਰ ਮੇਰੇ ਪਿਤਾ ਜੀ ਮੈਨੂੰ ਕਹਿੰਦੇ ਹੁੰਦੇ ਸਨ- ਪੁੱਤਰਾ, ਫਾਂਸੀ ਦੇਣਾ ਵੀ ਇੱਕ ਕਲਾ ਹੈ ਜੋ ਹਰ ਕਿਸੇ ਦੇ ਵੱਸ ਦਾ ਕੰਮ ਨਹੀਂ ਹੈ। ਸੋ ਤੂੰ ਵੀ ਇਸ ਕਲਾ ਨੂੰ ਸਿੱਖ ਲੈ ਤੇਰੀ ਵੀ ਦਾਲ ਰੋਟੀ ਚਲਦੀ ਰਹੇਗੀ। ਅਸਲ ਵਿੱਚ ਮੇਰੇ ਦਾਦਾ ਜੀ ਕਹਿੰਦੇ ਹੁੰਦੇ ਸਨ ਕਿ ਅਕਸਰ ਉਨ੍ਹਾਂ ਦੇ ਪਿਤਾ ਜੀ ਵੀ ਇਹ ਬੋਲ ਵਾਰ ਵਾਰ ਦੁਹਰਾਉਂਦੇ ਰਹਿੰਦੇ ਸਨ। ਫਿਰ ਜਦੋਂ ਪੜਦਾਦਾ ਜੀ ਹਮੇਸ਼ਾ ਵਾਸਤੇ ਤੁਰ ਗਏ ਤਾਂ ਇਹੀ ਸ਼ਬਦ ਮੇਰੇ ਦਾਦਾ ਤੋਂ ਹੁੰਦੇ ਹੋਏ ਮੇਰੇ ਪਿਤਾ ਜੀ ਕੋਲ ਪਹੁੰਚੇ। ਅਖੀਰ ਮੇਰੇ ਪਿਤਾ ਜੀ ਤੋਂ ਮੇਰੇ ਤੱਕ ਅਪੜੇ। ਜਦੋਂ ਮੇਰੇ ਦਾਦਾ ਜੀ ਨੇ ਆਪਣਾ ਜੱਦੀ ਕੰਮ ਮੇਰੇ ਪਿਤਾ ਨੂੰ ਸੌਂਪਿਆ ਤਾਂ ਉਸ ਵੇਲੇ ਸਾਡੇ ਘਰ ਵਿੱਚ ਬਹੁਤ ਵੱਡਾ ਝਗੜਾ ਪੈ ਗਿਆ ਸੀ। ਮੇਰਾ ਤਾਇਆ ਕਹਿੰਦਾ ਸੀ ਕਿ ਉਹ ਘਰ ਵਿੱਚ ਵੱਡਾ ਹੈ ਸੋ ਪੁਸ਼ਤੈਨੀ ਜੱਲਾਦੀ ਉਸ ਨੂੰ ਮਿਲਣੀ ਚਾਹੀਦੀ ਹੈ। ਅੱਗੋਂ ਮੇਰੇ ਦਾਦਾ ਜੀ ਬੋਲੇ- ਜੱਲਾਦੀ ਕਰਨਾ ਜ਼ਿੰਮੇਵਾਰੀ ਵਾਲਾ ਕੰਮ ਹੈ ਜੋ ਤੇਰੇ ਵਸ ਵਿੱਚ ਨਹੀਂ ਹੈ। ਤੇਰੇ ਵਰਗੇ ਸ਼ਰਾਬੀ ਕਬਾਬੀ ਬੰਦੇ ਨੂੰ ਮੈਂ ਇਹ ਕੰਮ ਨਹੀਂ ਦੇ ਸਕਦਾ। ਫਿਰ ਮੇਰੇ ਦਾਦਾ ਜੀ ਨੇ ਇਹ ਕੰਮ ਮੇਰੇ ਪਿਤਾ ਜੀ ਨੂੰ ਸੌਂਪ ਦਿੱਤਾ... ਪਰ ਹੁਣ ਜਦੋਂ ਵੀ ਆਪਣੇ ਪੜਦਾਦਾ ਵਾਲੇ ਬੋਲ ਮੈਂ ਆਪਣੇ ਪੁੱਤਰ ਨੂੰ ਪੁੱਜਦਾ ਕਰਦਾ ਹਾਂ ਉਹ ਅੱਗੋਂ ਇਹ ਜੁਆਬ ਦਿੰਦਾ ਹੈ- ਨਹੀਂ ਡੈਡ, ਜੱਲਾਦਪੁਣੇ ਦਾ ਇਹ ਪੁਸ਼ਤੈਨੀ ਕੰਮ ਮੈਂ ਨਹੀਂ ਕਰਨਾ... ਮੈਂ ਕੋਈ ਹੋਰ ਕਸਬ ਸਿੱਖਾਂਗਾ। ਸੋ ਮੈਂ ਵੀ ਉਸ ਉੱਪਰ ਜ਼ਿਆਦਾ ਜ਼ੋਰ ਨਹੀਂ ਪਾਉਂਦਾ। ਕਹਿਣ ਦਾ ਮਤਲਬ ਇਹ ਹੈ ਕਿ ਮੈਂ ਸ਼ਾਇਦ ਆਪਣੇ ਖ਼ਾਨਦਾਨ ਦਾ ਆਖ਼ਰੀ ਜੱਲਾਦ ਸਾਬਿਤ ਹੋਵਾਂਗਾ...।"

"ਅੱਛਾ ਇਹ ਦੱਸ, ਤੂੰ ਆਪਣਾ ਘਰ ਜੱਲਾਦਪੁਣੇ ਨਾਲ ਹੀ ਚਲਾਉਂਦੈਂ...?"

"ਭਰਾਵਾ, ਕਮਾਲ ਦੀਆਂ ਗੱਲਾਂ ਕਰਦੈਂ... ਅੱਜ ਦੇ ਦੌਰ ਵਿੱਚ ਜੱਲਾਦਪੁਣੇ ਦੀ ਕਮਾਈ ਨਾਲ ਘਰ ਚਲਦਾ ਹੈ ਭਲਾ...? ਚਾਰ ਕੁ ਸਾਲ ਪਹਿਲਾਂ ਤੱਕ ਤਾਂ ਮੈਨੂੰ ਤਿੰਨ ਹਜ਼ਾਰ ਰੁਪਏ ਮਹੀਨੇ ਦਾ ਭੱਤਾ ਮਿਲਦਾ ਸੀ। ਅੱਜਕੱਲ੍ਹ ਹਰ ਮਹੀਨੇ ਪੰਜ ਹਜ਼ਾਰ ਰੁਪਏ ਮਿਲਦੇ ਹਨ। ਪਿੱਛੇ ਜਿਹੇ ਇਹੀ ਭੱਤਾ ਰੈਗੂਲਰ ਲੈਣ ਵਾਸਤੇ ਮੈਨੂੰ ਅਦਾਲਤ ਵੀ ਜਾਣਾ ਪਿਆ ਸੀ ਤਾਂ ਕਿਤੇ ਜਾ ਕੇ ਸਭ ਠੀਕ ਹੋਇਆ। ਮੇਰੀਆਂ ਤਿੰਨ ਧੀਆਂ ਤੇ ਦੋ ਪੁੱਤਰ ਨੇ। ਮੈਂ ਕੱਪੜੇ ਵੇਚਣ ਦੀ ਫੇਰੀ ਲਾਉਂਦਾ ਹਾਂ ਤਾਂ ਵੀ ਮੁਸ਼ਕਿਲ ਨਾਲ ਹੀ ਗੁਜ਼ਾਰਾ ਹੁੰਦਾ ਹੈ...।"

"ਇਹ ਤੇਰਾ ਪੁਸ਼ਤੈਨੀ ਕੰਮ ਹੈ...?"

"ਏਦਾਂ ਹੀ ਕਹਿ ਸਕਦੇ ਹੋ... ਮੇਰੇ ਪੜਦਾਦਾ ਅੰਗਰੇਜ਼ਾਂ ਦੇ ਵੇਲੇ ਤੋਂ ਜੱਲਾਦੀ ਦਾ ਕੰਮ ਕਰਦੇ ਆ ਰਹੇ ਸਨ। ਲਾਹੌਰ ਜੇਲ੍ਹ ਵਿੱਚ ਉਸ ਵੇਲੇ ਦੇ ਕਈ ਇਨਕਲਾਬੀਆਂ ਨੂੰ ਫਾਂਸੀ ਦੇਣ ਵਾਲੇ ਮੇਰੇ ਪੜਦਾਦਾ ਹੀ ਸਨ। ਇੱਕ ਨਾਬਾਲਗ ਕੁੜੀ ਨਾਲ ਬਲਾਤਕਾਰ ਤੇ ਉਸ ਦੇ ਨਾਬਾਲਗ ਭਰਾ ਨੂੰ ਕਤਲ ਕਰਨ ਵਾਲੇ ਬਦਨਾਮ ਕੇਸ ਵਿੱਚ ਵੀ ਮੇਰੇ ਦਾਦਾ ਜੀ ਨੇ ਹੀ ਦੋਵਾਂ ਮੁਜ਼ਰਮਾਂ ਨੂੰ ਫਾਂਸੀ ਉੱਪਰ ਟੰਗਿਆ ਸੀ। ਸਾਡੇ ਦੇਸ਼ ਦੇ ਇੱਕ ਸਾਬਕਾ ਪ੍ਰਧਾਨ ਮੰਤਰੀ ਦੇ ਕਤਲ ਵਿੱਚ ਫਾਂਸੀ ਦੀ ਸਜ਼ਾ ਪਾਏ ਦੋ ਕੈਦੀਆਂ ਨੂੰ ਵੀ ਫਾਂਸੀ ਉਪਰ ਮੇਰੇ ਦਾਦਾ ਤੇ ਪਿਤਾ ਜੀ ਨੇ ਹੀ ਚੜ੍ਹਾਇਆ ਸੀ...। ਮੈਨੂੰ ਯਾਦ ਹੈ ਜਦੋਂ ਇੱਕ ਵਾਰ ਮੇਰੇ ਦਾਦਾ ਜੀ ਆਗਰਾ ਦੀ ਜੇਲ੍ਹ ਵਿੱਚ ਇੱਕ ਇਸੇ ਤਰ੍ਹਾਂ ਦੇ ਸਜ਼ਾਭੋਗੀ ਨੂੰ ਫਾਂਸੀ ਦੇਣ ਗਏ ਸੀ ਤਾਂ ਮੈਂ ਉਨ੍ਹਾਂ ਦੇ ਨਾਲ ਸੀ। ਮੈਂ ਪਹਿਲੀ ਵਾਰ ਜੇਲ੍ਹ ਦੇਖੀ ਸੀ। ਮੈਨੂੰ ਪਹਿਲੀ ਵਾਰ ਪਤਾ ਲੱਗਾ ਸੀ ਕਿ ਮੇਰੇ ਦਾਦਾ ਜੀ ਦਾ ਕੀ ਰੁਤਬਾ ਹੈ ਜੇਲ੍ਹ ਅੰਦਰ... ਸਾਰੇ ਸੰਤਰੀ ਉਸ ਨੂੰ ਸੈਲਿਊਟ ਮਾਰ ਰਹੇ ਸਨ। ਉਸ ਵਾਸਤੇ ਆਪ ਅੱਗੇ ਹੋ ਹੋ ਕੇ ਕੋਠੜੀਆਂ ਦੇ ਦਰਵਾਜ਼ੇ ਖੋਲ੍ਹ ਰਹੇ ਸਨ। ਉਦੋਂ ਮੈਨੂੰ ਮਹਿਸੂਸ ਹੋਇਆ ਸੀ ਕਿ ਭਾਵੇਂ ਜੱਲਾਦ ਨੂੰ ਲੋਕ ਹੋਰ ਨਜ਼ਰ ਨਾਲ ਵੇਖਦੇ ਹਨ ਪਰ ਸਮਾਜ ਵਿੱਚ ਉਸ ਦਾ ਵੀ ਇੱਕ ਖ਼ਾਸ ਰੁਤਬਾ ਹੈ। ਉਸ ਵੇਲੇ ਮੇਰੀ ਉਮਰ ਚੌਵੀ ਪੰਝੀ ਸਾਲ ਦੀ ਸੀ। ਮੈਂ ਸਜ਼ਾਭੋਗੀ ਦੇ ਪੈਰ ਬੰਨ੍ਹੇ ਸਨ ਤੇ ਦਾਦਾ ਜੀ ਨੇ ਲੀਵਰ ਖਿੱਚ ਕੇ ਉਸ ਨੂੰ ਫਾਂਸੀ ਉੱਪਰ ਲਟਕਾਇਆ ਸੀ। ਉਸ ਤੋਂ ਬਾਅਦ ਮੈਂ ਦਾਦਾ ਜੀ ਤੇ ਪਿਤਾ ਜੀ ਦੀ ਸ਼ਾਗਿਰਦੀ ਕੀਤੀ। ਅੱਛੀ ਜੱਲਾਦੀ ਦੇ ਸਾਰੇ ਗੁਰ ਉਨ੍ਹਾਂ ਤੋਂ ਸਿੱਖੇ। ਹੁਣ ਮੈਂ ਕਹਿ ਸਕਦਾ ਹਾਂ ਕਿ ਮੈਂ ਆਪਣੇ ਕੰਮ ਵਿੱਚ ਨਿਪੁੰਨ ਹਾਂ। ਤੈਨੂੰ ਪਤੈ... ਆਜ਼ਾਦ ਦੇਸ਼ ਵਿੱਚ ਹੁਣ ਤੱਕ ਇਨ੍ਹਾਂ ਚਾਰਾਂ ਨੂੰ ਮਿਲਾ ਕੇ ਕੁੱਲ ਅੱਠ ਕੁ ਸੌ ਮੁਜ਼ਰਮਾਂ ਨੂੰ ਫਾਂਸੀ ਦੀ ਸਜ਼ਾ ਹੋਈ ਹੈ। ਇਨ੍ਹਾਂ ਸਾਰਿਆਂ ਨੂੰ ਫਾਂਸੀ ਦੇਣ ਵਾਲੇ ਜੱਲਾਦਾਂ ਵਿੱਚ ਇੱਕ ਵੱਡੀ ਸਾਰੀ ਗਿਣਤੀ ਸਾਡੇ ਜੱਲਾਦ ਪਰਿਵਾਰ ਦੀ ਹੈ...।"

"ਬੱਲੇ ਬੱਲੇ ਮੈਨੂੰ ਪਤਾ ਹੀ ਨਹੀਂ ਸੀ ਕਿ ਮੈਂ ਇੱਕ ਖ਼ਾਨਦਾਨੀ ਜੱਲਾਦ ਨਾਲ ਗੱਲ ਕਰ ਰਿਹਾਂ... ਹਾਹਾਹਾਹਾ।"

"ਭਰਾਵਾ, ਮਜ਼ਾਕ ਨਾ ਕਰ... ਅਜੇ ਤੱਕ ਤੂੰ ਦੱਸਿਆ ਨਹੀਂ ਕਿ ਤੂੰ ਕੌਣ ਹੈਂ ਤੇ ਅਵਾ-ਤਵਾ ਬੋਲੀ ਜਾ ਰਿਹੈਂ। ਭਰਾਵਾ, ਜਦੋਂ ਅਸੀਂ ਇਨਸਾਨਾਂ ਨੂੰ ਫਾਂਸੀ ਉੱਪਰ ਚੜ੍ਹਾਉਂਦੇ ਹਾਂ ਤਾਂ ਅਫ਼ਸੋਸ ਬਹੁਤ ਹੁੰਦਾ ਹੈ ਪਰ ਕੀ ਕਰੀਏ ਸ਼ਾਇਦ ਰੱਬ ਨੇ ਸਾਡੇ ਪਰਿਵਾਰ ਨੂੰ ਇਹੀ ਕੰਮ ਕਰਨ ਵਾਸਤੇ ਇਸ ਦੁਨੀਆ ਉੱਪਰ ਭੇਜਿਆ ਹੈ। ਇਸ ਵਾਰ ਵੀ ਜੇਲ੍ਹ ਪ੍ਰਸ਼ਾਸਨ ਵਾਲਿਆਂ ਨੇ ਮੈਨੂੰ ਚਾਰ ਦਿਨ ਪਹਿਲਾਂ ਹੀ ਬੁਲਾ ਲਿਆ ਸੀ। ਉਨ੍ਹਾਂ ਨੂੰ ਵੀ ਪੱਕਾ ਭਰੋਸਾ ਸੀ ਕਿ ਇਸ ਵਾਰ ਫਾਂਸੀ ਨਹੀਂ ਟਲੇਗੀ। ਆਜ਼ਾਦੀ ਤੋਂ ਬਾਅਦ ਦੇਸ਼ ਵਿੱਚ ਪਹਿਲੀ ਵਾਰ ਚਾਰ ਮੁਜ਼ਰਮਾਂ ਨੂੰ ਇਕੱਠੇ ਫਾਂਸੀ ਹੋ ਰਹੀ ਸੀ। ਫਾਂਸੀ ਵਾਲੀ ਕੋਠੜੀ ਵਿੱਚ ਲੱਗੇ ਲੱਕੜੀ ਦੇ ਤਖ਼ਤੇ ਜਿਨ੍ਹਾਂ ਉਪਰ ਸਜ਼ਾ ਭੋਗੀਆਂ ਦੇ ਗਲੇ ਵਿੱਚ ਫੰਦਾ ਪਾ ਕੇ ਖੜ੍ਹਾ ਕਰਦੇ ਹਨ... ਫਿਰ ਤਖ਼ਤੇ ਨੂੰ ਉਨ੍ਹਾਂ ਦੇ ਪੈਰਾਂ ਹੇਠੋਂ ਖਿਸਕਾ ਦਿੱਤਾ ਜਾਂਦਾ ਹੈ, ਮੈਂ ਉਨ੍ਹਾਂ ਤਖ਼ਤਿਆਂ ਤੇ ਰੱਸੀਆਂ ਨੂੰ ਚੰਗੀ ਤਰ੍ਹਾਂ ਪਰਖ ਲੈਣਾ ਚਾਹੁੰਦਾ ਸਾਂ। ਕੋਈ ਕਸਰ ਨਹੀਂ ਛੱਡਣੀ ਚਾਹੁੰਦਾ ਸਾਂ। ਮੈਂ ਚਾਹੁੰਦਾ ਸਾਂ ਕਿ ਜਿਸ ਵੇਲੇ ਮੈਂ ਲੀਵਰ ਖਿੱਚਾਂ ਤਾਂ ਚਾਰੋਂ ਦੇ ਚਾਰੇ ਫਾਹੇ ਲੱਗ ਜਾਣ... ਤਖ਼ਤਿਆਂ ਵਾਲੀ ਲੱਕੜੀ ਤੇ ਰੱਸਿਆਂ ਦੀ ਤਾਕਤ ਨੂੰ ਮੈਂ ਕਈ ਵਾਰ ਪਰਖ ਲਿਆ ਸੀ। ਰੱਸਿਆਂ ਨੂੰ ਘਿਉ, ਕੇਲੇ ਆਦਿ ਨਾਲ ਮੁਲਾਇਮ ਕਰ ਲਿਆ ਸੀ। ਫਾਂਸੀਘਰ ਵੀ ਬਹੁਤ ਵਧੀਆ ਸੀ... ਕੋਈ ਘਾਟ ਨਹੀਂ ਸੀ ਉਸ ਵਿੱਚ। ਉੱਪਰ ਸ਼ੈੱਡ ਬਣਿਆ ਹੋਇਆ ਸੀ। ਮੈਂ ਫਾਂਸੀ ਤੋਂ ਇੱਕ ਦਿਨ ਪਹਿਲਾਂ ਜਾ ਕੇ ਵੀ ਫਾਂਸੀਘਰ ਤੇ ਉਸ ਵੇਲੇ ਵਰਤੇ ਜਾਣ ਵਾਲੇ ਸਾਮਾਨ ਨੂੰ ਚੰਗੀ ਤਰ੍ਹਾਂ ਦੁਬਾਰਾ ਪਰਖ ਲਿਆ ਸੀ। ਉੱਥੇ ਉਨ੍ਹਾਂ ਚਾਰਾਂ ਕੈਦੀਆਂ ਦੇ ਭਾਰ ਦੇ ਬਰਾਬਰ ਬੋਰੀਆਂ ਵਿੱਚ ਰੇਤ ਪਾ ਕੇ ਉਨ੍ਹਾਂ ਨੂੰ ਕੈਦੀ ਸਮਝ ਕੇ ਨਕਲੀ ਫਾਂਸੀ ਦਾ ਅਭਿਆਸ ਲਗਾਤਾਰ ਦੋ ਵਾਰ ਕਰ ਲਿਆ ਸੀ। ਅਜੇ ਕੱਲ੍ਹ ਹੀ ਆਪਣੀ ਤਰਫ਼ੋਂ ਜੇਲ੍ਹ ਪ੍ਰਸ਼ਾਸਨ ਨੂੰ ਸਾਰਾ ਕੁਝ ਮੁਕੰਮਲ ਹੋਣ ਦੀ ਇਤਲਾਹ ਦੇ ਦਿੱਤੀ ਸੀ। ਬਸ ਸ਼ਾਮ ਦਾ ਦਿਮਾਗ਼ ਵਿੱਚ ਇੱਕ ਅਜੀਬ ਡਰ ਬਣਿਆ ਹੋਇਆ ਸੀ ਕਿ ਕਿਤੇ ਇਸ ਵਾਰ ਫਾਂਸੀ ਫਿਰ ਨਾ ਟਲ ਜਾਏ...?"

"ਯਾਰ... ਮੈਨੂੰ ਤਾਂ ਲੱਗਦਾ ਹੈ ਕਿ ਉਸ ਕੁੜੀ ਦੇ ਮਾਪਿਆਂ ਨਾਲੋਂ ਜ਼ਿਆਦਾ ਤੂੰ ਕਾਹਲਾ ਪਿਆ ਹੋਇਆ ਸੀ ਕਿ ਉਨ੍ਹਾਂ ਨੂੰ ਫਾਂਸੀ ਚੜ੍ਹਾਉਣਾ ਹੀ ਚੜ੍ਹਾਉਣਾ ਹੈ... ਤੈਨੂੰ ਕਿਸ ਗੱਲ ਦੀ ਕਾਹਲ ਸੀ...? ਚੱਕਰ ਕੀ ਹੈ...?"

"ਭਰਾਵਾ, ਹੁਣ ਤੂੰ ਹੱਦ ਤੋਂ ਅੱਗੇ ਵਧ ਰਿਹੈਂ... ਚੱਕਰ ਚੁੱਕਰ ਕੋਈ ਨਹੀਂ ਸੀ ਪਰ ਕੀ ਕਰਾਂ... ਸੱਚਮੁੱਚ ਮੈਂ ਚਾਹੁੰਦਾ ਸਾਂ ਕਿ ਇਸ ਵਾਰ ਫਾਂਸੀ ਨਾ ਟਲੇ। ਜਦੋਂ ਵੀ ਟਾਲੇ ਜਾਣ ਦਾ ਖ਼ਿਆਲ ਆਉਂਦਾ ਤਾਂ ਆਪਣੀ ਧੀ ਦੇ ਓਹੀ ਬੋਲ- ਡੈਡੀ ਦੇਖਣਾ ਇਸ ਵਾਰ ਵੀ ਤੁਸੀਂ... ਤੇ ਉਸ ਦਾ ਉਦਾਸ, ਪਰੇਸ਼ਾਨ ਤੇ ਪ੍ਰਸ਼ਨ ਚਿੰਨ੍ਹਾਂ ਨਾਲ ਭਰਿਆ ਚਿਹਰਾ ਵਾਰ ਵਾਰ ਮੇਰੀਆਂ ਅੱਖਾਂ ਸਾਹਮਣੇ ਘੁੰਮ ਜਾਂਦਾ ਸੀ। ਮੈਂ ਲਗਾਤਾਰ ਰੱਬ ਅੱਗੇ ਅਰਦਾਸ ਕਰ ਰਿਹਾ ਸਾਂ ਕਿ ਇਸ ਵਾਰ ਫਾਂਸੀ ਨਾ ਟਲੇ, ਨਹੀਂ ਤਾਂ ਮੇਰੇ ਵਾਸਤੇ ਜਿਊਣਾ ਮੁਸ਼ਕਿਲ ਹੋ ਜਾਵੇਗਾ। ਮੈਂ ਆਪਣੇ ਸਮਾਜ ਵਿੱਚ ਕਿੰਝ ਆਪਣਾ ਮੂੰਹ ਵਿਖਾਵਾਂਗਾ। ਹੁਣ ਤੂੰ ਭਰਾਵਾ ਬਹੁਤੇ ਸਵਾਲ ਨਾ ਕਰੀਂ... ਮੈਂ ਤੈਨੂੰ ਸਾਰਾ ਕੁਝ ਇੱਕੋ ਸਾਹੇ ਦੱਸਦਾਂ। ਫਾਂਸੀ ਤੋਂ ਇੱਕ ਦਿਨ ਪਹਿਲਾਂ ਮੈਂ ਸਾਰਾ ਦਿਨ ਜੇਲ੍ਹ ਵਿੱਚ ਹੀ ਰਿਹਾ। ਨ੍ਹਾਤਾ, ਧੋਤਾ, ਖਾਣਾ ਖਾਧਾ। ਥੋੜ੍ਹਾ ਆਰਾਮ ਕੀਤਾ। ਫਿਰ ਲੱਗ ਪਿਆ ਤਿਆਰੀ ਕਰਨ... ਸਵੇਰੇ ਸਾਢੇ ਪੰਜ ਵਜੇ ਫਾਂਸੀ ਤਾਂ ਉਨ੍ਹਾਂ ਚਾਰਾਂ ਨੂੰ ਲੱਗਣੀ ਸੀ, ਪਰ ਇਮਤਿਹਾਨ ਮੇਰਾ ਵੀ ਤਾਂ ਹੋਣਾ ਸੀ। ਸਾਰੇ ਮੀਡੀਆ ਵਿੱਚ ਖ਼ਬਰਾਂ ਚੱਲ ਰਹੀਆਂ ਸਨ ਕਿ ਖਾਨਦਾਨੀ ਜੱਲਾਦ ਨੇ ਉਨ੍ਹਾਂ ਚਾਰਾਂ ਨੂੰ ਫਾਂਸੀ ਦੇਣੀ ਹੈ। ਮੇਰੀ ਬੇਚੈਨੀ ਵੀ ਵਧ ਰਹੀ ਸੀ। ਮੈਂ ਲਗਾਤਾਰ ਰੱਬ ਅੱਗੇ ਇਹੀ ਦੁਆ ਕਰ ਰਿਹਾ ਸਾਂ ਕਿ ਇਸ ਵਾਰ ਫਾਂਸੀ ਟਲਣੀ ਨਹੀਂ ਚਾਹੀਦੀ। ਫਾਹੇ ਤਾਂ ਮੈਂ ਉਨ੍ਹਾਂ ਨੂੰ ਚੜ੍ਹਾ ਕੇ ਹੀ ਛੱਡਾਂਗਾ, ਪਰ ਫਿਰ ਵੱਡੀ ਧੀ ਦੇ ਉਹੀ ਬੋਲ- ਪਾਪਾ, ਮੈਨੂੰ ਲੱਗਦੈ ਪਿਛਲੀ ਵਾਰ ਦੀ ਤਰ੍ਹਾਂ ਤੁਸੀਂ ਇਸ ਵਾਰ ਵੀ ਮੂੰਹ ਲਟਕਾ ਕੇ ਪਰਤ ਆਉਗੇ... ਇਸ ਵਾਰ ਵੀ ਇਹੀ ਕਹਿ ਦੇਣੈ ਕਿ ਫਾਂਸੀ ਤੋਂ ਇੱਕ ਦਿਨ ਪਹਿਲਾਂ ਇੱਕ ਕੈਦੀ ਨੇ ਨਵੀਂ ਅਰਜ਼ੀ ਲਗਾ ਦਿੱਤੀ... ਅਦਾਲਤ ਨੇ ਫਿਰ ਫਾਂਸੀ ਉੱਪਰ ਰੋਕ ਲਗਾ ਦਿੱਤੀ ਹੈ...। ਭਰਾਵਾ, ਇਹ ਬੋਲ ਉਸ ਦਿਨ ਘਰ ਤੋਂ ਤੁਰਨ ਲੱਗਿਆਂ ਮੇਰੀ ਵੱਡੀ ਧੀ ਨੇ ਬੁਰਾ ਜਿਹਾ ਮੂੰਹ ਬਣਾਉਂਦਿਆਂ ਕਹੇ ਸਨ। ਨਾਲ ਹੀ ਉਸ ਦੀ ਮਾਂ ਰਲ ਗਈ। ਅਖੇ- ਹੋਰ ਕੀ... ਇਹੀ ਕੁਝ ਹੋਣੈ ਇਸ ਵਾਰ ਵੀ। ਭਰਾਵਾ, ਮੈਂ ਬਿਨਾਂ ਕੋਈ ਪ੍ਰਤੀਕਿਰਿਆ ਦਿੱਤੇ ਹੀ ਘਰੋਂ ਤੁਰ ਪਿਆ ਸਾਂ। ਇੱਥੇ ਆ ਕੇ ਭਾਵੇਂ ਮੈਂ ਫਾਂਸੀ ਟੰਗਣ ਵਾਲੇ ਸਾਰੇ ਕੰਮਾਂ ਵਿੱਚ ਰੁੱਝਿਆ ਰਿਹਾ, ਪਰ ਧੀ ਦਾ ਕਿਹਾ ਮੈਨੂੰ ਵਾਰ ਵਾਰ ਬੇਚੈਨ ਕਰਦਾ ਰਿਹਾ। ਮੈਂ ਪੂਰੀ ਤਰ੍ਹਾਂ ਸੌਂ ਵੀ ਨਹੀਂ ਸਕਿਆ। ਅੱਜ ਸਵੇਰੇ ਤਿੰਨ ਵਜੇ ਆ ਕੇ ਇੱਕ ਪੁਲੀਸ ਵਾਲੇ ਨੇ ਮੈਨੂੰ ਜਗਾ ਦਿੱਤਾ ਸੀ। ਮੈਂ ਉੱਠਿਆ। ਟੀਵੀ ਲਗਾਇਆ। ਫਾਂਸੀ ਨਾਲ ਸਬੰਧਿਤ ਬਰੇਕਿੰਗ ਨਿਊਜ਼ ਲੱਭਣ ਦੀ ਕੋਸ਼ਿਸ਼ ਕੀਤੀ ਕਿ ਕਿਤੇ ਫਾਂਸੀ ਫਿਰ ਤਾਂ ਨਹੀਂ ਟਾਲ ਦਿੱਤੀ ਗਈ। ਸੁਣਨ ਵਿੱਚ ਆ ਰਿਹਾ ਸੀ ਕਿ ਉਨ੍ਹਾਂ ਦੇ ਵਕੀਲ ਨੇ ਚਾਰਾਂ ਨੂੰ ਫਾਂਸੀ ਤੋਂ ਬਚਾਉਣ ਵਾਸਤੇ ਇੱਕ ਹੋਰ ਅਰਜ਼ੀ ਉੱਚ ਅਦਾਲਤ ਵਿੱਚ ਲਗਾਈ ਹੋਈ ਸੀ। ਫਿਰ ਅਚਾਨਕ ਮੇਰੀ ਨਿਗ੍ਹਾ ਪਈ... ਖ਼ਬਰਾਂ ਪੜ੍ਹਨ ਵਾਲਾ ਬੋਲ ਰਿਹਾ ਸੀ- ਸਵੇਰੇ ਤਿੰਨ ਵਜੇ ਅਦਾਲਤ ਦੇ ਜੱਜ ਨੇ ਕੀਤੀ ਫਾਂਸੀ ਟਾਲਣ ਦੀ ਅਰਜ਼ੀ ਖਾਰਜ। ਹੁਣ ਫਾਂਸੀ ਲੱਗਣਾ ਲਗਪਗ ਤੈਅ। ਸਾਢੇ ਕੁ ਤਿੰਨ ਵਜੇ ਬਰੇਕਿੰਗ ਨਿਊਜ਼ ਸੁਣ ਕੇ ਦਿਲ ਨੂੰ ਚੈਨ ਮਿਲਿਆ ਕਿ ਹੁਣ ਫਾਂਸੀ ਨਹੀਂ ਟਲੇਗੀ। ਦਿਮਾਗ ਵਿੱਚ ਟਿਕ ਟਿਕ ਤਦ ਵੀ ਲੱਗੀ ਰਹੀ ਕਿਉਂਕਿ ਕੁਝ ਕੇਸਾਂ ਵਿੱਚ ਫਾਂਸੀ ਲੱਗਣ ਤੋਂ ਠੀਕ ਪੰਜ ਮਿੰਟ ਪਹਿਲਾਂ ਤੱਕ ਵੀ ਫਾਂਸੀ ਟਾਲੀ ਗਈ ਹੈ। ਉਧਰ ਮੇਰੀ ਧੀ ਦਾ ਉਦਾਸ ਚਿਹਰਾ... ਉਸ ਦੇ ਦਿਲ ਚੀਰਵੇਂ ਬੋਲ...। ਚਾਰ ਕੁ ਵਜੇ ਮੈਂ ਫਾਂਸੀ ਵਾਲੀ ਕੋਠੜੀ ਵਿੱਚ ਚਲਾ ਗਿਆ। ਮੇਰੀ ਮਦਦ ਕਰਨ ਵਾਸਤੇ ਪੰਦਰਾਂ ਵੀਹ ਸਿਪਾਹੀ ਤੇ ਜੇਲ੍ਹ ਦੇ ਹੋਰ ਕਰਮਚਾਰੀ ਵੀ ਨਾਲ ਸਨ। ਫਾਂਸੀ ਦੌਰਾਨ ਅਸੀਂ ਇੱਕ ਦੂਸਰੇ ਨਾਲ ਬੋਲਾਂਗੇ ਨਹੀਂ। ਬਸ ਕੇਵਲ ਤੇ ਕੇਵਲ ਇਸ਼ਾਰਿਆਂ ਵਿੱਚ ਹੀ ਗੱਲ ਕਰਾਂਗੇ। ਇਸ ਦਾ ਅਭਿਆਸ ਅਸੀਂ ਇੱਕ ਦਿਨ ਪਹਿਲਾਂ ਕਰ ਲਿਆ ਸੀ। ਬਹੁਤ ਜਲਦੀ ਮੈਂ ਤਖ਼ਤੇ, ਰੱਸੇ ਤੇ ਲੀਵਰ ਨੂੰ ਚੰਗੀ ਤਰ੍ਹਾਂ ਪਰਖ ਲਿਆ। ਸਾਰਾ ਕੁਝ ਤਿਆਰ ਕਰ ਲਿਆ। ਠੀਕ ਪੰਜ ਵਜੇ ਜੇਲ੍ਹ ਮੈਜਿਸਟਰੇਟ ਤੇ ਜੇਲ੍ਹ ਅਧਿਕਾਰੀ ਵੀ ਜੇਲ੍ਹ ਕੋਠੜੀ ਵਿੱਚ ਪਹੁੰਚ ਗਏ।

ਉਸੇ ਵੇਲੇ ਮੇਰਾ ਧਿਆਨ ਫਾਂਸੀ ਦੀ ਸਜ਼ਾ ਪਾ ਚੁੱਕੇ ਕੈਦੀਆਂ ਦੀ ਕੋਠੜੀ ਵੱਲ ਗਿਆ। ਕੁਝ ਪਰਛਾਵੇਂ ਫਾਂਸੀ ਵਾਲੀ ਕੋਠੜੀ ਵੱਲ ਆਉਂਦੇ ਵਿਖਾਈ ਦਿੱਤੇ। ਅਚਾਨਕ ਰੌਸ਼ਨੀ ਵਿੱਚ ਆਉਂਦੇ ਹੀ ਪਰਛਾਵੇਂ ਖ਼ਤਮ ਹੋ ਗਏ। ਦੋ ਦੋ ਪੁਲੀਸ ਵਾਲਿਆਂ ਨੇ ਇੱਕ ਇੱਕ ਕੈਦੀ ਨੂੰ ਸਖ਼ਤੀ ਨਾਲ ਬਾਂਹਾਂ ਤੋਂ ਪਕੜਿਆ ਹੋਇਆ ਸੀ। ਜਿਸ ਵੇਲੇ ਉਹ ਫਾਂਸੀ ਦੇ ਤਖ਼ਤੇ ਵੱਲ ਆ ਰਹੇ ਸਨ ਤਾਂ ਉਸ ਵੇਲੇ ਉਹ ਚਾਰੋਂ ਥਰ ਥਰ ਕੰਬ ਰਹੇ ਸਨ... ਉਨ੍ਹਾਂ ਦੇ ਕਦਮ ਲੜਖੜਾ ਰਹੇ ਸਨ... ਉਨ੍ਹਾਂ ਦੇ ਚਿਹਰਿਆਂ ਉੱਪਰ ਕੋਈ ਹਾਵਭਾਵ ਵਿਖਾਈ ਨਹੀਂ ਦੇ ਰਹੇ ਸਨ... ਯੋਜਨਾ ਅਨੁਸਾਰ ਇੱਕ ਤਖ਼ਤੇ ਉਪਰ ਦੋ ਦੋ ਕੈਦੀਆਂ ਨੂੰ ਖੜ੍ਹੇ ਕਰ ਦਿੱਤਾ ਗਿਆ। ਮੈਂ ਛੇਤੀ ਨਾਲ ਉਨ੍ਹਾਂ ਦੇ ਪੈਰਾਂ ਨੂੰ ਰੱਸੀ ਨਾਲ ਬੰਨ੍ਹਿਆ। ਉਨ੍ਹਾਂ ਨੇ ਇਸ ਪ੍ਰਤੀ ਕੋਈ ਹਰਕਤ ਨਹੀਂ ਕੀਤੀ... ਕੋਈ ਵਿਰੋਧ ਨਹੀਂ ਕੀਤਾ। ਫਿਰ ਉਨ੍ਹਾਂ ਦੇ ਸਿਰ ਮੂੰਹ ਨੂੰ ਕਾਲਿਆਂ ਟੋਪਾਂ ਨਾਲ ਢਕ ਦਿੱਤਾ...।

ਤੈਨੂੰ ਇੱਕ ਖ਼ਾਸ ਗੱਲ ਦੱਸਾਂ ਭਰਾਵਾ...? ਮੇਰੇ ਤਜ਼ਰਬੇ ਅਨੁਸਾਰ ਡਰ ਦੇ ਮਾਰਿਆਂ ਫਾਂਸੀ ਚੜ੍ਹਣ ਵਾਲੇ ਬਹੁਤੇ ਲੋਕਾਂ ਦੇ ਅੱਧੇ ਸਰੀਰ ਤਾਂ ਪਹਿਲਾਂ ਹੀ ਮਰ ਚੁੱਕੇ ਹੁੰਦੇ ਹਨ... ਫਾਂਸੀ ਤਾਂ ਬੱਸ ਇੱਕ ਬਹਾਨਾ ਹੀ ਹੁੰਦਾ ਹੈ, ਪਰ ਕਈ ਵਾਰ ਇੰਝ ਨਹੀਂ ਵੀ ਹੁੰਦਾ। ਮੇਰੇ ਦਾਦਾ ਜੀ ਨੇ ਦੱਸਿਆ ਸੀ ਕਿ ਇੱਕ ਵਾਰ ਫਾਂਸੀ ਵੇਲੇ ਜਦੋਂ ਫਾਂਸੀ ਦੇਣ ਤੋਂ ਅੱਧੇ ਪੌਣੇ ਘੰਟੇ ਬਾਅਦ ਕੈਦੀ ਨੂੰ ਫਾਹੇ ਤੋਂ ਹੇਠਾਂ ਲਾਹਿਆ ਗਿਆ ਤਾਂ ਉਹ ਤਦ ਵੀ ਜਿਊਂਦਾ ਸੀ। ਫੇਰ ਦਾਦਾ ਜੀ ਨੇ ਉਸ ਦੀਆਂ ਲੱਤਾਂ ਤੇ ਗਰਦਨ ਨੂੰ ਹੱਥ ਨਾਲ ਖਿੱਚ ਕੇ ਉਸ ਦਾ ਕੰਮ ਤਮਾਮ ਕੀਤਾ ਸੀ। ਦਾਦਾ ਜੀ ਨੇ ਇਹ ਵੀ ਦੱਸਿਆ ਸੀ ਕਿ ਉਨ੍ਹਾਂ ਦੇ ਪਿਤਾ ਜੀ ਨੇ ਦੱਸਿਆ ਸੀ ਕਿ ਜਦੋਂ ਉਸ ਨੇ ਇਨਕਲਾਬੀ ਵੀਰਾਂ ਨੂੰ ਫਾਂਸੀ ਉੱਪਰ ਟੰਗਿਆ ਸੀ ਤਦ ਵੀ ਉਨ੍ਹਾਂ ਵਿੱਚੋਂ ਇੱਕ ਇਨਕਲਾਬੀ ਵੀਰ ਨਾਲ ਕੁਝ ਇੰਜ ਦਾ ਹੀ ਵਾਪਰਿਆ ਸੀ...।"

"ਉਸ ਵੇਲੇ ਤੇਰੇ ਦਿਮਾਗ਼ ਵਿੱਚ ਕੀ ਚੱਲ ਰਿਹਾ ਸੀ ਜੱਲਾਦ ਸਾਹਬ...?"

"ਯਾਰ, ਤੂੰ ਮੈਨੂੰ ਤਨਜ਼ਾਂ ਮਾਰਨ ਤੋਂ ਹਟ ਨਹੀਂ ਰਿਹਾ... ਚੁੱਪ ਕਰ ਜਾ। ਫਾਂਸੀ ਦੇਣ ਵਾਲੇ ਸਾਰੇ ਨਿੱਕੇ ਨਿੱਕੇ ਤੇ ਜ਼ਰੂਰੀ ਕੰਮਾਂ ਵਿੱਚ ਰੁੱਝੇ ਹੋਣ ਦੇ ਬਾਵਜੂਦ ਵੀ ਮੈਂ ਵਾਰ ਵਾਰ ਜੇਲਰ ਵੱਲ ਦੇਖਦਾ ਰਿਹਾ। ਡਰ ਇਹੀ ਸੀ ਕਿ ਕਿਤੇ ਲਾਲ ਰੁਮਾਲ ਨੂੰ ਤੇਜ਼ੀ ਨਾਲ ਹੇਠਾਂ ਨੂੰ ਕਰਨ ਦੇ ਇਸ਼ਾਰੇ ਤੋਂ ਪਹਿਲਾਂ ਹੱਥ ਦੇ ਇਸ਼ਾਰੇ ਨਾਲ ਮੈਨੂੰ ਮਨ੍ਹਾਂ ਨਾ ਕਰ ਦੇਵੇ। ਉਧਰ ਜੇਲ੍ਹਰ ਦਾ ਧਿਆਨ ਆਪਣੇ ਦਫ਼ਤਰ ਵੱਲ ਲੱਗਿਆ ਹੋਇਆ ਸੀ ਕਿ ਕਿਤੇ ਕੋਈ ਅਧਿਕਾਰੀ ਫਾਂਸੀ ਨਾਲ ਸਬੰਧਿਤ ਕਿਸੇ ਪ੍ਰਕਾਰ ਦੀ ਹਦਾਇਤ ਲੈ ਕੇ ਦੌੜਦਾ ਨਾ ਆਉਂਦਾ ਹੋਵੇ, ਪਰ ਠੀਕ ਸਾਢੇ ਪੰਜ ਵਜੇ ਜੇਲ੍ਹਰ ਨੇ ਜਿਵੇਂ ਹੀ ਲਾਲ ਰੁਮਾਲ ਨੂੰ ਸੱਜੇ ਹੱਥ ਨਾਲ ਉੱਪਰ ਚੁੱਕ ਕੇ ਤੇਜ਼ੀ ਨਾਲ ਹੇਠਾਂ ਨੂੰ ਸਰਕਾਇਆ... ਮੇਰੇ ਸਰੀਰ ਵਿੱਚ ਅਚਾਨਕ ਜ਼ੋਰਦਾਰ ਫੁਰਤੀ ਆ ਗਈ। ਮੈਂ ਦਸ ਸਕਿੰਟਾਂ ਦੇ ਵਕਫ਼ੇ ਵਿੱਚ ਹੀ ਜ਼ੋਰ ਨਾਲ ਵਾਰੋ ਵਾਰੀ ਦੋਵੇਂ ਲੀਵਰ ਪਿੱਛੇ ਨੂੰ ਖਿੱਚ ਦਿੱਤੇ...ਧੜੰਮ ਦੇਣੇ ਉਹ ਚਾਰੇ ਮੌਤ ਦੇ ਖੂਹ ਵਿੱਚ ਲਟਕ ਗਏ... ਤੜਫਣ ਤੇ ਕੰਬਣ ਲੱਗੇ। ਦਸ ਕੁ ਮਿੰਟਾਂ ਦੇ ਅੰਦਰ ਅੰਦਰ ਚਾਰੇ ਸ਼ਾਂਤ ਹੋ ਗਏ। ਕੁਝ ਦੇਰ ਬਾਅਦ ਚਾਰਾਂ ਨੂੰ ਫਾਹੇ ਤੋਂ ਉਤਾਰਿਆ। ਡਾਕਟਰਾਂ ਨੇ ਉਨ੍ਹਾਂ ਦੇ ਦਿਲ ਦੀ ਧੜਕਣ ਚੈੱਕ ਕੀਤੀ। ਮੌਤ ਦੀ ਲਿਖਤੀ ਪੁਸ਼ਟੀ ਮੈਜਿਸਟਰੇਟ ਨੂੰ ਦਿੱਤੀ। ਉਸ ਵੇਲੇ ਉੱਥੇ ਹਾਜ਼ਰ ਹਰ ਕਿਸੇ ਦੀਆਂ ਨਜ਼ਰਾਂ ਮੈਜਿਸਟਰੇਟ ਉੱਪਰ ਟਿਕੀਆਂ ਸਨ ਜਿਉਂ ਹੀ ਉਸ ਨੇ 'ਹਾਂ' ਵਿੱਚ ਸਿਰ ਹਿਲਾਇਆ, ਹੋਰਾਂ ਸਮੇਤ ਮੈਨੂੰ ਬਹੁਤ ਵੱਡੀ ਰਾਹਤ ਮਿਲੀ। ਉਸ ਵੇਲੇ ਮੈਂ ਆਸਮਾਨ ਵੱਲ ਦੇਖਿਆ... ਰੱਬ ਦਾ ਸ਼ੁਕਰੀਆ ਅਦਾ ਕੀਤਾ। ਕਮਰੇ ਵਿੱਚ ਪਹੁੰਚਦੇ ਹੀ ਮੈਂ ਆਪਣੀ ਵੱਡੀ ਧੀ ਨੂੰ ਫ਼ੋਨ ਮਿਲਾ ਦਿੱਤਾ- 'ਇਸ ਵਾਰ ਨਹੀਂ ਮੈਂ ਆਉਂਦਾ ਖਾਲੀ ਹੱਥ ਧੀਏ... ਪੂਰਾ ਇੱਕ ਲੱਖ ਰੁਪਈਆ ਮਿਲਣਾ ਹੈ... ਆਪਣੀ ਮਾਂ ਨੂੰ ਕਹਿ ਦੇ ਕਿ ਉਹ ਵਿਚੋਲੇ ਨੂੰ ਫ਼ੋਨ ਕਰ ਕੇ ਕਹਿ ਦੇਵੇ ਕਿ ਮੁੰਡੇ ਵਾਲਿਆਂ ਨੂੰ ਕਹਿ ਦੇਵੇ ਆਉਂਦੇ ਐਤਵਾਰ ਨੂੰ ਹੀ ਬਾਰਾਤ ਲੈ ਕੇ ਆ ਜਾਣ। ਇਸ ਵਾਰ ਨਹੀਂ ਟਾਲਦਾ ਮੈਂ ਆਪਣੀ ਧੀ ਦੇ ਵਿਆਹ ਦੀ ਤਾਰੀਖ। ਮੁੰਡੇ ਨੂੰ ਬਾਈਕ ਦੇਣ ਵਾਲੀ ਗੱਲ ਵੀ ਪੱਕੀ ਕਰ ਦਿਉ...।' 'ਪੱਕਾ ਡੈਡੀ...?' 'ਹਾਂ, ਹਾਂ, ਹਾਂ...।'

ਮੈਂ ਜ਼ੋਰ ਦੀ ਬੋਲਿਆ ਸਾਂ।

"ਹੈਲੋ... ਓ ਭਾਈ ਸਾਹਿਬ... ਹੁਣ ਕਿੱਥੇ ਚਲਾ ਗਿਐਂ ਤੂੰ... ਬੋਲਦਾ ਕਿਉਂ ਨਹੀਂ...?"

"ਕੀ ਹੋਇਆ ਜੱਲਾਦ ਸਾਹਿਬ... ਇਕੱਲੇ ਹੀ ਕਿਸ ਨਾਲ ਗੱਲਾਂ ਮਾਰੀ ਜਾ ਰਹੇ ਸੀ... ਮੈਂ ਅੱਧੇ ਘੰਟੇ ਤੋਂ ਬਾਹਰ ਖੜ੍ਹਾ ਸੁਣ ਰਿਹਾ ਸਾਂ...? ਚਲੋ, ਜੇਲਰ ਸਾਹਿਬ ਨੇ ਬੁਲਾਇਆ ਕਹਿੰਦੇ ਤੁਹਾਡਾ ਹਿਸਾਬ ਕਿਤਾਬ ਕਰਨੈਂ...।"

ਤੁਤਬੁਤ ਹੋਇਆ ਮੈਂ ਸਿਪਾਹੀ ਦੇ ਪਿੱਛੇ ਪਿੱਛੇ ਤੁਰ ਪਿਆ।

**- ਗੋਵਰਧਨ ਗੱਬੀ**


# BPA ਕੀ ਹੈ ਅਤੇ ਤੁਹਾਨੂੰ ਇਸ ਬਾਰੇ ਚਿੰਤਾ ਕਰਨ ਦੀ ਕਿਉਂ ਲੋੜ ਹੈ?



ਬੀ.ਪੀ.ਏ. (BPA) ਇੱਕ ਪਲਾਸਟਿਕ ਵਿੱਚ ਘੋਲਿਆ ਜਾਣ ਵਾਲਾ ਰਸਾਇਣ ਹੈ ਜੋ ਪਲਾਸਟਿਕ ਦੀ ਟਿਕਾਊਤਾ ਅਤੇ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ ਲਈ ਵਰਤਿਆ ਜਾਂਦਾ ਹੈ। ਹਾਲਾਂਕਿ ਇਹ ਪਾਣੀ ਦੀਆਂ ਬੋਤਲਾਂ, ਖਿਡੌਣਿਆਂ ਅਤੇ ਭੋਜਨ ਦੇ ਕੰਟੇਨਰਾਂ ਵਰਗੇ ਉਤਪਾਦ ਬਣਾਉਣ ਵਿੱਚ ਲਾਭਦਾਇਕ ਹੈ, ਅਧਿਐਨ ਦਰਸਾਉਂਦੇ ਹਨ ਕਿ BPA ਇਹਨਾਂ ਪਲਾਸਟਿਕ ਵਿੱਚ ਸਟੋਰ ਕੀਤੇ ਭੋਜਨ ਅਤੇ ਪੀਣ ਵਾਲੇ ਪਦਾਰਥਾਂ ਵਿੱਚ ਆ ਸਕਦਾ ਹੈ। ਅਜਿਹਾ ਖਾਸ ਤੌਰ 'ਤੇ ਉਦੋਂ ਹੁੰਦਾ ਹੈ ਜਦੋਂ ਪਲਾਸਟਿਕ ਨੂੰ ਗਰਮ ਕੀਤਾ ਜਾਂਦਾ ਹੈ, ਜਿਵੇਂ ਕਿ ਜਦੋਂ ਇਸ ਵਿੱਚ ਭੋਜਨ ਨੂੰ ਮਾਈਕ੍ਰੋਵੇਵ ਕਰਦੇ ਹੋ, ਜਾਂ ਫਿਰ ਜਦੋਂ ਇਹ ਸਿੱਧੀ ਧੁੱਪ ਦੇ ਸੰਪਰਕ ਵਿੱਚ ਆਉਂਦੇ ਹਨ।

### ਇਹ ਇੱਕ ਸਮੱਸਿਆ ਕਿਉਂ ਹੈ?

BPA ਦਾ ਅਰਥ ਹੈ ਬਿਸਫੇਨੋਲ ਏ (Bisphenol A), ਇੱਕ ਰਸਾਇਣ ਜੋ ਕਿ ਕੁਝ ਖਾਸ ਕਿਸਮਾਂ ਦੇ ਪਲਾਸਟਿਕ ਵਿੱਚ ਵਰਤਿਆ ਜਾਂਦਾ ਹੈ। ਇਹ ਪਲਾਸਟਿਕ ਆਮ ਤੌਰ 'ਤੇ ਪਾਣੀ ਦੀਆਂ ਬੋਤਲਾਂ, ਭੋਜਨ ਦੇ ਕੰਟੇਨਰ, ਡੱਬਾਬੰਦ ਭੋਜਨ ਲਾਈਨਿੰਗ, ਰਸੀਦਾਂ (ਥਰਮਲ ਪੇਪਰ) ਵਿੱਚ ਮਿਲਦੇ ਹਨ। ਜਦੋਂ ਕਿ ਇਹ ਚੀਜ਼ਾਂ ਜੀਵਨ ਨੂੰ ਵਧੇਰੇ ਸੁਵਿਧਾਜਨਕ




bisphenol A

ਬਣਾਉਂਦੀਆਂ ਹਨ, ਲੇਕਿਨ ਸਿਹਤ ਅਤੇ ਵਾਤਾਵਰਣ ਨੂੰ ਨੁਕਸਾਨ ਪਹੁੰਚਾ ਸਕਦੀਆਂ ਹਨ। ਵਿਗਿਆਨਕ ਅਧਿਐਨਾਂ ਨੇ ਨਿਯਮਤ BPA ਐਕਸਪੋਜਰ (BPA Exposure) ਨਾਲ ਜੁੜੇ ਕਈ ਸਿਹਤ ਮੁੱਦਿਆਂ ਨੂੰ ਉਜਾਗਰ ਕੀਤਾ ਹੈ। ਆਉ BPA ਨਾਲ ਜੁੜੇ ਆਮ ਮੁੱਦਿਆਂ ਦੀ ਪੜਚੋਲ ਕਰੀਏ।

### BPA-ਲੀਚਿੰਗ ਦਾ ਕੀ ਮਤਲਬ ਹੈ?

BPA ਦੇ ਪਲਾਸਟਿਕ ਨਾਲੋਂ ਰਿਸ ਕੇ ਪਾਣੀ ਜਾ ਭੋਜਨ ਵਿੱਚ ਘੁਲਣ ਨੂੰ BPA-ਲੀਚਿੰਗ ਕਹਿੰਦੇ ਹਨ। ਇਹ ਡੱਬਾਬੰਦ ਭੋਜਨਾਂ ਦੇ ਸੁਰੱਖਿਆਤਮਕ ਕੋਟਿੰਗਾਂ ਅਤੇ ਪੌਲੀਕਾਰਬੋਨੇਟ ਟੇਬਲਵੇਅਰ, ਸਟੋਰੇਜ ਕੰਟੇਨਰ, ਪਾਣੀ ਦੀਆਂ ਬੋਤਲਾਂ ਅਤੇ ਬੱਚਿਆਂ ਦੀਆਂ ਬੋਤਲਾਂ ਵਰਗੇ ਖਪਤਕਾਰ ਉਤਪਾਦਾਂ ਤੋਂ ਭੋਜਨ ਵਿੱਚ ਲੀਚ ਕਰ ਸਕਦਾ ਹੈ। BPA-ਲੀਚਿੰਗ ਦੇ ਜੋਖਮ ਨੂੰ ਵਧਾਉਣ ਲਈ ਕਈ ਕਾਰਕ ਜੁੰਮੇਵਾਰ ਹਨ, ਜਿਸ ਵਿੱਚ ਸ਼ਾਮਲ ਹਨ:



ਮਾਈਕ੍ਰੋਵੇਵ ਜਾਂ ਡਿਸ਼ਵਾਸ਼ਰ ਵਿੱਚ BPA-ਯੁਕਤ ਪਲਾਸਟਿਕ ਦੇ ਕੰਟੇਨਰਾਂ ਨੂੰ ਗਰਮ ਕਰਨਾ ਜਾਂ ਗਰਮ ਭੋਜਨ ਤੇ ਪੀਣ ਵਾਲੇ ਪਦਾਰਥਾਂ ਲਈ BPA-ਯੁਕਤ ਪਲਾਸਟਿਕ ਦੀ ਵਰਤੋਂ ਕਰਨਾ BPA-ਲੀਚਿੰਗ ਦੇ ਜੋਖਮ ਨੂੰ ਵਧਾਉਂਦਾ ਹੈ। ਜਾਂ ਫਿਰ ਪਾਣੀ ਦੀਆਂ ਬੋਤਲਾਂ ਨੂੰ ਸਿੱਧੀ ਧੁੱਪ ਦੇ ਸੰਪਰਕ ਵਿੱਚ ਰੱਖਣਾ, ਉਬਲਦੇ ਪਾਣੀ ਵਿੱਚ ਪਲਾਸਟਿਕ ਨੂੰ ਧੋਣਾ BPA-ਲੀਚਿੰਗ ਦੇ ਜੋਖਮ ਨੂੰ ਵਧਾਉਂਦਾ ਹੈ।

ਪਲਾਸਟਿਕ ਦੇ ਕੰਟੇਨਰਾਂ ਤੋਂ BPA ਲੀਚਿੰਗ ਸਟੋਰੇਜ ਸਮੇਂ ਦੇ ਨਾਲ ਵਧਦੀ ਹੈ। ਪਲਾਸਟਿਕ ਦੇ ਕੰਟੇਨਰਾਂ ਨੂੰ ਕਠੋਰ ਖਾਰੀ



ਡਿਟਰਜੈਂਟਾਂ ਨਾਲ ਧੋਣ ਨਾਲ BPA ਲੀਚਿੰਗ ਦਾ ਜੋਖਮ ਵਧ ਸਕਦਾ ਹੈ।

ਝਰੀਟਾਂ ਇਸ ਨੂੰ ਹੋਰ ਬਦਤਰ ਬਣਾਉਂਦੀਆਂ ਹਨ। ਪੁਰਾਣੀਆਂ ਜਾਂ ਖਰਾਬ ਹੋਈਆਂ ਪਲਾਸਟਿਕ ਦੀਆਂ ਬੋਤਲਾਂ ਨੂੰ ਇਸਤੇਮਾਲ ਕਰਨਾ BPA-ਲੀਚਿੰਗ ਦੇ ਜੋਖਮ ਨੂੰ ਵਧਾਉਂਦਾ ਹੈ।

BPA ਲੀਚਿੰਗ ਦੇ ਜੋਖਮ ਨੂੰ ਘਟਾਉਣ ਲਈ, ਤੁਸੀਂ ਗਰਮ ਭੋਜਨ ਅਤੇ ਤਰਲ ਪਦਾਰਥਾਂ ਲਈ ਪਲਾਸਟਿਕ ਦੇ ਕੰਟੇਨਰਾਂ ਦੀ ਬਜਾਏ ਕੱਚ, ਪੋਰਸਿਲੇਨ, ਜਾਂ ਸਟੇਨਲੈੱਸ-ਸਟੀਲ ਦੇ ਕੰਟੇਨਰਾਂ ਦੀ ਵਰਤੋਂ ਕਰ ਸਕਦੇ ਹੋ।

### ਸਿਹਤ ਅਤੇ ਵਾਤਾਵਰਨ ਸੰਬੰਧੀ ਸਮੱਸਿਆਵਾਂ

ਹਾਰਮੋਨਲ ਵਿਕਾਰ: ਹਾਰਮੋਨਲ ਵਿਕਾਰ BPA ਐਕਸਪੋਜਰ ਨਾਲ ਜੁੜੇ ਪ੍ਰਮੁੱਖ ਸਿਹਤ ਜੋਖਮਾਂ ਵਿੱਚੋਂ ਇੱਕ ਹਨ। BPA ਸਰੀਰ ਦੇ ਕੁਦਰਤੀ ਹਾਰਮੋਨ, ਐਸਟ੍ਰੋਜਨ ਵਾਂਗ ਕੰਮ ਕਰਦਾ ਹੈ। ਇਹ ਤੁਹਾਡੇ ਹਾਰਮੋਨ ਸਿਸਟਮ ਦੇ ਨਿਯਮਤ ਸੰਚਾਲਨ ਵਿੱਚ ਦਖਲ ਦੇ ਕੇ ਬੇਨਿਯਮੀਆਂ ਦਾ ਕਾਰਨ ਬਣ ਸਕਦਾ ਹੈ।

ਬੱਚਿਆਂ ਦਾ ਵਿਕਾਸ: ਜਿਵੇਂ-ਜਿਵੇਂ ਬੱਚਾ ਵੱਡਾ ਹੁੰਦਾ ਜਾਂਦਾ ਹੈ, BPA ਦਾ ਸੰਪਰਕ ਉਹਨਾਂ ਦੇ ਵਿਹਾਰ ਅਤੇ ਦਿਮਾਗ ਦੇ ਵਿਕਾਸ ਨੂੰ ਪ੍ਰਭਾਵਿਤ ਕਰ ਸਕਦਾ ਹੈ।

ਭੂਮੀ ਪ੍ਰਦੂਸ਼ਣ: BPA ਵਾਲੇ ਪਲਾਸਟਿਕ ਅਕਸਰ ਲੈਂਡਫਿਲ ਵਿੱਚ ਖਤਮ ਹੁੰਦੇ ਹਨ। ਜਦੋਂ ਇਹ ਪਲਾਸਟਿਕ ਟੁੱਟਦਾ ਹੈ, ਇਹ BPA ਨੂੰ ਮਿੱਟੀ ਅਤੇ ਪਾਣੀ ਵਿੱਚ ਛੱਡਦਾ ਹੈ, ਜੰਗਲੀ ਜੀਵਣ ਅਤੇ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਂਦਾ ਹੈ।

ਪਾਣੀ ਦਾ ਪ੍ਰਦੂਸ਼ਣ: BPA ਵਾਲੇ ਪਲਾਸਟਿਕ ਅਕਸਰ ਨਦੀਆਂ, ਝੀਲਾਂ ਅਤੇ ਸਮੁੰਦਰਾਂ ਵਿੱਚ ਆਪਣਾ ਰਸਤਾ ਲੱਭ



ਲੈਂਦੇ ਹਨ, ਜਿੱਥੇ ਉਹ ਉਨ੍ਹਾਂ ਨੂੰ ਦੂਸ਼ਿਤ ਕਰਦੇ ਹਨ। ਇਸ ਗੰਦਗੀ ਨਾਲ ਜਲ-ਜੀਵਨ ਅਤੇ ਸਮੁੰਦਰੀ ਨਿਵਾਸ ਪ੍ਰਭਾਵਿਤ ਹੁੰਦੇ ਹਨ। BPA ਦੇ ਸੰਪਰਕ ਵਿੱਚ ਆਉਣ ਵਾਲੇ ਜਾਨਵਰਾਂ ਵਿੱਚ ਪ੍ਰਜਨਨ ਅਤੇ ਵਿਕਾਸ ਸੰਬੰਧੀ ਸਮੱਸਿਆਵਾਂ ਹੋ ਸਕਦੀਆਂ ਹਨ।


### BPA-ਮੁਕਤ ਦਾ ਕੀ ਮਤਲਬ ਹੈ?

ਜਦੋਂ ਕਿਸੇ ਚੀਜ਼ ਨੂੰ BPA-ਮੁਕਤ ਵਜੋਂ ਲੇਬਲ ਕੀਤਾ ਜਾਂਦਾ ਹੈ, ਤਾਂ ਇਸਦਾ ਮਤਲਬ ਹੈ ਕਿ ਪਲਾਸਟਿਕ ਵਿੱਚ ਬਿਸਫੇਨੋਲ-ਏ ਨਹੀਂ ਹੁੰਦਾ। ਇਹ ਭੋਜਨ ਅਤੇ ਪੀਣ ਵਾਲੇ ਪਦਾਰਥ ਰੱਖਣ ਲਈ ਉਤਪਾਦ ਨੂੰ ਸੁਰੱਖਿਅਤ ਬਣਾਉਂਦਾ ਹੈ। ਤੁਸੀਂ ਪਾਣੀ




ਦੀਆਂ ਬੋਤਲਾਂ, ਲੰਚ ਬਾਕਸ ਅਤੇ ਬੱਚਿਆਂ ਦੀਆਂ ਬੋਤਲਾਂ 'ਤੇ ਇਹ ਲੇਬਲ ਦੇਖ ਸਕਦੇ ਹੋ। BPA-ਮੁਕਤ ਉਤਪਾਦਾਂ ਦੀ ਚੋਣ ਕਰਕੇ ਪਰਿਵਾਰ ਆਮ ਸਿਹਤ ਵਿੱਚ ਸੁਧਾਰ ਕਰ ਸਕਦੇ ਹਨ ਅਤੇ ਸੁਰੱਖਿਅਤ ਆਦਤਾਂ ਅਪਣਾ ਸਕਦੇ ਹਨ।

BPA-ਮੁਕਤ ਉਤਪਾਦ ਸਿਰਫ਼ ਇੱਕ ਰੁਝਾਨ ਨਹੀਂ ਹਨ, ਇਹ ਹਰ ਕਿਸੇ ਲਈ ਬਿਹਤਰ ਸਿਹਤ ਵੱਲ ਇੱਕ ਕਦਮ ਹਨ। BPA ਬਾਰੇ ਸਿੱਖਣ ਅਤੇ ਸੁਰੱਖਿਅਤ ਵਿਕਲਪਾਂ ਦੀ ਚੋਣ ਕਰਕੇ, ਪਰਿਵਾਰ ਸੰਭਾਵੀ ਖਤਰਿਆਂ ਤੋਂ ਬਚ ਸਕਦੇ ਹਨ ਅਤੇ ਇੱਕ ਸਿਹਤਮੰਦ ਜੀਵਨ ਸ਼ੈਲੀ ਬਣਾ ਸਕਦੇ ਹਨ। ਇਹ ਚੀਜ਼ਾਂ ਸਿਰਫ਼ ਇੱਕ ਫੈਸ਼ਨ ਤੋਂ ਵੱਧ ਹਨ, ਇਹ ਜੀਵਨ ਦੀ ਬਿਹਤਰ ਗੁਣਵੱਤਾ ਵੱਲ ਇੱਕ ਮਹੱਤਵਪੂਰਨ ਕਦਮ ਹਨ।




### BPA-ਮੁਕਤ ਪਾਣੀ ਤੁਹਾਡੇ ਅਤੇ ਗ੍ਰਹਿ ਲਈ ਇੱਕ ਸਿਹਤਮੰਦ ਵਿਕਲਪ ਕਿਉਂ ਹੈ।

ਹਾਰਵਰਡ ਹੈਲਥ ਦੀ ਰਿਪੋਰਟ ਮੁਤਾਬਕ ਔਸਤਨ ਵਿਅਕਤੀ ਨੂੰ ਰੋਜ਼ਾਨਾ 4 ਤੋਂ 6 ਗਲਾਸ ਪਾਣੀ ਪੀਣਾ ਚਾਹੀਦਾ ਹੈ। ਹਾਲਾਂਕਿ, ਇਹ ਲੋੜਾਂ ਤਾਪਮਾਨ ਅਤੇ ਗਤੀਵਿਧੀ ਦੇ ਆਧਾਰ 'ਤੇ ਵੱਖ-ਵੱਖ ਹੋ ਸਕਦੀਆਂ ਹਨ। ਜੇ ਕੋਈ ਵਿਅਕਤੀ "ਬਹੁਤ ਜ਼ਿਆਦਾ ਪਸੀਨਾ ਵਹਾ ਰਿਹਾ ਹੈ" ਅਤੇ ਡੀਹਾਈਡਰੇਸ਼ਨ ਦੇ ਜੋਖਮ 'ਤੇ ਹੈ, ਤਾਂ ਇਹ ਆਮ ਸਹਿਮਤੀ ਹੈ ਕਿ ਪਾਣੀ ਦੇ 2 ਤੋਂ 3 ਕੱਪ ਪ੍ਰਤੀ ਘੰਟਾ ਪੀਣੇ ਜ਼ਰੂਰੀ ਹੋ ਸਕਦੇ ਹਨ। ਅਤੇ ਜਦੋਂ ਪਾਣੀ ਇੱਕ ਚੰਗੀ ਮਾਤਰਾ ਵਿੱਚ ਰਾਹਤ ਲਿਆਏਗਾ, ਇਹ ਸੋਚਣਾ ਇੱਕ ਗਲਤੀ ਹੋਵੇਗੀ ਕਿ BPA ਪਾਣੀ ਵਿੱਚ ਨਾਲ ਨਹੀਂ ਆਵੇਗਾ।

BPA ਇੱਕ ਉਦਯੋਗਿਕ ਰਸਾਇਣ ਹੈ ਜੋ 1960 ਦੇ ਦਹਾਕੇ ਤੋਂ ਪਲਾਸਟਿਕ ਉਪਭੋਗਤਾ ਉਤਪਾਦਾਂ ਵਿੱਚ ਵਰਤਿਆ ਜਾਂਦਾ ਹੈ। ਬੇਸ਼ੱਕ, ਇਹ ਸਿਰਫ਼ ਪਾਣੀ ਦੀਆਂ ਬੋਤਲਾਂ ਵਿੱਚ ਹੀ ਨਹੀਂ - ਉਦਾਹਰਨ ਲਈ, ਪਾਣੀ ਦੀਆਂ ਬੋਤਲਾਂ, ਭੋਜਨ ਦੇ ਕੰਟੇਨਰ, ਅਤੇ ਬੱਚਿਆਂ ਦੀਆਂ ਬੋਤਲਾਂ BPA ਪਰਿਵਾਰ ਦਾ ਹਿੱਸਾ ਹਨ। ਹਾਲਾਂਕਿ, ਜਿਵੇਂ ਕਿ ਖਪਤਕਾਰ ਵਾਤਾਵਰਣ ਅਤੇ ਉਨ੍ਹਾਂ ਦੀ ਤੰਦਰੁਸਤੀ ਬਾਰੇ ਚਿੰਤਤ ਹਨ, ਬੋਤਲਬੰਦ ਪਾਣੀ ਦੀ ਮੰਗ ਵਧ ਰਹੀ ਹੈ। ਪੈਕੇਜਿੰਗ ਅਤੇ ਉਤਪਾਦ ਦੇ ਸਮੁੱਚੇ ਵਾਤਾਵਰਨ ਪ੍ਰਭਾਵ ਕਾਰਨ BPA-ਮੁਕਤ ਪਾਣੀ ਦੀਆਂ ਬੋਤਲਾਂ ਦੀ ਮੰਗ ਵਧੀ ਹੈ।

BPA-ਮੁਕਤ ਬੋਤਲਾਂ ਬਿਸਫੇਨੋਲ ਏ ਤੋਂ ਬਿਨਾਂ ਬਣਾਈਆਂ ਜਾਂਦੀਆਂ ਹਨ। ਇਸਦੀ ਬਜਾਏ, ਉਹ ਕੱਚ, ਸਟੇਨਲੈਸ ਸਟੀਲ, ਸਿਲੀਕੋਨ, ਜਾਂ BPA-ਮੁਕਤ ਪਲਾਸਟਿਕ ਵਰਗੀਆਂ ਸੁਰੱਖਿਅਤ ਸਮੱਗਰੀਆਂ ਦੀ ਵਰਤੋਂ ਕਰਦੇ ਹਨ। ਵਿਗਿਆਨੀ BPA-ਮੁਕਤ ਬੋਤਲਾਂ ਦੀ ਸਿਫ਼ਾਰਸ਼ ਕਰਦੇ ਹਨ ਕਿਉਂਕਿ ਉਹ ਨਾਲ ਬਿਸਫੇਨੋਲ ਏ ਨਾਲ ਜੁੜੇ ਸੰਭਾਵੀ ਸਿਹਤ ਜੋਖਮ ਘਟਦੇ ਹਨ, ਜਿਵੇਂ ਕਿ ਹਾਰਮੋਨਲ ਵਿਘਨ ਅਤੇ ਕੁਝ ਬਿਮਾਰੀਆਂ ਦੇ ਵਧੇ ਹੋਏ ਜੋਖਮ, ਸੁਰੱਖਿਅਤ, ਗੈਰ-ਜ਼ਹਿਰੀਲੀ ਸਮੱਗਰੀ ਦੀ ਵਰਤੋਂ ਕਰਕੇ।

### ਤੁਸੀਂ ਇਹ ਕਿਵੇਂ ਨਿਰਧਾਰਿਤ ਕਰੋਗੇ ਕਿ ਕੀ ਪਲਾਸਟਿਕ ਦੀ ਬੋਤਲ ਵਿੱਚ BPA ਹੈ?

ਇਹ ਕਾਫ਼ੀ ਸੌਖਾ ਹੈ। ਪਹਿਲਾਂ, ਪਲਾਸਟਿਕ ਦੇ ਕੰਟੇਨਰ ਨੂੰ ਇੱਕ ਸਤਹ 'ਤੇ ਉਲਟਾ ਰੱਖੋ ਅਤੇ ਹੇਠਾਂ ਛਪਿਆ ਨੰਬਰ ਦੇਖੋ। ਇਹ ਪਲਾਸਟਿਕ ਰੈਜ਼ਿਨ ਪਛਾਣ ਕੋਡ ਦਿਖਾਏਗਾ। ਜੇਕਰ ਇਹ ਨੰਬਰ 1, 2, 4, 5, ਜਾਂ 6 ਹੈ, ਤਾਂ ਤੁਸੀਂ ਯਕੀਨੀ ਹੋ ਸਕਦੇ




ਹੋ ਕਿ ਤੁਹਾਡਾ ਕੰਟੇਨਰ ਅਧਿਕਾਰਤ ਤੌਰ 'ਤੇ BPA-ਮੁਕਤ ਹੈ। ਜੇਕਰ ਤੁਸੀਂ ਦੇਖਦੇ ਹੋ, ਹਾਲਾਂਕਿ, ਇੱਕ ਨੰਬਰ ਜਿਸ ਵਿੱਚ 3 ਜਾਂ 7 ਹੈ, ਤਾਂ ਸੰਭਾਵਨਾਵਾਂ ਹਨ ਕਿ BPA ਹੈ। ਕੰਟੇਨਰ ਨੂੰ ਵਾਪਸ ਰੱਖ ਦੇਣਾ ਸ਼ਾਇਦ ਸਭ ਤੋਂ ਵਧੀਆ ਫ਼ੈਸਲਾ ਹੈ।

- ਇੰਦਰਜੀਤ ਸਿੰਘ

# SC ਨੇ ਸੰਭਲ ’ਚ ਜਾਮਾ ਮਸਜਿਦ ਨੇੜਲੇ ਖੂਹ ਦੀ ਪੂਜਾ 'ਤੇ ਲਾਈ ਰੋਕ

## ਇਹ ਸਪੱਸ਼ਟ ਵੀ ਕੀਤਾ ਗਿਆ ਕਿ ਮਸਜਿਦ ਤੋਂ ਇਲਾਵਾ, ਹੋਰ ਲੋਕ ਵੀ ਖੂਹ ਦੀ ਵਰਤੋਂ ਕਰ ਸਕਦੇ ਹਨ

ਨਵੀਂ ਦਿੱਲੀ: ਸੁਪਰੀਮ ਕੋਰਟ ਨੇ ਸੰਭਲ 'ਚ ਜਾਮਾ ਮਸਜਿਦ ਦੇ ਨੇੜੇ ਖੂਹ ਨੂੰ ਹਰੀ ਮੰਦਰ ਖੂਹ ਐਲਾਨਣ ਅਤੇ ਉੱਥੇ ਪੂਜਾ ਦੀ ਆਗਿਆ ਦੇਣ ਵਾਲੇ ਨਗਰ ਨਿਗਮ ਦੇ ਨੋਟੀਫਿਕੇਸ਼ਨ 'ਤੇ ਰੋਕ ਲਗਾ ਦਿੱਤੀ ਹੈ। ਹਾਲਾਂਕਿ, ਇਹ ਸਪੱਸ਼ਟ ਵੀ ਕੀਤਾ ਗਿਆ ਕਿ ਮਸਜਿਦ ਤੋਂ ਇਲਾਵਾ, ਹੋਰ ਲੋਕ ਵੀ ਖੂਹ ਦੀ ਵਰਤੋਂ ਕਰ ਸਕਦੇ ਹਨ। ਇਸ 'ਤੇ ਕੋਈ ਪਾਬੰਦੀ ਨਹੀਂ ਹੈ। ਸੁਪਰੀਮ ਕੋਰਟ ਨੇ ਉੱਤਰ ਪ੍ਰਦੇਸ਼ ਸਰਕਾਰ ਤੋਂ ਸਟੇਟਸ ਰਿਪੋਰਟ ਮੰਗੀ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ 21 ਫ਼ਰਵਰੀ ਨੂੰ ਹੋਵੇਗੀ। ਚੀਫ਼ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਦੀ ਬੈਂਚ ਨੇ ਨਿਰਦੇਸ਼ ਦਿੱਤਾ ਕਿ ਬਿਨਾਂ ਇਜਾਜ਼ਤ ਦੇ ਖੂਹ ਬਾਰੇ ਕੋਈ ਕਾਰਵਾਈ ਨਾ ਕੀਤੀ ਜਾਵੇ। ਇਸ ਦੇ ਨਾਲ ਹੀ ਅਧਿਕਾਰੀਆਂ ਨੂੰ ਦੋ ਹਫ਼ਤਿਆਂ ਦੇ ਅੰਦਰ ਸਥਿਤੀ ਰਿਪੋਰਟ ਦਾਇਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਸ਼ਾਹੀ ਜਾਮਾ ਮਸਜਿਦ ਦੀ ਪ੍ਰਬੰਧਕ ਕਮੇਟੀ ਵਲੋਂ ਦਾਇਰ ਪਟੀਸ਼ਨ ਵਿਚ ਸੀਨੀਅਰ ਡਵੀਜ਼ਨ ਸਿਵਲ ਜੱਜ ਦੇ 19 ਨਵੰਬਰ, 2024 ਦੇ ਹੁਕਮ ਨੂੰ ਚੁਣੌਤੀ ਦਿੱਤੀ ਗਈ ਸੀ, ਜਿਸ ਵਿਚ ਮਸਜਿਦ ਦਾ ਸਰਵੇਖਣ ਕਰਨ ਲਈ ਇਕ ਐਡਵੋਕੇਟ ਕਮਿਸ਼ਨਰ ਦੀ ਨਿਯੁਕਤੀ ਦੀ ਆਗਿਆ ਦਿੱਤੀ ਗਈ ਸੀ। ਇਹ ਦਲੀਲ ਦਿੱਤੀ ਗਈ ਸੀ ਕਿ ਸਰਵੇਖਣ ਕਾਰਨ ਹਿੰਸਾ ਹੋਈ ਅਤੇ ਜਾਨ-ਮਾਲ ਦਾ ਨੁਕਸਾਨ ਹੋਇਆ। ਜਿਸ ਕਾਰਨ ਸੁਪਰੀਮ ਕੋਰਟ ਨੂੰ ਤੁਰਤ ਦਖ਼ਲ ਦੇਣਾ ਪਿਆ।ਪ੍ਰਬੰਧਕ ਕਮੇਟੀ ਦੀ ਨੁਮਾਇੰਦਗੀ ਕਰ ਰਹੇ ਸੀਨੀਅਰ ਵਕੀਲ ਹੁਜ਼ੇਫਾ ਅਹਿਮਦੀ ਨੇ ਖੂਹ ਦੀ ਇਤਿਹਾਸਕ ਮਹੱਤਤਾ ਦਸਦਿਆਂ ਕਿਹਾ, 'ਅਸੀਂ ਅਨਾਦਿ ਸਮੇਂ ਤੋਂ ਇਸ ਖੂਹ ਤੋਂ ਪਾਣੀ ਕਢਦੇ ਆ ਰਹੇ ਹਾਂ।' ਅਹਿਮਦੀ ਨੇ



ਇਕ ਨੋਟਿਸ 'ਤੇ ਚਿੰਤਾ ਪ੍ਰਗਟ ਕੀਤੀ ਜਿਸ ਵਿਚ ਇਸ ਜਗ੍ਹਾ ਨੂੰ "ਹਰੀ ਮੰਦਰ" ਦਸਿਆ ਗਿਆ ਸੀ ਅਤੇ ਉੱਥੇ ਧਾਰਮਕ ਗਤੀਵਿਧੀਆਂ ਸ਼ੁਰੂ ਕਰਨ ਦੀ ਮੰਗ ਕੀਤੀ ਗਈ ਸੀ। ਇਸ 'ਤੇ ਚੀਫ਼ ਜਸਟਿਸ ਨੇ ਕਿਹਾ, 'ਅਜਿਹੀ ਕਿਸੇ ਵੀ ਗਤੀਵਿਧੀ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।' ਅਦਾਲਤ ਨੇ ਯੂ.ਪੀ ਸਰਕਾਰ ਨੂੰ ਕ੍ਰਿਪਾ ਕਰ ਕੇ 'ਸਟੇਟਸ ਰਿਪੋਰਟ' ਦਾਇਰ ਕੀਤੀ ਜਾਵੇ। ਬੈਂਚ ਨੇ ਕਿਹਾ ਕਿ ਖੂਹ ਬਾਰੇ ਸਥਿਤੀ ਜਿਉਂ ਦੀ ਤਿਉਂ ਬਣਾਈ ਰੱਖੀ ਜਾਣੀ ਚਾਹੀਦੀ ਹੈ ਅਤੇ ਕਿਸੇ ਵੀ ਵਿਅਕਤੀ ਵਿਰੁਧ ਕੋਈ ਕਾਰਵਾਈ ਨਹੀਂ ਕੀਤੀ ਜਾਣੀ ਚਾਹੀਦੀ। ਅਜਿਹਾ ਕੋਈ ਵੀ ਨੋਟਿਸ ਪ੍ਰਭਾਵੀ ਨਹੀਂ ਹੋਵੇਗਾ। ਹਿੰਦੂ ਪੱਖ ਦੀ ਨੁਮਾਇੰਦਗੀ ਕਰ ਰਹੇ ਵਕੀਲ ਵਿਸ਼ਨੂੰ ਸ਼ੰਕਰ ਜੈਨ ਨੇ ਕਿਹਾ ਕਿ ਖੂਹ ਮਸਜਿਦ ਦੇ ਦਾਇਦੇ ਤੋਂ ਬਾਹਰ ਹੈ ਅਤੇ ਇਤਿਹਾਸਕ ਤੌਰ 'ਤੇ ਪੂਜਾ ਲਈ ਵਰਤਿਆ ਜਾਂਦਾ ਰਿਹਾ ਹੈ। ਦੂਜੇ ਪਾਸੇ ਅਹਿਮਦੀ ਨੇ ਕਿਹਾ ਕਿ ਖੂਹ ਕੁੱਝ ਹੱਦ ਤਕ ਮਸਜਿਦ ਦੇ ਅੰਦਰ ਹੈ ਅਤੇ ਕੁੱਝ ਬਾਹਰ ਹੈ। ਉਨ੍ਹਾਂ ਅਪਣੇ ਦਾਅਵੇ ਦੇ ਸਮਰਥਨ ਲਈ 'ਗੂਗਲ ਮੈਪਸ' ਦੀ ਇਕ ਤਸਵੀਰ ਦਾ ਹਵਾਲਾ ਵੀ ਦਿਤਾ।

# ਸਾਵਰਕਰ ਬਾਰੇ ਟਿੱਪਣੀ ਮਾਮਲੇ ਵਿਚ ਰਾਹੁਲ ਗਾਂਧੀ ਨੂੰ ਜ਼ਮਾਨਤ

ਪੁਣੇ: ਪੁਣੇ ਦੀ ਵਿਸ਼ੇਸ਼ ਅਦਾਲਤ ਨੇ ਹਿੰਦੂ ਵਿਚਾਰਧਾਰਕ ਵੀਡੀ ਸਾਵਰਕਰ ਬਾਰੇ ਕਥਿਤ ਇਤਰਾਜ਼ਯੋਗ ਟਿੱਪਣੀ ਨਾਲ ਜੁੜੇ ਮਾਣਹਾਨੀ ਮਾਮਲੇ ਵਿਚ ਅੱਜ ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਜ਼ਮਾਨਤ ਦੇ ਦਿੱਤੀ। ਸੰਸਦ ਮੈਂਬਰਾਂ ਤੇ ਵਿਧਾਇਕਾਂ ਬਾਰੇ ਵਿਸ਼ੇਸ਼ ਅਦਾਲਤ ਨੇ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਨੂੰ ਵੀਡੀਓ ਕਾਨਫਰੰਸਿੰਗ ਜ਼ਰੀਏ ਅਦਾਲਤ ਵਿਚ ਪੇਸ਼ ਹੋਣ ਮਗਰੋਂ 25 ਹਜ਼ਾਰ ਰੁਪਏ ਦੇ ਜ਼ਮਾਨਤੀ ਬਾਂਡ ਉੱਤੇ ਜ਼ਮਾਨਤ ਦੇ ਦਿੱਤੀ। ਸੀਨੀਅਰ ਕਾਂਗਰਸ ਆਗੂ ਮੋਹਨ ਜੋਸ਼ੀ ਅਦਾਲਤ ਵਿਚ ਜ਼ਮਾਨਤਦਾਰ ਵਜੋਂ ਪੇਸ਼ ਹੋਏ। ਗਾਂਧੀ ਵੱਲੋਂ ਪੇਸ਼ ਵਕੀਲ ਮਿਲਿੰਦ ਪਵਾਰ ਨੇ ਕਿਹਾ ਕਿ ਅਦਾਲਤ ਨੇ ਕਾਂਗਰਸ ਆਗੂ ਨੂੰ ਨਿੱਜੀ ਪੇਸ਼ੀ ਤੋਂ ਛੋਟ ਦਿੱਤੀ ਹੈ। ਪਵਾਰ ਨੇ ਕਿਹਾ ਕਿ ਮਾਮਲੇ ਦੀ ਅਗਲੀ ਸੁਣਵਾਈ 18 ਫਰਵਰੀ ਨੂੰ ਹੋਵੇਗੀ। ਇਹ ਮਾਮਲਾ ਸਾਵਰਕਰ ਦੇ ਪੋਤਰੇ ਦੀ ਸ਼ਿਕਾਇਤ ਉੱਤੇ ਦਰਜ ਕੀਤਾ ਗਿਆ ਸੀ ਤੇ ਮਾਰਚ 2023 ਵਿਚ ਲੰਡਨ ਵਿਚ ਗਾਂਧੀ ਵੱਲੋਂ ਦਿੱਤੇ ਭਾਸ਼ਣ ਨਾਲ ਸਬੰਧਤ ਸੀ।



# ਫਗਵਾੜਾ ’ਚ ਵੱਡਾ ਰੇਲ ਹਾਦਸਾ, ਬ੍ਰੇਕ ਫੇਲ ਹੋਣ ਕਾਰਨ ਪਟੜੀ ਤੋਂ ਉਤਰੀ ਮਾਲ ਗੱਡੀ

ਫਗਵਾੜਾ: ਤੜਕਸਾਰ ਫਗਵਾੜਾ 'ਚ ਵੱਡਾ ਰੇਲ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਾਲ ਗੱਡੀ ਬ੍ਰੇਕ ਫੇਲ ਹੋਣ ਕਾਰਨ ਪਟੜੀ ਤੋਂ ਉਤਰੀ ਗਈ ਹੈ। ਦਸਿਆ ਜਾ ਰਿਹਾ ਹੈ ਕਿ ਮਾਲ ਗੱਡੀ ਫਿਲੌਰ ਤੋਂ ਜਲੰਧਰ ਵਲ ਜਾ ਰਹੀ ਸੀ। ਫ਼ਿਲਹਾਲ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ। ਰੇਲਵੇ ਅਧਿਕਾਰੀਆਂ ਨੇ ਘਟਨਾ ਦੀ ਜਾਂਚ ਦੇ ਹੁਕਮ ਦਿਤੇ ਹਨ। ਇਸ ਘਟਨਾ ਕਾਰਨ ਹੋਰ ਰੇਲ ਗੱਡੀਆਂ ਵੀ ਪ੍ਰਭਾਵਿਤ ਹੋਈਆਂ। ਘਟਨਾ ਤੋਂ ਤੁਰਤ ਬਾਅਦ ਕੰਟਰੋਲ ਰੂਮ 'ਤੇ ਸੂਚਨਾ ਦਿਤਾ ਗਿਆ ਅਤੇ ਜਲੰਧਰ ਤੋਂ 'ਰੇਲ ਬਚਾਓ ਮੋਬਾਈਲ ਵੈਨ' ਨੂੰ ਰਵਾਨਾ ਕੀਤਾ ਗਿਆ। ਇਸ ਦੇ ਨਾਲ ਹੀ ਕਈ ਅਧਿਕਾਰੀਆਂ ਦੇ ਨਾਲ ਟੀਮ ਵੀ ਮੌਕੇ 'ਤੇ ਪਹੁੰਚ ਗਈ। ਮਾਲ ਗੱਡੀ ਨੂੰ ਵਾਪਸ ਪਟੜੀ 'ਤੇ ਲਿਆਂਦਾ ਗਿਆ ਅਤੇ ਟ੍ਰੈਕ ਨੂੰ ਸਾਫ਼ ਕਰ ਦਿਤਾ ਗਿਆ। ਦਸਿਆ ਜਾ ਰਿਹਾ ਹੈ ਕਿ ਮਾਮਲੇ ਨੂੰ ਲੈ ਕੇ ਫ਼ਿਰੋਜ਼ਪੁਰ ਡਵੀਜ਼ਨ ਦੇ ਸੀਨੀਅਰ ਅਧਿਕਾਰੀ ਵੀ ਮੌਕੇ 'ਤੇ ਪਹੁੰਚ ਗਏ ਸਨ। ਉਨ੍ਹਾਂ ਘਟਨਾ ਵਾਲੀ ਥਾਂ ਦਾ ਜਾਇਜ਼ਾ ਲਿਆ ਅਤੇ ਘਟਨਾ ਦੀ ਜਾਂਚ ਦੇ ਹੁਕਮ ਵੀ ਦਿਤੇ ਹਨ। ਇਹ ਅਣਗਹਿਲੀ ਕਿੱਥੇ ਹੋਈ ਅਤੇ



ਇਸ ਦੇ ਕੀ ਕਾਰਨ ਸਨ, ਇਹ ਪਤਾ ਲਗਾਉਣ ਲਈ ਇੱਕ ਟੀਮ ਵੀ ਬਣਾਈ ਗਈ ਹੈ। ਦਸ ਦਈਏ ਕਿ ਪਿਛਲੇ ਸਾਲ ਜਲੰਧਰ ਸਿਟੀ ਰੇਲਵੇ ਸਟੇਸ਼ਨ ਦੇ ਯਾਰਡ ਏਰੀਏ 'ਚ ਸ਼ੰਟਿੰਗ ਦੌਰਾਨ ਦੋ ਵਾਰ ਮਾਲ ਗੱਡੀ ਦੇ ਡੱਬੇ ਪਟੜੀ ਤੋਂ ਉਤਰ ਗਏ ਸਨ। ਉਸ ਸਮੇਂ ਵੀ ਜਾਂਚ ਟੀਮਾਂ ਦਾ ਗਠਨ ਕੀਤਾ ਗਿਆ ਸੀ, ਜਿਸ ਵਿਚ ਰੇਲਵੇ ਜੰਕਸ਼ਨ ਦੀਆਂ ਸਮੱਸਿਆਵਾਂ ਸਾਹਮਣੇ ਆਈਆਂ ਸਨ। ਅਜਿਹੇ 'ਚ ਜਾਂਚ ਕਮੇਟੀ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਪਤਾ ਲਗੇਗਾ ਕਿ ਇਹ ਘਟਨਾ ਕਿਵੇਂ ਅਤੇ ਕਿਸ ਕਾਰਨ ਘਟਨਾ ਵਾਪਰੀ।

# ਪਾਕਿ ਡਰੋਨ ਰਾਹੀਂ ਸੁੱਟਿਆ ਪਿਸਤੌਲ ਅਤੇ ਨਸ਼ੀਲੇ ਪਦਾਰਥ ਬਰਾਮਦ ਕੀਤੇ

ਸ੍ਰੀਨਗਰ। ਕਸ਼ਮੀਰ ਵਾਦੀ ਵਿੱਚ ਅੱਜ ਵੀ ਠੰਢ ਦਾ ਕਹਿਰ ਜਾਰੀ ਰਿਹਾ, ਜਿੱਥੇ ਘੱਟੋ-ਘੱਟ ਤਾਪਤਾਨ ਜੰਮਣ ਵਾਲੇ ਬਿੰਦੂ ਤੋਂ ਕਈ ਡਿਗਰੀ ਹੇਠਾਂ ਦਰਜ ਕੀਤਾ ਗਿਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਸ਼ਨਿਚਰਵਾਰ ਤੋਂ ਖ਼ਾਸ ਕਰ ਕੇ ਉਚਾਈ ਵਾਲੇ ਇਲਾਕਿਆਂ ਵਿੱਚ ਹਲਕੀ ਬਰਫ਼ਬਾਰੀ ਹੋਣ ਦੀ ਸੰਭਾਵਨਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਅਸਮਾਨ ਸਾਫ਼ ਰਹਿਣ ਕਾਰਨ ਕਸ਼ਮੀਰ ਵਿੱਚ ਰਾਤ ਦਾ ਤਾਪਮਾਨ ਸਿਫ਼ਰ ਤੋਂ ਹੇਠਾਂ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਕਸ਼ਮੀਰ ਵਾਦੀ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਅਸਮਾਨ ਸਾਫ਼ ਰਿਹਾ ਤੇ ਦਿਨ ਵੇਲੇ ਤੇਜ਼ ਧੁੱਪ ਨਿਕਲੀ, ਜਿਸ ਕਰ ਕੇ ਰਾਤ ਦੇ ਤਾਪਮਾਨ ਵਿੱਚ ਨਿਘਾਰ ਆਇਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੌਸਮ ਵਿਭਾਗ ਮੁਤਾਬਕ, ਵਾਦੀ ਵਿੱਚ ਪਹਿਲਗਾਮ ਸਭ ਤੋਂ ਠੰਢਾ ਸਥਾਨ ਰਿਹਾ। ਇੱਥੇ ਘੱਟੋ-ਘੱਟ ਤਾਪਮਾਨ ਮਨਫ਼ੀ 10 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦਕਿ ਪਿਛਲੀ ਰਾਤ ਇਹ ਮਨਫ਼ੀ 10.4 ਡਿਗਰੀ ਸੀ। ਇਸੇ ਤਰ੍ਹਾਂ ਸ੍ਰੀਨਗਰ ਵਿੱਚ ਘੱਟੋ-ਘੱਟ ਤਾਪਮਾਨ ਮਨਫ਼ੀ 4.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜੋ ਕਿ ਪਿਛਲੀ ਰਾਤ ਦੇ ਮਨਫ਼ੀ 4.4 ਡਿਗਰੀ ਨਾਲੋਂ ਥੋੜ੍ਹਾ ਜਿਹਾ ਜ਼ਿਆਦਾ ਸੀ। ਗੁਲਮਰਗ ਵਿੱਚ ਘੱਟੋ-ਘੱਟ ਤਾਪਮਾਨ ਸਿਫ਼ਰ ਨਾਲੋਂ 8.1 ਡਿਗਰੀ ਹੇਠਾਂ ਦਰਜ ਕੀਤਾ ਗਿਆ ਜੋ ਕਿ ਪਿਛਲੀ ਰਾਤ ਦੇ ਮਨਫ਼ੀ 9.6 ਡਿਗਰੀ ਤਾਪਮਾਨ ਨਾਲੋਂ ਵੱਧ ਹੈ।

# ਇਕੋ ਪਰਵਾਰ ਦੇ ਪੰਜ ਮੈਂਬਰਾਂ ਦਾ ਕਤਲ, ਬੈੱਡ ’ਤੇ ਪਈਆਂ ਮਿਲੀਆਂ ਲਾਸ਼ਾਂ

ਮੇਰਠ: ਉੱਤਰ ਪ੍ਰਦੇਸ਼ 'ਚ ਮੇਰਠ ਜ਼ਿਲ੍ਹੇ ਦੇ ਲਿਸਾੜੀ ਗੇਟ ਦੇ ਸੁਹੇਲ ਗਾਰਡਨ ਇਲਾਕੇ 'ਚ ਇਕ ਹੀ ਪਰਵਾਰ ਦੇ 5 ਮੈਂਬਰਾਂ ਦਾ ਬੇਰਹਿਮੀ ਨਾਲ ਕਤਲ ਕਰ ਦਿਤਾ ਗਿਆ। ਪੁਲਿਸ ਮੁਤਾਬਕ ਵੀਰਵਾਰ ਦੇਰ ਰਾਤ ਮੋਇਨ, ਉਸ ਦੀ ਪਤਨੀ ਆਸਮਾ ਅਤੇ ਉਨ੍ਹਾਂ ਦੀਆਂ ਤਿੰਨ ਜਵਾਨ ਧੀਆਂ ਦੀਆਂ ਲਾਸ਼ਾਂ 15 ਫ਼ੁੱਟਾ ਰੋਡ ਸਥਿਤ ਉਨ੍ਹਾਂ ਦੇ ਘਰ ਦੇ ਅੰਦਰੋਂ ਮਿਲੀਆਂ। ਇਹ ਦੁਖਦਾਈ ਘਟਨਾ ਉਸ ਸਮੇਂ ਸਾਹਮਣੇ ਆਈ ਜਦੋਂ ਆਂਢ-ਗੁਆਂਢ ਅਤੇ ਰਿਸ਼ਤੇਦਾਰਾਂ ਨੂੰ ਸਾਰਾ ਦਿਨ ਘਰ ਦੇ ਦਰਵਾਜ਼ੇ ਬੰਦ ਰਹਿਣ 'ਤੇ ਸ਼ੱਕ ਹੋਇਆ, ਜਿਸ ਤੋਂ ਬਾਅਦ ਉਨ੍ਹਾਂ ਦੇ ਸ਼ੋਰ ਮਚਾਇਆ। ਪੰਜ ਮੈਂਬਰਾਂ ਦੀਆਂ ਲਾਸ਼ਾਂ ਬੈੱਡ 'ਤੇ ਪਈਆਂ ਮਿਲੀਆਂ। ਪੁਲਿਸ ਨੇ ਮਾਮਲੇ 'ਚ ਤਿੰਨ ਲੋਕਾਂ ਨੂੰ ਨਾਮਜ਼ਦ ਕੀਤਾ ਹੈ ਅਤੇ ਕੁਝ ਅਣਪਛਾਤੇ ਲੋਕਾਂ ਵਿਰੁਧ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਇਨ੍ਹਾਂ ਵਿਚੋਂ ਦੋ ਨਾਮਜ਼ਦ ਮੁਲਜ਼ਮਾਂ ਨੂੰ ਹਿਰਾਸਤ ਵਿਚ ਲੈ ਕੇ ਪੁਛ ਗਿਛ ਕਰ ਰਹੀ ਹੈ। ਇਹ ਜਾਣਕਾਰੀ ਸ਼ੁਕਰਵਾਰ ਸਵੇਰੇ ਇਕ ਪੁਲਿਸ ਅਧਿਕਾਰੀ ਨੇ ਦਿਤੀ। ਪੁਲਿਸ ਦੀ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਕਤਲ ਜਾਇਦਾਦ ਨੂੰ ਲੈ ਕੇ ਪ੍ਰਵਾਰਕ ਝਗੜੇ ਕਾਰਨ ਹੋਏ ਹਨ। ਮੋਇਨ ਨੇ ਹਾਲ ਹੀ ਵਿਚ ਇਕ ਪਲਾਟ ਖ਼ਰੀਦਿਆ ਸੀ ਅਤੇ ਅਪਣੇ ਘਰ ਦੀ ਉਸਾਰੀ ਸ਼ੁਰੂ ਕੀਤੀ ਸੀ। ਪੁਲਿਸ ਨੇ ਪਰਵਾਰ ਦੇ 20 ਮੈਂਬਰਾਂ ਤੋਂ ਪੁਛ ਗਿਛ ਕੀਤੀ ਅਤੇ ਪ੍ਰਗਟਾਵਾ ਕੀਤਾ ਕਿ ਇਹ ਜਾਨਲੇਵਾ ਘਟਨਾ ਜਾਇਦਾਦ ਦੀ ਮਾਲਕੀ ਨੂੰ ਲੈ ਕੇ ਅੰਦਰੂਨੀ ਮਤਭੇਦ ਕਾਰਨ ਵਾਪਰੀ ਹੋ ਸਕਦੀ ਹੈ। ਮੂਲ ਰੂਪ ਵਿਚ ਰੁੜਕੀ ਦਾ ਰਹਿਣ ਵਾਲਾ ਇਹ ਪਰਵਾਰ ਅਪਣੇ ਜੱਦੀ



ਪਿੰਡ ਦੀ ਜ਼ਮੀਨ ਵੇਚ ਕੇ ਇੱਥੇ ਲਿਸੜੀ ਗੇਟ ਇਲਾਕੇ ਦੇ ਸੁਹੇਲ ਗਾਰਡਨ ਵਿਚ ਆ ਕੇ ਵਸਿਆ ਸੀ। ਮੋਇਨ ਅਤੇ ਅਸਮਾ ਦੇ ਵਿਆਹ ਨੂੰ ਦਸ ਸਾਲ ਹੋ ਗਏ ਸਨ ਅਤੇ ਉਨ੍ਹਾਂ ਦੀਆਂ ਤਿੰਨ ਧੀਆਂ ਸਨ, ਨੌਂ ਸਾਲ ਦੀ ਅਕਸਾ, ਤਿੰਨ ਸਾਲ ਦੀ ਅਜ਼ੀਜ਼ਾ ਅਤੇ ਇਕ ਸਾਲ ਦੀ ਅਲੀਜ਼ਾਬਾ। ਅਸਮਾ ਮੋਇਨ ਦੀ ਤੀਜੀ ਪਤਨੀ ਸੀ, ਜਦਕਿ ਇਹ ਉਨ੍ਹਾਂ ਦਾ ਦੂਜਾ ਵਿਆਹ ਸੀ। ਸੀਨੀਅਰ ਪੁਲਿਸ ਕਪਤਾਨ ਡਾ: ਵਿਪਿਨ ਟਾਡਾ ਨੇ ਦਸਿਆ ਕਿ ਲੀਸਾੜੀ ਗੇਟ ਅਤੇ ਮੈਡੀਕਲ ਸਮੇਤ ਕਈ ਥਾਣਿਆਂ ਦੀ ਪੁਲਿਸ ਟੀਮਾਂ ਡੂੰਘੀ ਜਾਂਚ ਅਤੇ ਭਾਈਚਾਰਕ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਤਾਇਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਦਸਿਆ ਕਿ ਬੀਤੀ ਰਾਤ ਪੰਜਾਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿਤਾ ਗਿਆ ਅਤੇ ਸਵੇਰੇ ਉਨ੍ਹਾਂ ਦੇ ਪ੍ਰਵਾਰਾਂ ਨੂੰ ਸੌਂਪ ਦਿਤਾ ਗਿਆ। ਉਨ੍ਹਾਂ ਕਿਹਾ ਕਿ ਘਟਨਾ ਦੇ ਪਿੱਛੇ ਅਸਲ ਕਾਰਨਾਂ ਦਾ ਪਤਾ ਲਗਾਉਣ ਅਤੇ ਦੋਸ਼ੀਆਂ ਦੀ ਪਛਾਣ ਕਰਨ ਲਈ ਪੁਲਿਸ ਵਲੋਂ ਕੋਸ਼ਿਸ਼ਾਂ ਜਾਰੀ ਹਨ।

# ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ

ਅਲੀਗੜ੍ਹ: ਅਲੀਗੜ੍ਹ ਮੁਸਲਿਮ ਯੂਨੀਵਰਸਿਟੀ (ਏ.ਐਮ.ਯੂ.) ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ, ਜਿਸ ਤੋਂ ਬਾਅਦ ਪੁਲਿਸ ਵਿਭਾਗ 'ਚ ਦਹਿਸ਼ਤ ਦਾ ਮਾਹੌਲ ਹੈ। ਕੈਂਪਸ ਵਿਚ ਸੁਰੱਖਿਆ ਪ੍ਰਬੰਧ ਵਧਾ ਦਿਤੇ ਗਏ ਹਨ। ਦਰਅਸਲ, ਵਾਈਸ ਚਾਂਸਲਰ ਸਮੇਤ ਯੂਨੀਵਰਸਿਟੀ ਦੇ ਸਾਰੇ ਉੱਚ ਅਧਿਕਾਰੀਆਂ ਨੂੰ 'ਕੈਂਪਸ ਨੂੰ ਬੰਬ ਨਾਲ ਉਡਾਉਣ' ਦੀ ਧਮਕੀ ਭਰੀ ਈਮੇਲ ਮਿਲੀ ਸੀ। ਜਾਣਕਾਰੀ ਅਨੁਸਾਰ, ਪੁਲਿਸ ਸੁਪਰਡੈਂਟ (ਸਿਟੀ) ਮ੍ਰਿਗਾਂਕ ਸ਼ੇਖਰ ਪਾਠਕ ਨੇ ਕਿਹਾ ਕਿ ਧਮਕੀ ਦੇ ਸਬੰਧ ਵਿਚ ਈਮੇਲ ਮਿਲਣ ਤੋਂ ਬਾਅਦ ਬੀਤੀ ਸ਼ਾਮ ਤੋਂ ਕੰਪਲੈਕਸ ਦੇ ਅੰਦਰ ਅਤੇ ਆਲੇ ਦੁਆਲੇ ਦੇ ਸਾਰੇ ਸੰਵੇਦਨਸ਼ੀਲ ਖੇਤਰਾਂ ਵਿਚ ਜਾਂਚ ਕੀਤੀ ਜਾ ਰਹੀ ਹੈ ਅਤੇ ਅਧਿਕਾਰੀ 'ਕੋਈ ਜੋਖ਼ਮ ਨਹੀਂ ਲੈ ਰਹੇ ਹਨ'। ਅਧਿਕਾਰੀ ਨੇ ਕਿਹਾ ਕਿ ਪੁਲਿਸ ਅਤੇ ਯੂਨੀਵਰਸਿਟੀ ਦੇ ਅਧਿਕਾਰੀ ਮੌਲਾਨਾ ਆਜ਼ਾਦ ਲਾਇਬ੍ਰੇਰੀ ਸਮੇਤ ਸਾਰੇ ਭੀੜ-ਭੜੱਕੇ ਵਾਲੇ ਇਲਾਕਿਆਂ 'ਤੇ ਸਖ਼ਤ ਨਜ਼ਰ ਰੱਖ ਰਹੇ ਹਨ। ਏਐਮਯੂ ਦੇ ਬੁਲਾਰੇ ਅਸੀਮ ਸਿੱਦੀਕੀ ਨੇ ਦਸਿਆ ਕਿ ਈਮੇਲ ਵਿਚ 'ਫ਼ਿਰੌਤੀ ਦੀ ਰਕਮ' ਦਾ ਵੀ ਜ਼ਿਕਰ ਕੀਤਾ ਗਿਆ ਹੈ। ''ਯੂਨੀਵਰਸਿਟੀ ਅਧਿਕਾਰੀਆਂ ਨੇ ਮਾਮਲੇ ਦੀ




ਸੂਚਨਾ ਪੁਲਿਸ ਨੂੰ ਦਿਤੀ, ਜਿਨ੍ਹਾਂ ਨੇ ਧਮਕੀ ਜਾਰੀ ਕਰਨ ਵਾਲੇ ਈ-ਮੇਲ ਆਈਡੀ ਦੇ ਸਰੋਤ ਦਾ ਪਤਾ ਲਗਾਉਣ ਲਈ ਸਾਈਬਰ ਕ੍ਰਾਈਮ ਸੈੱਲ ਨੂੰ ਵੀ ਸੂਚਿਤ ਕੀਤਾ ਹੈ।'' ਪੁਲਿਸ ਨੇ ਕੈਂਪਸ ਦੇ ਅੰਦਰ ਮੁੱਖ ਸਥਾਨਾਂ 'ਤੇ ਡੌਗ ਸਕੁਐਡ ਨੂੰ ਸਰਗਰਮ ਕੀਤਾ ਅਤੇ ਹੋਰ ਸੇਵਾਵਾਂ ਵੀ ਸ਼ੁਰੂ ਕੀਤੀਆਂ। ਪੁਲਿਸ ਅਧਿਕਾਰ ਖੇਤਰ ਦੇ ਅਧਿਕਾਰੀ (ਸਿਵਲ ਲਾਈਨ) ਅਭੈ ਪਾਂਡੇ ਨੇ ਕਿਹਾ ਕਿ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਧਮਕੀ ਝੂਠੀ ਸੀ ਜਾਂ ਸ਼ਹਿਰ ਦੀ ਸ਼ਾਂਤੀ ਨੂੰ ਭੰਗ ਕਰਨ ਦੇ ਉਦੇਸ਼ ਨਾਲ ਦਿਤੀ ਗਈ ਸੀ।

# ਅੱਠ ਸਾਲ ਦੀ ਬੱਚੀ ਦੀ ਸਕੂਲ ‘ਚ ਹਾਰਟ ਅਟੈਕ ਨਾਲ ਮੌਤ

## ਸੀਨੇ ‘ਚ ਦਰਦ ਹੋਇਆ, ਕੁਰਸੀ ‘ਤੇ ਬੈਠਦੇ ਹੀ ਡਿੱਗ ਪਈ

ਅਹਿਮਦਾਬਾਦ: ਸ਼ੁੱਕਰਵਾਰ ਨੂੰ ਇਕ ਦਰਦਨਾਕ ਘਟਨਾ 'ਚ ਅਹਿਮਦਾਬਾਦ ਦੇ ਇਕ ਨਿੱਜੀ ਸਕੂਲ 'ਚ 8 ਸਾਲਾ ਬੱਚੀ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ। ਗਾਰਗੀ ਰਣਪਰਾ ਨਾਂ ਦੀ ਇਹ ਲੜਕੀ ਸਵੇਰੇ ਕਰੀਬ 8 ਵਜੇ ਸਕੂਲ ਪਹੁੰਚੀ। ਜਾਣਕਾਰੀ ਮੁਤਾਬਕ ਜਦੋਂ ਗਾਰਗੀ ਪੌੜੀਆਂ ਚੜ੍ਹ ਰਹੀ ਸੀ ਤਾਂ ਅਚਾਨਕ ਉਸ ਦੀ ਛਾਤੀ 'ਚ ਦਰਦ ਹੋਣ ਲੱਗਾ। ਦਰਦ ਤੋਂ ਬਾਅਦ, ਉਹ ਸਕੂਲ ਦੀ ਲਾਬੀ ਵਿੱਚ ਇੱਕ ਬੈਂਚ 'ਤੇ ਬੈਠ ਗਈ ਅਤੇ ਸਕਿੰਟਾਂ ਵਿੱਚ ਜ਼ਮੀਨ 'ਤੇ ਡਿੱਗ ਗਈ। ਥਲਤੇਜ ਇਲਾਕੇ 'ਚ ਸਥਿਤ ਸਕੂਲ ਦੇ ਸਟਾਫ ਨੇ ਉਸ ਨੂੰ ਤੁਰੰਤ ਨੇੜੇ ਦੇ ਜ਼ਾਈਡਸ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮੁੱਢਲੀ ਜਾਂਚ ਵਿੱਚ ਲੜਕੀ ਦੀ ਮੌਤ ਦਾ ਕਾਰਨ ਦਿਲ ਦਾ ਦੌਰਾ ਦੱਸਿਆ ਗਿਆ ਹੈ। ਪ੍ਰਿੰਸੀਪਲ ਸ਼ਰਮਿਸ਼ਠਾ ਸਿਨਹਾ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਸਕੂਲ ਸਟਾਫ਼ ਨੇ ਤੁਰੰਤ 108 ਐਂਬੂਲੈਂਸ ਨੂੰ ਬੁਲਾਇਆ ਪਰ ਐਂਬੂਲੈਂਸ ਦੇ ਆਉਣ ਵਿੱਚ ਦੇਰੀ ਹੋਣ ਕਾਰਨ ਬੱਚੀ ਨੂੰ ਸਕੂਲ ਦੀ ਗੱਡੀ ਵਿੱਚ ਹੀ ਜ਼ਾਇਡਸ ਹਸਪਤਾਲ ਪਹੁੰਚਾਇਆ ਗਿਆ ਪਰ ਉਸ ਦੀ ਜਾਨ ਨਹੀਂ ਬਚਾਈ ਜਾ ਸਕੀ। ਗਾਰਗੀ ਦੇ ਮਾਤਾ-ਪਿਤਾ



ਮੁੰਬਈ ਵਿੱਚ ਰਹਿੰਦੇ ਹਨ ਅਤੇ ਉਹ ਅਹਿਮਦਾਬਾਦ ਵਿੱਚ ਆਪਣੇ ਦਾਦਾ-ਦਾਦੀ ਨਾਲ ਰਹਿੰਦੀ ਸੀ। ਇਸ ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਸਕੂਲ ਪਹੁੰਚੀ ਅਤੇ ਸੀਸੀਟੀਵੀ ਫੁਟੇਜ ਦੀ ਜਾਂਚ ਕੀਤੀ। ਕ੍ਰਾਈਮ ਬ੍ਰਾਂਚ ਦੀ ਟੀਮ ਨੇ ਸਕੂਲ ਦਾ ਨਿਰੀਖਣ ਵੀ ਕੀਤਾ ਹੈ। ਸਕੂਲ ਪ੍ਰਸ਼ਾਸਨ ਮੁਤਾਬਕ ਗਾਰਗੀ ਪੂਰੀ ਤਰ੍ਹਾਂ ਤੰਦਰੁਸਤ ਸੀ। ਜ਼ਾਇਡਸ ਹਸਪਤਾਲ ਦੇ ਡਾਕਟਰਾਂ ਨੇ ਵੀ ਦਿਲ ਦਾ ਦੌਰਾ ਪੈਣ ਦੀ ਸੰਭਾਵਨਾ ਜਤਾਈ ਹੈ ਪਰ ਮੌਤ ਦੇ ਅਸਲ ਕਾਰਨਾਂ ਦਾ ਪਤਾ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਲੱਗੇਗਾ।


# ਪਾਕਿ ਡਰੋਨ ਰਾਹੀਂ ਸੁੱਟਿਆ ਪਿਸਤੌਲ ਅਤੇ ਨਸ਼ੀਲੇ ਪਦਾਰਥ ਬਰਾਮਦ ਕੀਤੇ

ਚੰਡੀਗੜ੍ਹ: ਸੀਮਾ ਸੁਰੱਖਿਆ ਬਲ ਨੇ ਸਰਹੱਦ 'ਤੇ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਗਈ ਪਿਸਤੌਲ ਅਤੇ ਹੈਰੋਇਨ ਬਰਾਮਦ ਕੀਤੀ ਹੈ। ਬੀਐਸਐਫ ਨੇ ਕਿਹਾ ਕਿ ਦੋ ਅਪਰੇਸ਼ਨਾਂ ਵਿੱਚ ਸੈਨਿਕਾਂ ਨੇ ਪਾਕਿਸਤਾਨੀ ਡਰੋਨਾਂ ਰਾਹੀਂ ਸਰਹੱਦ ਪਾਰ ਤਸਕਰੀ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਵਿੱਚ ਮਹੱਤਵਪੂਰਨ ਸਫਲਤਾ ਪ੍ਰਾਪਤ ਕੀਤੀ। ਪਹਿਲੀ ਕਾਰਵਾਈ ਵਿੱਚ ਇੱਕ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਗਈ 520 ਗ੍ਰਾਮ ਹੈਰੋਇਨ ਦਾ ਇੱਕ ਪੈਕੇਟ, ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਖਾਨਵਾਲ ਤੋਂ ਬਰਾਮਦ ਕੀਤਾ ਗਿਆ ਸੀ। ਦੂਜੇ ਆਪ੍ਰੇਸ਼ਨ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਰਾਜਾਤਾਲ ਨੇੜੇ ਸਰਹੱਦੀ ਵਾੜ ਦੇ ਅੱਗੇ ਇੱਕ ਖੇਤ ਵਿੱਚੋਂ ਇੱਕ ਪੀਐਕਸ 5 ਸਟੌਰਮ ਪਿਸਤੌਲ 30 ਬੋਰ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਕੀਤਾ ਗਿਆ। ਅਰਧ ਸੈਨਿਕ ਬਲ ਨੇ ਅੱਗੇ ਕਿਹਾ ਕਿ ਇਹ ਬਰਾਮਦਗੀ ਬੀਐਸਐਫ ਦੀ ਤੁਰੰਤ ਕਾਰਵਾਈ ਅਤੇ ਤਸਕਰੀ ਦੀਆਂ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਸ ਦੇ ਜਵਾਨਾਂ ਦੀ ਚੌਕਸੀ ਨੂੰ ਦਰਸਾਉਂਦੀ ਹੈ।

# ਗੂਗਲ ਮੈਪ 'ਤੇ ਭਰੋਸਾ ਕਰਨਾ ਪੁਲਿਸ ਲਈ ਮਹਿੰਗਾ

## ਆਸਾਮ ਦੀ ਬਜਾਏ ਨਾਗਾਲੈਂਡ ਪਹੁੰਚੇ; ਲੋਕਾਂ ਨੇ ਬਦਮਾਸ਼ ਸਮਝ ਕੇ ਕੁੱਟਿਆ

ਨਵੀਂ ਦਿੱਲੀ: ਗੂਗਲ ਮੈਪ 'ਤੇ ਭਰੋਸਾ ਕਰਨਾ ਅਸਾਮ ਪੁਲਸ ਨੂੰ ਮਹਿੰਗਾ ਸਾਬਤ ਹੋਇਆ ਹੈ। ਛਾਪੇਮਾਰੀ ਦੌਰਾਨ 16 ਪੁਲਿਸ ਵਾਲਿਆਂ ਦੀ ਟੀਮ ਗੂਗਲ ਮੈਪ 'ਤੇ ਗਲਤ ਲੋਕੇਸ਼ਨ ਕਾਰਨ ਨਾਗਾਲੈਂਡ ਪਹੁੰਚੀ ਅਤੇ ਸਥਾਨਕ ਲੋਕਾਂ ਨੇ ਉਨ੍ਹਾਂ ਨੂੰ ਬਦਮਾਸ਼ ਸਮਝ ਕੇ ਹਮਲਾ ਕਰ ਦਿੱਤਾ। ਮੰਗਲਵਾਰ ਰਾਤ ਜੋਰਹਾਟ ਜ਼ਿਲ੍ਹਾ ਪੁਲਿਸ ਦੀ ਇੱਕ ਟੀਮ ਆਸਾਮ ਦੇ ਇੱਕ ਚਾਹ ਦੇ ਬਾਗ ਵਿੱਚ ਛਾਪੇਮਾਰੀ ਕਰਨ ਗਈ ਸੀ। ਟੀਮ ਨੇ ਲੋਕੇਸ਼ਨ ਦਾ ਪਤਾ ਲਗਾਉਣ ਲਈ ਗੂਗਲ ਮੈਪ ਦੀ ਵਰਤੋਂ ਕੀਤੀ, ਪਰ GPS ਉਨ੍ਹਾਂ ਨੂੰ ਨਾਗਾਲੈਂਡ ਦੇ ਮੋਕੋਕਚੁੰਗ ਜ਼ਿਲੇ 'ਚ ਲੈ ਗਿਆ, ਜੋ ਕਿ ਗੂਗਲ ਮੈਪਸ 'ਤੇ ਦਿਖਾਇਆ ਗਿਆ ਚਾਹ ਦਾ ਬਾਗ ਅਸਲ 'ਚ ਨਾਗਾਲੈਂਡ ਦੀ ਸਰਹੱਦ 'ਤੇ ਸਥਿਤ ਸੀ। ਛਾਪੇਮਾਰੀ ਦੌਰਾਨ ਟੀਮ ਅਣਜਾਣੇ ਵਿੱਚ ਨਾਗਾਲੈਂਡ ਵਿੱਚ ਦਾਖ਼ਲ ਹੋ ਗਈ। ਟੀਮ ਦੇ ਸਿਰਫ਼ ਤਿੰਨ ਮੈਂਬਰ ਵਰਦੀ ਵਿੱਚ ਸਨ ਅਤੇ ਬਾਕੀ ਸਾਦੇ ਕੱਪੜਿਆਂ ਵਿੱਚ ਹਥਿਆਰਾਂ ਨਾਲ ਲੈਸ ਸਨ, ਇਸ ਲਈ ਸਥਾਨਕ ਲੋਕਾਂ ਨੇ ਉਨ੍ਹਾਂ ਨੂੰ ਬਦਮਾਸ਼ ਸਮਝ ਕੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ ਅਤੇ ਉਨ੍ਹਾਂ ਨੂੰ ਬੰਧਕ ਬਣਾ ਲਿਆ। ਪੁਲੀਸ ਅਧਿਕਾਰੀ ਨੇ ਦੱਸਿਆ ਕਿ 16 ਪੁਲੀਸ ਮੁਲਾਜ਼ਮਾਂ ਵਿੱਚੋਂ ਸਿਰਫ਼ ਤਿੰਨ ਹੀ ਵਰਦੀ ਵਿੱਚ ਸਨ, ਜਿਸ ਕਾਰਨ ਸਥਾਨਕ ਲੋਕਾਂ ਵਿੱਚ



ਭੰਬਲਭੂਸਾ ਪੈਦਾ ਹੋ ਗਿਆ ਅਤੇ ਉਨ੍ਹਾਂ ਨੇ ਟੀਮ 'ਤੇ ਹਮਲਾ ਕਰ ਦਿੱਤਾ। ਸਥਿਤੀ ਵਿਗੜਨ 'ਤੇ ਅਸਾਮ ਪੁਲਿਸ ਦੀ ਟੀਮ ਨੇ ਨਾਗਾਲੈਂਡ ਪੁਲਿਸ ਨਾਲ ਸੰਪਰਕ ਕੀਤਾ। ਅਸਾਮ ਪੁਲਿਸ ਦੀ ਟੀਮ ਨੂੰ ਨਾਗਾਲੈਂਡ ਪੁਲਿਸ ਦੇ ਅਧਿਕਾਰੀਆਂ ਦੇ ਦਖਲ ਤੋਂ ਬਾਅਦ ਛੱਡ ਦਿੱਤਾ ਗਿਆ। ਸੂਚਨਾ ਮਿਲਣ 'ਤੇ, ਜੋਰਹਾਟ ਪੁਲਿਸ ਨੇ ਤੁਰੰਤ ਮੋਕੋਕਚੁੰਗ ਪੁਲਿਸ ਦੇ ਐਸਪੀ ਨਾਲ ਸੰਪਰਕ ਕੀਤਾ, ਜਿਨ੍ਹਾਂ ਨੇ ਆਸਾਮ ਪੁਲਿਸ ਕਰਮਚਾਰੀਆਂ ਨੂੰ ਬਚਾਉਣ ਲਈ ਇੱਕ ਟੀਮ ਭੇਜੀ। ਇਸ ਘਟਨਾ ਨੇ ਇਕ ਵਾਰ ਫਿਰ ਗੂਗਲ ਮੈਪਸ 'ਤੇ ਅੰਨ੍ਹਾ ਭਰੋਸਾ ਕਰਨ ਦੇ ਖ਼ਤਰੇ ਨੂੰ ਉਜਾਗਰ ਕਰ ਦਿੱਤਾ ਹੈ।

## ਧੁੰਦ ਦਾ ਕਹਿਰ: NH-9 'ਤੇ ਕਈ ਵਾਹਨ ਆਪਸ 'ਚ ਟਕਰਾਏ, ਕਈ ਜ਼ਖਮੀ

ਹਾਪੁੜ। ਹਾਪੁੜ ਜ਼ਿਲੇ 'ਚ ਸ਼ੁੱਕਰਵਾਰ ਸਵੇਰੇ ਸੰਘਣੀ ਧੁੰਦ ਕਾਰਨ ਰਾਸ਼ਟਰੀ ਰਾਜਮਾਰਗ 9 (NH-9) 'ਤੇ ਕਈ ਵਾਹਨ ਆਪਸ 'ਚ ਟਕਰਾ ਗਏ। ਇਸ ਹਾਦਸੇ 'ਚ ਕਈ ਲੋਕਾਂ ਦੇ ਜ਼ਖਮੀ ਹੋਣ ਦੀ ਖਬਰ ਹੈ। ਣਕਾਰੀ ਅਨੁਸਾਰ ਇਹ ਹਾਦਸਾ ਸਵੇਰੇ ਕਰੀਬ ਸਾਢੇ ਸੱਤ ਵਜੇ ਬਾਬੂਗੜ੍ਹ ਥਾਣਾ ਖੇਤਰ ਦੇ ਸਿਮਰੌਲੀ ਸਰਹੱਦ ਨੇੜੇ ਕਾਲੀ ਨਦੀ ਦੇ ਪੁਲ 'ਤੇ ਵਾਪਰਿਆ। ਮੁਰਾਦਾਬਾਦ ਤੋਂ ਦਿੱਲੀ ਵੱਲ ਜਾ ਰਹੀ ਇੱਕ ਮਾਰੂਤੀ ਈਕੋ ਕਿਸੇ ਅਣਪਛਾਤੇ ਵਾਹਨ ਨਾਲ ਟਕਰਾ ਗਈ। ਇਸ ਟੱਕਰ ਵਿੱਚ ਇਮਰਾਨ ਪੁੱਤਰ ਇਕਬਾਲ ਅਤੇ ਹਿਨਾ ਪਤਨੀ ਇਕਬਾਲ ਜ਼ਖ਼ਮੀ ਹੋ ਗਏ। ਧੁੰਦ ਕਾਰਨ ਵਿਜ਼ੀਬਿਲਟੀ ਘੱਟ ਹੋਣ ਕਾਰਨ ਪਿੱਛੇ ਤੋਂ ਆ ਰਹੇ ਹੋਰ ਵਾਹਨ ਵੀ ਆਪਸ ਵਿੱਚ ਟਕਰਾ ਗਏ। ਹਾਦਸੇ ਵਿੱਚ ਇੱਕ ਪਿਕਅੱਪ, ਇੱਕ ਆਰਟਿਕਾ, ਇੱਕ ਮਾਰੂਤੀ ਵੈਨ ਅਤੇ ਇੱਕ ਸਵਿਫਟ ਕਾਰ ਵੀ ਸ਼ਾਮਲ ਸੀ।ਪੁਲਿਸ ਮੁਤਾਬਕ ਪਿੱਛੇ ਤੋਂ ਟੱਕਰ



ਮਾਰਨ ਵਾਲੇ ਵਾਹਨਾਂ ਵਿਚ ਸਵਾਰ ਸਾਰੇ ਲੋਕ ਸੁਰੱਖਿਅਤ ਹਨ ਅਤੇ ਕਿਸੇ ਨੂੰ ਵੀ ਕੋਈ ਗੰਭੀਰ ਸੱਟ ਨਹੀਂ ਲੱਗੀ ਹੈ। ਪੁਲੀਸ ਨੇ ਮੁਸਤੈਦੀ ਦਿਖਾਉਂਦੇ ਹੋਏ ਹਾਦਸੇ ਵਾਲੇ ਵਾਹਨਾਂ ਨੂੰ ਤੁਰੰਤ ਹਾਈਵੇਅ ਤੋਂ ਹਟਾ ਕੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਬਹਾਲ ਕਰਵਾਇਆ। ਜ਼ਖਮੀਆਂ ਨੂੰ ਮੁੱਢਲੀ ਸਹਾਇਤਾ ਦਿੱਤੀ ਗਈ ਹੈ। ਫਿਲਹਾਲ ਸਥਿਤੀ ਕਾਬੂ ਹੇਠ ਹੈ।

## ਸ਼ਨੀਵਾਰ ਨੂੰ ਪੇਸ਼ ਹੋਵੇਗਾ 2025 ਦਾ ਆਮ ਬਜਟ, ਕੀ ਖੁੱਲ੍ਹਾ ਰਹੇਗਾ ਸ਼ੇਅਰ ਬਾਜ਼ਾਰ?

ਨਵੀਂ ਦਿੱਲੀ: ਆਮ ਬਜਟ 2025 ਪੇਸ਼ ਹੋਣ 'ਚ ਇਕ ਮਹੀਨੇ ਤੋਂ ਵੀ ਘੱਟ ਸਮਾਂ ਬਚਿਆ ਹੈ। ਬਜਟ ਦੇਸ਼ ਦੀ ਸਭ ਤੋਂ ਵੱਡੀ ਵਿੱਤੀ ਘਟਨਾ ਹੈ। ਇਸ ਵਿੱਚ ਕਈ ਯੋਜਨਾਵਾਂ, ਨੀਤੀਆਂ ਅਤੇ ਟੈਕਸਾਂ ਬਾਰੇ ਮਹੱਤਵਪੂਰਨ ਫੈਸਲੇ ਲਏ ਜਾਂਦੇ ਹਨ, ਜੋ ਦੇਸ਼ ਦੇ ਆਮ ਆਦਮੀ ਤੋਂ ਲੈ ਕੇ ਵਿਸ਼ੇਸ਼ ਵਿਅਕਤੀ ਤੱਕ ਸਭ ਨੂੰ ਪ੍ਰਭਾਵਿਤ ਕਰਦੇ ਹਨ। ਇਸ ਦੀ ਤਿਆਰੀ ਲਈ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਖ-ਵੱਖ ਉਦਯੋਗਾਂ ਦੇ ਨੇਤਾਵਾਂ ਅਤੇ ਹਿੱਸੇਦਾਰਾਂ ਨਾਲ ਵੀ ਗੱਲਬਾਤ ਕਰ ਰਹੇ ਹਨ, ਤਾਂ ਜੋ ਅਜਿਹਾ ਬਜਟ ਪੇਸ਼ ਕੀਤਾ ਜਾ ਸਕੇ ਜੋ ਦੇਸ਼ ਦੀ ਵਿਕਾਸ ਦਰ ਨੂੰ ਹੁਲਾਰਾ ਦੇਵੇਗਾ। ਪਿਛਲੇ ਕਈ ਸਾਲਾਂ ਤੋਂ ਆਮ ਬਜਟ 1 ਫਰਵਰੀ ਨੂੰ ਪੇਸ਼ ਕੀਤਾ ਜਾ ਰਿਹਾ ਹੈ। ਇਸ ਕਾਰਨ ਉਮੀਦ ਕੀਤੀ ਜਾ ਰਹੀ ਹੈ ਕਿ ਇਸ ਵਾਰ ਵੀ ਵਿੱਤ ਮੰਤਰੀ 1 ਫਰਵਰੀ 2025 ਨੂੰ ਸਵੇਰੇ 11 ਵਜੇ ਬਜਟ ਪੇਸ਼ ਕਰ ਸਕਦੇ ਹਨ। ਹਾਲਾਂਕਿ ਇਸ ਦਾ ਅਧਿਕਾਰਤ ਐਲਾਨ ਅਜੇ ਨਹੀਂ ਕੀਤਾ ਗਿਆ ਹੈ। ਸੀਤਾਰਮਨ ਵੱਲੋਂ ਹੁਣ ਤੱਕ ਛੇ ਪੂਰੇ ਬਜਟ ਅਤੇ ਦੋ ਅੰਤਰਿਮ ਬਜਟ ਪੇਸ਼ ਕੀਤੇ ਜਾ ਚੁੱਕੇ ਹਨ। ਇਸ ਵਾਰ ਉਹ ਅੱਠਵਾਂ ਪੂਰਾ ਬਜਟ ਪੇਸ਼ ਕਰੇਗੀ। ਇਸ ਵਾਰ 1 ਫਰਵਰੀ 2025 ਸ਼ਨੀਵਾਰ ਨੂੰ ਪੈ ਰਿਹਾ ਹੈ। ਅਜਿਹੇ 'ਚ ਕਈ ਲੋਕਾਂ ਦੇ ਦਿਮਾਗ 'ਚ ਸਵਾਲ ਉੱਠ ਰਿਹਾ ਹੈ ਕਿ ਕੀ ਬਜਟ ਵੀਕੈਂਡ 'ਤੇ ਪੇਸ਼ ਕੀਤਾ ਜਾ ਸਕਦਾ ਹੈ। ਇਤਿਹਾਸ 'ਚ ਕਈ ਅਜਿਹੇ ਮੌਕੇ ਆਏ ਹਨ, ਜਿਨ੍ਹਾਂ 'ਚ ਸ਼ਨੀਵਾਰ ਨੂੰ ਵੀ ਬਜਟ ਪੇਸ਼ ਕੀਤਾ ਗਿਆ ਹੈ। ਇਸ ਕਾਰਨ ਉਮੀਦ ਕੀਤੀ ਜਾ ਰਹੀ ਹੈ ਕਿ ਬਜਟ ਸ਼ਨੀਵਾਰ ਨੂੰ ਵੀ ਪੇਸ਼ ਕੀਤਾ ਜਾ ਸਕਦਾ ਹੈ। ਬਜਟ ਵਾਲੇ ਦਿਨ ਸ਼ੇਅਰ ਬਾਜ਼ਾਰ ਵੀ ਖੁੱਲ੍ਹਾ ਰਹੇਗਾ। ਨੈਸ਼ਨਲ ਸਟਾਕ ਐਕਸਚੇਂਜ ਦੁਆਰਾ ਜਾਰੀ ਸਰਕੂਲਰ ਵਿੱਚ ਕਿਹਾ ਗਿਆ ਹੈ ਕਿ ਆਮ ਬਜਟ ਦੀ ਪੇਸ਼ਕਾਰੀ ਦੇ ਕਾਰਨ, ਸ਼ਨੀਵਾਰ, 1 ਫਰਵਰੀ, 2025 ਨੂੰ ਇੱਕ ਵਿਸ਼ੇਸ਼ ਵਪਾਰਕ ਸੈਸ਼ਨ ਰੱਖਿਆ ਗਿਆ ਹੈ। ਇਸ ਵਪਾਰਕ ਸੈਸ਼ਨ 'ਚ ਕਾਰੋਬਾਰ ਆਮ ਦਿਨਾਂ ਵਾਂਗ ਹੀ ਚੱਲੇਗਾ। ਪ੍ਰੀ-



ਓਪਨ ਸੈਸ਼ਨ ਸਵੇਰੇ 9 ਵਜੇ ਤੋਂ ਸਵੇਰੇ 9:08 ਵਜੇ ਤੱਕ ਹੋਵੇਗਾ। ਇਸ ਤੋਂ ਬਾਅਦ ਸਵੇਰੇ 9:15 ਵਜੇ ਤੋਂ ਦੁਪਹਿਰ 3:30 ਵਜੇ ਤੱਕ ਇੱਕ ਆਮ ਵਪਾਰਕ ਸੈਸ਼ਨ ਹੋਵੇਗਾ। ਇਸ ਤੋਂ ਪਹਿਲਾਂ 1 ਫਰਵਰੀ 2020 ਅਤੇ 28 ਫਰਵਰੀ 2015 ਨੂੰ ਆਮ ਬਜਟ ਕਾਰਨ ਸ਼ਨੀਵਾਰ ਨੂੰ ਬਾਜ਼ਾਰ ਖੁੱਲ੍ਹੇ ਰਹਿੰਦੇ ਸਨ। ਸਟਾਕ ਮਾਰਕੀਟ ਲਈ ਬਜਟ ਇੱਕ ਮਹੱਤਵਪੂਰਨ ਘਟਨਾ ਹੈ। ਬਜਟ ਵਿੱਚ ਕੀਤੇ ਗਏ ਐਲਾਨਾਂ ਦੇ ਆਧਾਰ 'ਤੇ ਨਵੇਂ ਅਹੁਦੇ ਬਣਾਏ ਜਾਂਦੇ ਹਨ ਅਤੇ ਪੁਰਾਣੇ ਅਹੁਦਿਆਂ ਤੋਂ ਬਾਹਰ ਹੋ ਜਾਂਦੇ ਹਨ। ਇਸ ਦੇ ਨਾਲ ਹੀ ਕੁਝ ਵਪਾਰੀ ਵੀ ਇਸ ਦਿਨ ਬਾਜ਼ਾਰ 'ਚ ਉਤਰਾਅ-ਚੜ੍ਹਾਅ ਦਾ ਫਾਇਦਾ ਉਠਾਉਂਦੇ ਹਨ। 1 ਫਰਵਰੀ 2024 ਨੂੰ ਅੰਤਰਿਮ ਬਜਟ 'ਚ ਨਿਫਟੀ 0.13 ਫੀਸਦੀ ਦੀ ਗਿਰਾਵਟ ਨਾਲ ਬੰਦ ਹੋਇਆ। ਲੋਕ ਸਭਾ ਚੋਣਾਂ ਤੋਂ ਬਾਅਦ 23 ਜੁਲਾਈ 2024 ਨੂੰ ਪੇਸ਼ ਕੀਤੇ ਗਏ ਪੂਰੇ ਬਜਟ ਦੇ ਦਿਨ ਨਿਫਟੀ 0.12 ਫੀਸਦੀ ਹੇਠਾਂ ਬੰਦ ਹੋਇਆ ਸੀ।

# ਇੱਕ ਸਾਲ ਲਈ ਆਰ.ਟੀ.ਆਈ. ਦਾਖ਼ਲ ਕਰਨ 'ਤੇ ਰੋਕ

ਚੰਡੀਗੜ੍ਹ: ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਰਾਜ ਸੂਚਨਾ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ ਨੇ ਅੱਜ ਖਰੜ ਵਾਸੀ ਮਨਜਿੰਦਰ ਸਿੰਘ 'ਤੇ ਪੰਜਾਬ ਰਾਜ ਸੂਚਨਾ ਕਮਿਸ਼ਨ ਵਿੱਚ ਅਗਲੇ ਇੱਕ ਸਾਲ ਲਈ ਕੋਈ ਹੋਰ RTI ਦਾਖਲ ਕਰਨ 'ਤੇ ਰੋਕ ਲਗਾ ਦਿੱਤੀ ਹੈ। ਕਮਿਸ਼ਨ ਦੇ ਹੁਕਮਾਂ ਅਨੁਸਾਰ 8 ਜਨਵਰੀ ਨੂੰ ਸੂਚਨਾ ਕਮਿਸ਼ਨਰ ਸੰਦੀਪ ਸਿੰਘ ਧਾਲੀਵਾਲ, ਮਨਜਿੰਦਰ ਸਿੰਘ ਵੱਲੋਂ ਪੰਜਾਬ ਰਾਜ ਸੂਚਨਾ ਕਮਿਸ਼ਨ ਵਿੱਚ ਸੈਕਿੰਡ ਅਪੀਲ ਤਹਿਤ ਦਾਇਰ 200 ਦੇ ਕਰੀਬ RTI ਸਬੰਧੀ ਕੇਸਾਂ ਵਿੱਚੋਂ 70 ਮਾਮਲਿਆਂ ਦੀ ਸੁਣਵਾਈ ਕਰ ਰਹੇ ਸਨ। ਇਸ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਮਨਜਿੰਦਰ ਸਿੰਘ ਵੱਲੋਂ ਕਥਿਤ ਤੌਰ 'ਤੇ ਮਨਘੜਤ RTI ਪਾ ਕੇ ਸਰਕਾਰੀ ਕੰਮ-ਕਾਰ ਨੂੰ ਪ੍ਰਭਾਵਿਤ ਕੀਤਾ ਜਾ ਰਿਹਾ ਹੈ।

# ਆਪ ਦੇ ਕੁੰਦਨ ਗੋਗੀਆ ਪਟਿਆਲਾ ਦੇ ਮੇਅਰ ਚੁਣੇ ਗਏ ਹਨ

ਪਟਿਆਲਾ: ਆਮ ਆਦਮੀ ਪਾਰਟੀ (ਆਪ) ਦੇ ਐਮਸੀ ਕੁੰਦਨ ਗੋਗੀਆ ਨੂੰ ਸਰਬਸੰਮਤੀ ਨਾਲ ਪਟਿਆਲਾ ਨਗਰ ਨਿਗਮ ਦਾ ਮੇਅਰ ਚੁਣਿਆ ਗਿਆ ਹੈ। ਉਨ੍ਹਾਂ ਦੇ ਨਾਲ, ਹਰਿੰਦਰ ਕੋਹਲੀ ਨੂੰ ਸੀਨੀਅਰ ਡਿਪਟੀ ਮੇਅਰ ਚੁਣਿਆ ਗਿਆ, ਜਦੋਂ ਕਿ ਜਗਦੀਪ ਜੱਗਾ ਡਿਪਟੀ ਮੇਅਰ ਵਜੋਂ ਸੇਵਾ ਨਿਭਾਉਣਗੇ। 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਦੇ ਨਾਲ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ, ਬਰਿੰਦਰ ਗੋਇਲ, ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਅਤੇ ਨਵੇਂ ਚੁਣੇ ਸਾਰੇ ਕੌਂਸਲਰਾਂ ਨੇ ਪਟਿਆਲਾ ਨਗਰ ਨਿਗਮ ਦੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਪਟਿਆਲਾ ਲਈ ਇਸ ਦਿਨ ਨੂੰ ਇਤਿਹਾਸਕ ਦੱਸਿਆ ਅਤੇ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਵਿਕਾਸ ਪ੍ਰਤੀ ਪਾਰਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਅਰੋੜਾ ਨੇ ਕਿਹਾ ਕਿ ਤਿੰਨੋਂ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ ਹੈ, ਜੋ ਕਿ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਸ਼ਾਸਨ ਪ੍ਰਦਾਨ ਕਰਨ ਪ੍ਰਤੀ 'ਆਪ' ਦੇ ਕੌਂਸਲਰਾਂ ਦੀ ਏਕਤਾ ਅਤੇ ਸਮਰਪਣ ਨੂੰ ਦਰਸਾਉਂਦੀ ਹੈ। ਉਨ੍ਹਾਂ ਨੇ ਵਲੰਟੀਅਰਾਂ ਨੂੰ ਉੱਚਾ ਚੁੱਕਣ ਅਤੇ ਉਨ੍ਹਾਂ ਨੂੰ ਮੁੱਖ ਜ਼ਿੰਮੇਵਾਰੀਆਂ ਦੇਣ ਪ੍ਰਤੀ ਪਾਰਟੀ ਦੀ ਵਚਨਬੱਧਤਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਕੁੰਦਨ ਗੋਗੀਆ ਵਰਗੇ ਸਮਰਪਿਤ ਵਲੰਟੀਅਰ ਨੂੰ ਪਟਿਆਲਾ ਵਰਗੇ ਸ਼ਹਿਰ ਦੀ ਅਗਵਾਈ ਸੌਂਪੀ ਜਾਣੀ 'ਆਪ' ਦੇ ਜ਼ਮੀਨੀ ਪਧਰ ਦੇ ਮੈਂਬਰਾਂ ਵਿੱਚ ਪਾਰਟੀ ਪ੍ਰਤੀ ਵਿਸ਼ਵਾਸ ਨੂੰ ਦਰਸਾਉਂਦਾ ਹੈ। ਹਾਲ ਹੀ ਵਿੱਚ ਹੋਈਆਂ ਨਗਰ ਨਿਗਮ ਚੋਣਾਂ ਵਿੱਚ 'ਆਪ' ਨੇ ਭਾਰੀ ਜਿੱਤ ਦਰਜ ਕੀਤੀ। 'ਆਪ' ਨੇ ਪਟਿਆਲਾ ਨਗਰ ਨਿਗਮ ਦੀਆਂ 53 ਵਿੱਚੋਂ 43 ਸੀਟਾਂ ਜਿੱਤੀਆਂ। ਪੰਜਾਬ ਭਰ ਵਿੱਚ, 'ਆਪ' 977 ਵਾਰਡਾਂ ਵਿੱਚੋਂ 522 ਵਿੱਚ ਜੇਤੂ ਰਹੀ, ਜਿਸ ਨੇ ਸਥਾਨਕ ਸੰਸਥਾਵਾਂ ਵਿੱਚ ਚੋਣ ਸਫਲਤਾ ਲਈ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ। ਪਾਰਟੀ ਦੇ ਵਿਰੋਧੀ ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਸਿਰਫ 30% ਵਾਰਡਾਂ ਤੱਕ ਸੀਮਤ ਸਨ, ਜਦੋਂ ਕਿ ਆਜ਼ਾਦ ਉਮੀਦਵਾਰਾਂ ਨੇ ਲਗਭਗ 15% ਸੀਟਾਂ ਪ੍ਰਾਪਤ ਕੀਤੀਆਂ। ਅਰੋੜਾ ਨੇ ਕਿਹਾ ਕਿ ਕੱਲ੍ਹ (ਵੀਰਵਾਰ) 8 ਨਗਰ ਕੌਂਸਲਾਂ ਨੇ 'ਆਪ' ਉਮੀਦਵਾਰਾਂ ਨੂੰ ਪ੍ਰਧਾਨ, ਸੀਨੀਅਰ ਉਪ ਪ੍ਰਧਾਨ ਅਤੇ ਉਪ ਪ੍ਰਧਾਨ ਚੁਣਿਆ। ਇਨ੍ਹਾਂ ਕੌਂਸਲਾਂ ਵਿੱਚ ਚੀਮਾ, ਮੱਲਾਂਵਾਲਾ, ਨਰੋਟ ਜੈਮਲ ਸਿੰਘ, ਘਨੌਰ, ਘੱਗਾ,




ਸਨੌਰ, ਦੇਵੀ ਗੜ੍ਹ ਅਤੇ ਮੱਖੂ ਸ਼ਾਮਲ ਸਨ। ਅਮਨ ਅਰੋੜਾ ਨੇ 'ਆਪ' ਦੀ ਲੀਡਰਸ਼ਿਪ ਵਿੱਚ ਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਨਵੀਂ ਟੀਮ ਪਾਰਟੀ ਦੇ ਚੰਗੇ ਸ਼ਾਸਨ ਅਤੇ ਲੋਕ-ਕੇਂਦ੍ਰਿਤ ਵਿਕਾਸ ਦੇ ਵਾਅਦਿਆਂ ਨੂੰ ਪੂਰਾ ਕਰਨ 'ਤੇ ਧਿਆਨ ਕੇਂਦਰਿਤ ਕਰੇਗੀ। ਉਨ੍ਹਾਂ ਅੱਗੇ ਕਿਹਾ, "ਪਟਿਆਲਾ ਦੇ ਵਿਕਾਸ ਦੀ ਜ਼ਿੰਮੇਵਾਰੀ ਹੁਣ ਭਰੋਸੇਯੋਗ ਹੱਥਾਂ ਵਿੱਚ ਹੈ। ਮੈਨੂੰ ਵਿਸ਼ਵਾਸ ਹੈ ਕਿ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ, ਪਟਿਆਲਾ ਬੇਮਿਸਾਲ ਵਿਕਾਸ ਅਤੇ ਤਰੱਕੀ ਦਾ ਗਵਾਹ ਬਣੇਗਾ। 'ਆਪ' ਪ੍ਰਧਾਨ ਅਮਨ ਅਰੋੜਾ ਨੇ ਪਟਿਆਲਾ ਲਈ ਆਪਣੇ ਮੈਨੀਫੈਸਟੋ ਵਿੱਚ ਦੱਸੀਆਂ ਪੰਜ ਗਰੰਟੀਆਂ - ਸਾਫ਼ ਪੀਣ ਵਾਲੇ ਪਾਣੀ ਦੀ 24/7 ਪਹੁੰਚ ਨੂੰ ਯਕੀਨੀ ਬਣਾਉਣਾ, ਪ੍ਰਦੂਸ਼ਣ ਘਟਾਉਣਾ ਅਤੇ ਜਨਤਕ ਆਵਾਜਾਈ ਵਿੱਚ ਸੁਧਾਰ ਕਰਨਾ, ਅਤਿ-ਆਧੁਨਿਕ ਪਾਰਕਿੰਗ ਸਹੂਲਤਾਂ ਦਾ ਵਿਕਾਸ ਕਰਨਾ, ਆਧੁਨਿਕ ਰਹਿੰਦ-ਖੂੰਹਦ ਪ੍ਰਬੰਧਨ ਹੱਲ ਲਾਗੂ ਕਰਨਾ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਅਤੇ ਸੜਕਾਂ ਦਾ ਨਵੀਨੀਕਰਨ ਕਰਨਾ, ਨੂੰ ਪੂਰਾ ਕਰਨ ਲਈ ਪਾਰਟੀ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਜਨਤਾ ਨੂੰ ਭਰੋਸਾ ਦਿੱਤਾ ਕਿ ਇਨ੍ਹਾਂ ਵਾਅਦਿਆਂ 'ਤੇ ਕੰਮ ਤੁਰੰਤ ਸ਼ੁਰੂ ਹੋ ਜਾਵੇਗਾ, ਜਿਸ ਵਿੱਚ ਪੰਜਾਬ ਸਰਕਾਰ ਕਾਰਪੋਰੇਸ਼ਨ ਦੇ ਵਿਕਾਸ ਪਹਿਲਕਦਮੀਆਂ ਦਾ ਪੂਰਾ ਸਮਰਥਨ ਕਰੇਗੀ। ਅਰੋੜਾ ਨੇ ਕਿਹਾ ਕਿ ਆਪ ਲੋਕਾਂ ਲਈ ਮਿਲ ਕੇ ਕੰਮ ਕਰਨ 'ਚ ਵਿਸ਼ਵਾਸ ਰੱਖਦੀ ਹੈ, ਜਦਕਿ ਹੋਰ ਸਿਆਸੀ ਪਾਰਟੀਆਂ ਆਪਸੀ ਲੜਾਈ 'ਤੇ ਧਿਆਨ ਦਿੰਦੀਆਂ ਹਨ। ਅਸੀਂ ਪਟਿਆਲਾ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਹੋਰਨਾਂ ਪਾਰਟੀਆਂ ਦੇ ਕੌਂਸਲਰਾਂ ਸਮੇਤ ਸਾਰਿਆਂ ਨੂੰ ਨਾਲ ਲੈ ਕੇ ਚੱਲਾਂਗੇ। ਉਨ੍ਹਾਂ ਅਖੀਰ ਵਿੱਚ ਸਾਰੇ ਪਟਿਆਲਾ ਵਾਸੀਆਂ ਨੂੰ ਇਸ ਨਵੀਂ ਸ਼ੁਰੂਆਤ 'ਤੇ ਵਧਾਈ ਦਿੰਦੇ ਹੋਏ ਭਰੋਸਾ ਦਿੱਤਾ ਕਿ 'ਆਪ' ਦਾ ਪਾਰਦਰਸ਼ੀ ਅਤੇ ਵਿਕਾਸ-ਮੁਖੀ ਸ਼ਾਸਨ ਆਉਣ ਵਾਲੇ ਸਾਲਾਂ ਵਿੱਚ ਸ਼ਹਿਰ ਨੂੰ ਬਦਲ ਦੇਵੇਗਾ।

## ਜਲੰਧਰ ਨੂੰ ਮਿਲਿਆ ਨਵਾਂ ਮੇਅਰ, AAP ਦੇ ਵਨੀਤ ਧੀਰ ਹੱਥ ਆਈ ਕਮਾਨ


ਜਲੰਧਰ : ਆਮ ਆਦਮੀ ਪਾਰਟੀ ਦੇ ਵਨੀਤ ਧੀਰ, ਨਗਰ ਨਿਗਮ ਜਲੰਧਰ (MCJ) ਦੇ ਨਵੇਂ ਮੇਅਰ ਚੁਣੇ ਗਏ ਹਨ। ਇਸ ਦੇ ਨਾਲ ਹੀ ਉਹ ਜਲੰਧਰ ਦੇ ਸੱਤਵੇਂ ਮੇਅਰ ਬਣ ਗਏ ਹਨ। ਬਲਬੀਰ ਸਿੰਘ ਬਿੱਟੂ ਸੀਨੀਅਰ ਡਿਪਟੀ ਮੇਅਰ ਤੇ ਮਲਕੀਤ ਸਿੰਘ ਸੁਭਾਨਾ ਡਿਪਟੀ ਮੇਅਰ ਬਣ ਗਏ ਹਨ। 85 ਕੌਂਸਲਰਾਂ ਵਾਲੇ ਨਗਰ ਨਿਗਮ ਹਾਊਸ 'ਚ ਆਮ ਆਦਮੀ ਪਾਰਟੀ ਦੇ 46 ਕੌਂਸਲਰ ਹਨ। ਵਨੀਤ ਧੀਰ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ



ਪ੍ਰਧਾਨ ਅਮਨ ਅਰੋੜਾ, ਵਿਧਾਇਕ ਰਮਨ ਅਰੋੜਾ, ਕੈਬਨਿਟ ਮੰਤਰੀ ਮਹਿੰਦਰ ਭਗਤ ਮੌਜੂਦ ਸਨ।

## ਗੁਜਰਾਤ 'ਚ ਆਇਆ HMPV ਦਾ ਇੱਕ ਹੋਰ ਮਾਮਲਾ, 8 ਸਾਲਾ ਬੱਚੀ ਸੰਕਰਮਿਤ

ਗੁਜਰਾਤ : ਦੇਸ਼ ਵਿੱਚ ਐੱਚਐੱਮਪੀ ਵਾਇਰਸ ਦੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਇਸ ਦੇ ਨਾਲ ਹੀ, ਤਾਜ਼ਾ ਮਾਮਲਾ ਗੁਜਰਾਤ ਦੇ ਸਾਬਰਕਾਂਤਾ ਜ਼ਿਲ੍ਹੇ ਤੋਂ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਇੱਕ ਅੱਠ ਸਾਲ ਦਾ ਲੜਕਾ ਮਨੁੱਖੀ ਮੈਟਾਪਨਿਊਮੋਵਾਇਰਸ ( H M P V ਵਾਇਰਸ) ਨਾਲ ਸੰਕਰਮਿਤ ਪਾਇਆ ਗਿਆ ਹੈ। ਇਸ ਨਾਲ, ਰਾਜ ਵਿੱਚ HMPV ਮਾਮਲਿਆਂ ਦੀ ਕੁੱਲ ਗਿਣਤੀ ਹੁਣ ਤਿੰਨ ਹੋ ਗਈ ਹੈ। ਇੱਕ ਅਧਿਕਾਰੀ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰਾਂਤੀਜ ਤਾਲੁਕਾ ਦੇ ਇੱਕ ਖੇਤੀਬਾੜੀ ਮਜ਼ਦੂਰ ਪਰਿਵਾਰ ਤੋਂ ਆਉਣ ਵਾਲਾ ਲੜਕਾ, ਇੱਕ ਨਿੱਜੀ ਪ੍ਰਯੋਗਸ਼ਾਲਾ ਵਿੱਚ ਕੀਤੇ ਗਏ ਟੈਸਟ ਵਿੱਚ ਐਚਐਮਪੀਵੀ ਲਈ ਪਾਜ਼ੇਟਿਵ ਪਾਇਆ ਗਿਆ ਸੀ ਪਰ ਸਿਹਤ ਅਧਿਕਾਰੀਆਂ ਨੇ ਪੁਸ਼ਟੀ ਲਈ ਉਸਦੇ ਖੂਨ ਦੇ ਨਮੂਨੇ ਸਰਕਾਰੀ ਪ੍ਰਯੋਗਸ਼ਾਲਾ ਵਿੱਚ ਭੇਜ ਦਿੱਤੇ। ਬੱਚਾ ਇਸ ਵੇਲੇ ਹਿੰਮਤਨਗਰ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਹੈ ਅਤੇ ਹੁਣ ਤੱਕ ਉਸਨੂੰ HMPV ਦਾ ਸ਼ੱਕੀ ਮਾਮਲਾ ਮੰਨਿਆ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਪ੍ਰਾਂਤੀਜ ਤਾਲੁਕਾ ਦੇ ਇੱਕ ਖੇਤੀਬਾੜੀ ਮਜ਼ਦੂਰ ਪਰਿਵਾਰ ਤੋਂ ਆਉਣ ਵਾਲਾ ਲੜਕਾ, ਇੱਕ ਨਿੱਜੀ ਪ੍ਰਯੋਗਸ਼ਾਲਾ ਵਿੱਚ ਕੀਤੇ ਗਏ ਟੈਸਟ ਵਿੱਚ ਐਚਐਮਪੀਵੀ ਲਈ ਪਾਜ਼ੇਟਿਵ ਪਾਇਆ ਗਿਆ ਸੀ ਪਰ ਸਿਹਤ ਅਧਿਕਾਰੀਆਂ ਨੇ ਪੁਸ਼ਟੀ ਲਈ ਉਸਦੇ ਖੂਨ ਦੇ ਨਮੂਨੇ ਸਰਕਾਰੀ ਪ੍ਰਯੋਗਸ਼ਾਲਾ ਵਿੱਚ ਭੇਜ ਦਿੱਤੇ। ਬੱਚਾ ਇਸ ਵੇਲੇ ਹਿੰਮਤਨਗਰ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਹੈ ਅਤੇ ਹੁਣ ਤੱਕ ਉਸਨੂੰ HMPV ਦਾ ਸ਼ੱਕੀ ਮਾਮਲਾ ਮੰਨਿਆ ਜਾ ਰਿਹਾ ਸੀ। ਸਾਬਰਕਾਂਠਾ ਜ਼ਿਲ੍ਹਾ ਕੁਲੈਕਟਰ ਰਤਨ ਕੰਵਰ ਗੜ੍ਹਵੀਚਰਨ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਸਰਕਾਰੀ ਪ੍ਰਯੋਗਸ਼ਾਲਾ ਨੇ ਪੁਸ਼ਟੀ ਕੀਤੀ ਹੈ ਕਿ ਲੜਕਾ



ਐਚਐਮਪੀਵੀ ਨਾਲ ਸੰਕਰਮਿਤ ਸੀ। ਇਸ ਵੇਲੇ ਉਸਦਾ ਇਲਾਜ ਚੱਲ ਰਿਹਾ ਹੈ ਅਤੇ ਉਸਦੀ ਹਾਲਤ ਸਥਿਰ ਹੈ। ਹਸਪਤਾਲ ਦੇ ਡਾਕਟਰਾਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਲੜਕਾ ਵੈਂਟੀਲੇਟਰ 'ਤੇ ਸੀ। ਪਹਿਲਾ ਮਾਮਲਾ ਗੁਜਰਾਤ ਵਿੱਚ 6 ਜਨਵਰੀ ਨੂੰ ਸਾਹਮਣੇ ਆਇਆ ਸੀ। ਜ਼ਿਕਰਯੋਗ ਹੈ ਕਿ ਗੁਜਰਾਤ ਵਿੱਚ HMPV ਦਾ ਪਹਿਲਾ ਮਾਮਲਾ 6 ਜਨਵਰੀ ਨੂੰ ਸਾਹਮਣੇ ਆਇਆ ਸੀ, ਜਦੋਂ ਰਾਜਸਥਾਨ ਦੇ ਇੱਕ ਦੋ ਮਹੀਨੇ ਦੇ ਬੱਚੇ ਨੂੰ ਬੁਖਾਰ, ਨੱਕ ਬੰਦ ਹੋਣਾ, ਨੱਕ ਵਗਣਾ ਅਤੇ ਖੰਘ ਵਰਗੇ ਲੱਛਣਾਂ ਦੇ ਨਾਲ ਵਾਇਰਲ ਬਿਮਾਰੀ ਤੋਂ ਪੀੜਤ ਪਾਇਆ ਗਿਆ ਸੀ। ਇੱਥੇ ਇੱਕ ਹਸਪਤਾਲ ਵਿੱਚ ਇਲਾਜ ਤੋਂ ਬਾਅਦ ਉਸਨੂੰ ਛੁੱਟੀ ਦੇ ਦਿੱਤੀ ਗਈ। ਵੀਰਵਾਰ ਨੂੰ, ਅਹਿਮਦਾਬਾਦ ਸ਼ਹਿਰ ਵਿੱਚ ਇੱਕ 80 ਸਾਲਾ ਵਿਅਕਤੀ ਨੂੰ ਵਾਇਰਲ ਇਨਫੈਕਸ਼ਨ ਹੋਣ ਦੀ ਪੁਸ਼ਟੀ ਹੋਈ। ਦਮੇ ਤੋਂ ਪੀੜਤ ਇਹ ਮਰੀਜ਼ ਇਸ ਸਮੇਂ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਅਧੀਨ ਹੈ। 2001 ਵਿੱਚ ਖੋਜਿਆ ਗਿਆ HMPV, ਪੈਰਾਮਿਕਸੋਵਾਇਰੀਡੇ ਪਰਿਵਾਰ ਨਾਲ ਸਬੰਧਤ ਹੈ। ਇਹ ਰੈਸਪੀਰੇਟਰੀ ਸਿੰਸੀਟੀਅਲ ਵਾਇਰਸ ਨਾਲ ਬਹੁਤ ਨੇੜਿਓਂ ਸਬੰਧਤ ਹੈ। ਇਹ ਖੰਘਣ ਜਾਂ ਛਿੱਕਣ ਨਾਲ ਨਿਕਲਣ ਵਾਲੀਆਂ ਸਾਹ ਦੀਆਂ ਬੂੰਦਾਂ ਰਾਹੀਂ ਫੈਲਦਾ ਹੈ, ਦੂਸ਼ਿਤ ਸਤਹਾਂ ਨੂੰ ਛੂਹਣ ਜਾਂ ਸੰਕਰਮਿਤ ਵਿਅਕਤੀਆਂ ਦੇ ਸਿੱਧੇ ਸੰਪਰਕ ਵਿੱਚ ਆਉਣ ਨਾਲ ਵੀ ਫੈਲਦਾ ਹੈ।

## ਪਾਸਪੋਰਟ ਸੂਚੀ ’ਚ ਭਾਰਤ ਪੰਜ ਸਥਾਨ ਡਿੱਗ ਕੇ 85 ’ਤੇ ਪੁੱਜਾ





ਨਵੀਂ ਦਿੱਲੀ: ਆਲਮੀ ਪਾਸਪੋਰਟ ਸੂਚੀ ’ਚ ਇਸ ਸਾਲ ਭਾਰਤ ਦੀ ਰੈਂਕਿੰਗ ਪੰਜ ਸਥਾਨ ਡਿੱਗ ਕੇ 85 ’ਤੇ ਆ ਗਈ ਹੈ। ਇਸ ਸੂਚੀ ਵਿੱਚ ਸਿੰਗਾਪੁਰ ਲਗਾਤਾਰ ਦੂਜੇ ਸਾਲ ਸਿਖਰ ’ਤੇ ਹੈ। ਇਹ ਅੰਕੜੇ ਅੱਜ ਨਾਗਰਿਕਤਾ ਸਲਾਹਕਾਰ ਫਰਮ ਹੈਨਲੇ ਐਂਡ ਪਾਰਟਨਰਜ਼ ਵੱਲੋਂ ਜਾਰੀ ਹੈਨਲੇ ਪਾਸਪੋਰਟ ਸੂਚੀ ਤੋਂ ਲਏ ਗਏ ਹਨ। ਵੈਬਸਾਈਟ ਅਨੁਸਾਰ, ‘19 ਸਾਲਾਂ ਦੇ ਇਤਿਹਾਸਕ ਅੰਕੜਿਆਂ ਨਾਲ ਹੈਨਲੇ ਪਾਸਪੋਰਟ ਇੰਡੈਕਸ ਕੌਮਾਂਤਰੀ ਹਵਾਈ ਆਵਾਜਾਈ ਅਥਾਰਿਟੀ (ਆਈਏਟੀਏ) ਦੇ ਵਿਸ਼ੇਸ਼ ਅੰਕੜਿਆਂ ’ਤੇ ਆਧਾਰਿਤ ਆਪਣੀ ਤਰ੍ਹਾਂ ਦੀ ਇੱਕੋ ਇੱਕ ਸੂਚੀ ਹੈ। ਸੂਚੀ ਵਿੱਚ 199 ਵੱਖ ਵੱਖ ਪਾਸਪੋਰਟ ਤੇ 227 ਵੱਖ ਵੱਖ ਸਥਾਨ ਸ਼ਾਮਲ ਹਨ।’ ਸਾਲ 2025 ਲਈ ਜਾਰੀ ਸੂਚੀ ਅਨੁਸਾਰ ਰੈਂਕਿੰਗ ਵਿੱਚ ਭਾਰਤ ਦਾ 85ਵਾਂ ਸਥਾਨ ਹੈ, ਜਦਕਿ ਪਾਕਿਸਤਾਨ ਤੇ ਬੰਗਲਾਦੇਸ਼ ਕ੍ਰਮਵਾਰ 103ਵੇਂ (2024 ’ਚ 101ਵੇਂ) ਅਤੇ 100ਵੇਂ (2024 ’ਚ 97ਵੇਂ) ਸਥਾਨ ’ਤੇ ਹਨ। 2024 ਵਿੱਚ ਇਸ ਸੂਚੀ ’ਚ ਭਾਰਤ ਦਾ 80ਵਾਂ ਸਥਾਨ ਸੀ।

## ਆਰਜੀ ਕਰ ਡਾਕਟਰ ਜਬਰ-ਜਨਾਹ ਤੇ ਕਤਲ ਕੇਸ ਵਿਚ ਫੈਸਲਾ 18 ਨੂੰ



ਕੋਲਕਾਤਾ: ਕੋਲਕਾਤਾ ਦੇ ਆਰਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਵਿਚ ਪਿਛਲੇ ਸਾਲ ਟਰੇਨੀ ਡਾਕਟਰ ਨਾਲ ਜਬਰ ਜਨਾਹ ਤੇ ਕਤਲ ਕੇਸ ਵਿਚ ਸਿਆਲਦਾਹ ਕੋਰਟ ਵੱਲੋਂ 18 ਜਨਵਰੀ ਨੂੰ ਫੈਸਲਾ ਸੁਣਾਇਆ ਜਾਵੇਗਾ। ਸੀਬੀਆਈ ਨੇ ਮੁਲਜ਼ਮ ਸੰਜੈ ਰੌਏ ਨੂੰ ਮੌਤ ਦੀ ਸਜ਼ਾ ਦੇਣ ਦੀ ਮੰਗ ਕੀਤੀ ਹੈ। ਕਲਕੱਤਾ ਹਾਈ ਕੋਰਟ ਦੇ ਹੁਕਮਾਂ ਉੱਤੇ ਕੋਲਕਾਤਾ ਪੁਲੀਸ ਨੇ ਕੇਸ ਦੀ ਜਾਂਚ ਸੀਬੀਆਈ ਨੂੰ ਸੌਂਪ ਦਿੱਤੀ ਸੀ। ਕੇਸ ਦੀ ਸੁਣਵਾਈ ਅੱਜ ਮੁਕੰਮਲ ਹੋਣ ਮਗਰੋਂ ਸਿਆਲਦਾਹ ਕੋਰਟ ਦੇ ਵਧੀਕ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨੇ ਕਿਹਾ ਕਿ ਫੈਸਲਾ 18 ਜਨਵਰੀ ਨੂੰ ਸੁਣਾਇਆ ਜਾਵੇਗਾ। ਚੇਤੇ ਰਹੇ ਕਿ ਪੀੜਤ ਮਹਿਲਾ ਡਾਕਟਰ ਦੀ ਲਾਸ਼ 9 ਅਗਸਤ ਨੂੰ ਆਰਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਦੇ ਸੈਮੀਨਾਰ ਰੂਮ ’ਚੋਂ ਮਿਲੀ ਸੀ। ਕੋਲਕਾਤਾ ਪੁਲੀਸ ਨੇ ਰੌਏ ਨੂੰ ਅਗਲੇ ਦਿਨ ਗ੍ਰਿਫ਼ਤਾਰ ਕੀਤਾ ਸੀ। ਕੈਮਰੇ ਦੀ ਨਿਗਰਾਨੀ ’ਚ ਕੇਸ ਦਾ ਟਰਾਇਲ 12 ਨਵੰਬਰ ਤੋਂ ਸ਼ੁਰੂ ਹੋਇਆ ਸੀ।

## ਅੰਮ੍ਰਿਤਸਰ 'ਚ ਗੁਮਟਾਲਾ ਚੌਂਕੀ ਦੇ ਬਾਹਰ ਹੋਇਆ ਧਮਾਕਾ



ਅੰਮ੍ਰਿਤਸਰ: ਅੰਮ੍ਰਿਤਸਰ ਤੋਂ ਗੁਮਟਾਲਾ ਚੌਂਕੀ ਦੇ ਬਾਹਰ ਧਮਾਕਾ ਹੋਣ ਦੀ ਖਬਰ ਸਾਹਮਣੇ ਆਈ ਸੀ ਜਿਸ ਤੋਂ ਬਾਅਦ ਹਫੜਾ-ਦਫੜੀ ਮਚ ਗਈ। ਘਟਨਾ ਨੂੰ ਲੈ ਕੇ ਅੰਮ੍ਰਿਤਸਰ ਵੈਸਟ ਦੇ ਏ.ਸੀ.ਪੀ. ਸ਼ਿਵ ਦਰਸ਼ਨ ਸਿੰਘ ਨੇ ਕਿਹਾ ਹੈ ਕਿ ਏ.ਐਸ.ਆਈ. ਤਜਿੰਦਰ ਸਿੰਘ ਦੀ ਜਿੰਨ ਕਾਰ 2008 ਮਾਡਲ ਸੀ ਉਸ ਦੇ ਹੇਠਾ ਧਮਾਕਾ ਹੋਇਆ ਹੈ। ਉਨ੍ਹਾਂ ਨੇ ਕਿਹਾ ਹੈ ਕਿ ਜਾਂਚ ਕਰਨ ਤੋਂ ਬਾਅਦ ਪਤਾ ਲੱਗਿਆ ਹੈ ਕਿ ਉਸ ਦਾ ਰੈਡੀਏਟਰ ਫੱਟਿਆ ਹੈ। ਉਨ੍ਹਾਂ ਨੇ ਕਿਹਾ ਹੈ ਕਿ ਇਸੇ ਕਰਕੇ ਗੱਡੀ ਦਾ ਸ਼ੀਸ਼ਾ ਟੁੱਟ ਗਿਆ ਹੈ । ਇਸ ਤੋਂ ਇਲਾਵਾ ਹੋਰ ਕੋਈ ਨੁਕਸਾਨ ਨਹੀ ਹੋਇਆ। ਉਨ੍ਹਾਂ ਨੇ ਧਮਾਕਾ ਦੀਆਂ ਅਫਵਾਹਾਂ ਹਨ ਇਸ ਲਈ ਕੋਈ ਡਰਨ ਵਾਲੀ ਗੱਲ ਨਹੀ ਹੈ।

## 50 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਸਹਾਇਕ ਟਾਊਨ ਪਲਾਨਰ ਤੇ ਆਰਕੀਟੈਕਟ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ: ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਨਗਰ ਨਿਗਮ ਪਟਿਆਲਾ ਦੇ ਸਹਾਇਕ ਟਾਊਨ ਪਲਾਨਰ (ਏ.ਟੀ.ਪੀ.) ਜਸਪਾਲ ਸਿੰਘ ਅਤੇ ਪਟਿਆਲਾ ਦੇ ਆਰਕੀਟੈਕਟ ਅਨੀਸ਼ ਖੰਨਾ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਅਸ਼ੋਕ ਕੁਮਾਰ ਵਾਸੀ ਪਾਤੜਾਂ, ਜ਼ਿਲ੍ਹਾ ਪਟਿਆਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸ ਦੇ ਹਸਪਤਾਲ ਦੀ ਇਮਾਰਤ ਦਾ ਨਕਸ਼ਾ ਪਾਸ ਕਰਨ ਬਦਲੇ ਮੁਲਜ਼ਮ ਜਸਪਾਲ ਸਿੰਘ ਨੇ ਉਕਤ ਆਰਕੀਟੈਕਟ ਅਨੀਸ਼ ਖੰਨਾ ਜ਼ਰੀਏ 1 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਏ.ਟੀ.ਪੀ. ਪਹਿਲਾਂ ਹੀ ਆਰਕੀਟੈਕਟ ਰਾਹੀਂ 50 ਹਜ਼ਾਰ ਰੁਪਏ ਰਿਸ਼ਵਤ ਲੈ ਚੁੱਕਾ ਹੈ ਅਤੇ ਰਿਸ਼ਵਤ ਦੀ ਬਾਕੀ ਰਕਮ ਦੀ ਮੰਗ ਰਿਹਾ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਆਰਕੀਟੈਕਟ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਕੋਲੋਂ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 50 ਹਜ਼ਾਰ ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਤੋਂ ਬਾਅਦ ਮੁਲਜ਼ਮ ਏ.ਟੀ.ਪੀ. ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧੀ ਦੋਵਾਂ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਮੁੱਖ ਮੰਤਰੀ ਨੇ ਸਾਲ 2025 ਲਈ ਪੰਜਾਬ ਸਰਕਾਰ ਦੀ ਡਾਇਰੀ ਅਤੇ ਕੈਲੰਡਰ ਕੀਤਾ ਜਾਰੀ




ਚੰਡੀਗੜ੍ਹ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਆਪਣੀ ਅਧਿਕਾਰਕ ਰਿਹਾਇਸ਼ 'ਤੇ ਸਾਲ 2025 ਲਈ ਪੰਜਾਬ ਸਰਕਾਰ ਦੀ ਡਾਇਰੀ ਅਤੇ ਕੈਲੰਡਰ ਜਾਰੀ ਕੀਤਾ।ਇਹ ਜਾਣਕਾਰੀ ਦਿੰਦਿਆਂ ਅੱਜ ਇੱਥੇ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਕੈਲੰਡਰ ਅਤੇ ਡਾਇਰੀ ਦਾ ਡਿਜ਼ਾਈਨ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਵੱਲੋਂ ਸੰਕਲਪਿਤ ਤੇ ਤਿਆਰ ਕੀਤਾ ਗਿਆ ਹੈ ਅਤੇ ਕੰਟਰੋਲਰ ਪ੍ਰਿੰਟਿੰਗ ਐਂਡ ਸਟੇਸ਼ਨਰੀ ਪੰਜਾਬ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ।ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ.ਸਿਨਹਾ, ਪੁਲਿਸ ਡਾਇਰੈਕਟਰ ਜਨਰਲ ਗੌਰਵ ਯਾਦਵ, ਸਕੱਤਰ ਸੂਚਨਾ ਤੇ ਲੋਕ ਸੰਪਰਕ ਮਾਲਵਿੰਦਰ ਸਿੰਘ ਜੱਗੀ ਆਦਿ ਹਾਜ਼ਰ ਸਨ।

## ਪੰਜਾਬ ਦੀ ਧਰਤੀ ਵਪਾਰ ਲਈ ਸਭ ਤੋਂ ਉੱਤਮ: ਸੌਂਦ




ਚੰਡੀਗੜ੍ਹ: ਟਰੇਡ ਪ੍ਰਮੋਸ਼ਨ ਕੌਂਸਲ ਆਫ ਇੰਡੀਆ (ਟੀ.ਪੀ.ਸੀ.ਆਈ) ਵੱਲੋਂ ਨੌਇਡਾ ਵਿਖੇ ਕਰਵਾਏ ਗਏ ਅੰਤਰ-ਰਾਸ਼ਟਰੀ ਪੱਧਰ ਦੇ ਭਾਰਤ ਦੇ ਸਭ ਤੋਂ ਵੱਡੇ ਫੂਡ ਟਰੇਡ ਸ਼ੋਅ-ਇੰਡਸਫੂਡ ਦੌਰਾਨ ਆਪਣੇ ਸੰਬੋਧਨ ਵਿਚ ਪੰਜਾਬ ਦੇ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ, ਉਦਯੋਗ ਤੇ ਵਪਾਰ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਫੂਡ ਉਦਯੋਗ ਨਾਲ ਸਬੰਧਤ ਦੇਸ਼ ਵਿਦੇਸ਼ ਦੀਆਂ ਭਾਗ ਲੈਣ ਵਾਲੀਆਂ ਕੰਪਨੀਆਂ ਦੇ ਸੀ.ਈ.ਓਜ਼ ਅਤੇ ਡੈਲੀਗੇਟਾਂ ਨੂੰ ਪੰਜਾਬ ਦੀ ਨਿੱਘੀ ਆਓ ਭਗਤ ਮਾਨਣ ਲਈ ਸੂਬੇ 'ਚ ਆਉਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਵਪਾਰ ਤੇ ਉਦਯੋਗ ਲਈ ਸਭ ਤੋਂ ਉੱਤਮ ਹੈ। ਉਨ੍ਹਾਂ ਕਿਹਾ ਕਿ ਗੁਰੂਆਂ ਅਤੇ ਸੰਤ-ਮਹਾਤਮਾਵਾਂ ਦੀ ਵਸਾਈ ਧਰਤੀ ਪੰਜਾਬ ਦਾ ਮਾਹੌਲ ਸ਼ਾਂਤੀ, ਭਾਈਚਾਰਕ ਸਾਂਝ ਅਤੇ ਖੁਸ਼ਹਾਲੀ ਭਰਪੂਰ ਹੈ ਅਤੇ ਇਹ ਮਾਹੌਲ ਵਪਾਰ ਤੇ ਉਦਯੋਗਾਂ ਦੀ ਪ੍ਰਫੁੱਲਤਾ ਲਈ ਪੂਰਾ ਢੁੱਕਵਾਂ ਅਤੇ ਸਾਜਗਾਰ ਹੈ। ਸੌਂਦ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪੂਰੀ ਟੀਮ ਸੂਬੇ ਵਿਚਲੇ ਉਦਯੋਗਾਂ ਦੀ ਤਰੱਕੀ ਲਈ ਪੂਰੀ ਸੁਹਿਰਦਤਾ ਅਤੇ ਗੰਭੀਰਤਾ ਨਾਲ ਯਤਨ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਇੰਡਸਫੂਡ ਵਿਚ ਫੂਡ ਉਦਯੋਗ ਨਾਲ ਸਬੰਧਤ 105 ਮੁਲਕਾਂ ਦੇ 3500 ਦੇ ਕਰੀਬ ਪ੍ਰਦਰਸ਼ਕਾਂ ਨੇ ਭਾਗ ਲਿਆ ਹੈ। ਇਸ ਸਮਾਗਮ ਵਿਖੇ ਮੁੱਖ ਮਹਿਮਾਨ ਵੱਜੋਂ ਪੁੱਜੇ ਪੰਜਾਬ ਦੇ ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਨਾਮੀ ਕੰਪਨੀਆਂ ਦੇ ਸੀ.ਈ.ਓਜ਼ ਅਤੇ ਡੈਲੇਗੇਟਾਂ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਇਸ ਗੱਲ ਦੀ ਖੁਸ਼ੀ ਅਤੇ ਤਸੱਲੀ ਪ੍ਰਗਟਾਈ ਕਿ ਇੱਕੋ ਛੱਤ ਹੇਠਾਂ ਦੁਨੀਆਂ ਭਰ ਦੇ ਨਾਮੀਂ ਉਦਯੋਗਪਤੀਆਂ ਅਤੇ ਵਪਾਰੀਆਂ ਨੂੰ ਪੰਜਾਬ ਦੀਆਂ ਸਨਅਤ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਉਣ ਦਾ ਮੌਕਾ ਪ੍ਰਾਪਤ ਹੋਇਆ ਹੈ। ਇਸ ਮੌਕੇ ਕੰਪਨੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਹੁੰਦਿਆਂ ਸੌਂਦ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਆਉਂਦੇ ਨਵੰਬਰ ਮਹੀਨੇ ਪੰਜਾਬ ਵਿਚ ਇਸੇ ਤਰਜ਼ 'ਤੇ ਅੰਤਰ-ਰਾਸ਼ਟਰੀ ਫੂਡ ਫੈਸਟੀਵਲ ਕਰਵਾਉਣ ਦੀ ਯੋਜਨਾ ਹੈ, ਜਿਸ ਵਿਚ ਫੂਡ ਉਦਯੋਗ ਤੇ ਇਸ ਨਾਲ ਜੁੜੇ ਹੋਰ ਖੇਤਰਾਂ 'ਚ ਕਾਰਜਸ਼ੀਲ ਅੰਤਰ-ਰਾਸ਼ਟਰੀ ਕੰਪਨੀਆਂ ਨੂੰ ਬੁਲਾਇਆ ਜਾਵੇਗਾ। ਪੰਜਾਬ ਵਿਚ ਨਿਵੇਸ਼ ਲਈ ਇੱਛਾ ਜਾਹਿਰ ਕਰਨ ਵਾਲੀਆਂ ਕੰਪਨੀਆਂ ਨੂੰ ਪੰਜਾਬ ਸਰਕਾਰ ਵੱਲੋਂ ਨਿਵੇਸ਼ ਤੇ ਉਦਯੋਗਾਂ ਦੀ ਸਹੂਲਤ ਲਈ ਸਿੰਗਲ ਵਿੰਡੋ ਪ੍ਰਣਾਲੀ ਤੇ ਇੰਨਵੈਸਟ ਪੰਜਾਬ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਨਿਵੇਸ਼ਕਾਂ ਦੀ ਹਰ ਪ੍ਰਕਾਰ ਦੀ ਸਹਾਇਤਾ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।

ਸੌਂਦ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਟੀਚਾ ਸੂਬੇ ਦੇ ਫੂਡ ਖੇਤਰ ਨੂੰ ਗਲੋਬਲ ਪੱਧਰ ਤੱਕ ਲਿਜਾਣਾ ਹੈ ਅਤੇ ਇਸ ਉਦੇਸ਼ ਦੀ ਪ੍ਰਾਪਤੀ ਲਈ ਪੰਜਾਬ ਸਰਕਾਰ ਸੁਹਿਰਦ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵੇਰਕਾ, ਸੋਹਣਾ, ਫਾਈਵ ਰਿਵਰਜ਼ ਅਤੇ ਹੋਰ ਬਰਾਂਡਾਂ ਨੂੰ ਅੰਤਰ-ਰਾਸ਼ਟਰੀ ਪੱਧਰ 'ਤੇ ਸਥਾਪਤ ਕਰਨ ਲਈ ਵਿਸ਼ੇਸ਼ ਯਤਨ ਕਰ ਰਹੀ ਹੈ ਅਤੇ ਕੌਮਾਂਤਰੀ ਪੱਧਰ ਉੱਤੇ ਹੁਣ ਪੰਜਾਬ ਦੇ ਉਤਪਾਦਾਂ ਦੀ ਮੰਗ ਦਿਨੋਂ ਦਿਨ ਵੱਧ ਰਹੀ ਹੈ।

ਸੌਂਦ ਵੱਲੋਂ ਪੰਜਾਬ ਵਿਚ ਨਿਵੇਸ਼ ਦੀ ਇੱਛਾ ਪ੍ਰਗਟਾਉਣ ਵਾਲੀਆਂ ਕੰਪਨੀਆਂ ਦੇ ਨੁਮਾਇੰਦਿਆਂ ਨਾਲ ਵੱਖਰੇ ਤੌਰ ਉੱਤੇ ਮੀਟਿੰਗ ਵੀ ਕੀਤੀ ਗਈ। ਉਨ੍ਹਾਂ ਨੇ ਟੀ.ਪੀ.ਸੀ.ਆਈ ਦੇ ਚੇਅਰਮੈਨ ਮੋਹਿਤ ਸਿੰਗਲਾ ਨੂੰ ਅੰਤਰ-ਰਾਸ਼ਟਰੀ ਪੈਮਾਨੇ ਦਾ ਫੂਡ ਟਰੇਡ ਸ਼ੋਅ ਕਰਵਾਉਣ ਲਈ ਮੁਬਾਰਕਬਾਦ ਦਿੱਤੀ ਅਤੇ ਟੀ.ਪੀ.ਆਈ.ਸੀ ਦਾ ਪੰਜਾਬ ਚੈਪਟਰ ਬਣਾਉਣ ਲਈ ਵੀ ਆਖਿਆ। ਉਨ੍ਹਾਂ ਦੱਸਿਆ ਕਿ ਇਸ ਫੂਡ ਟਰੇਡ ਸ਼ੋਅ ਵਿਚ ਸ਼ਿਰਕਤ ਕਰਨ ਲਈ ਉਨ੍ਹਾਂ ਨੂੰ ਪੰਜਾਬ ਰਾਜ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾਂ ਵੱਲੋਂ ਪ੍ਰੇਰਿਤ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਖੁਸ਼ੀ ਹੈ ਕਿ ਇਸ ਸਮਾਗਮ ਵਿੱਚ ਪੁੱਜ ਕੇ ਬਹੁਤ ਸਾਰੀਆਂ ਕੌਮਾਂਤਰੀ ਕੰਪਨੀਆਂ ਦੇ ਨੁਮਾਇੰਦਿਆਂ ਅਤੇ ਉਦਯੋਗਪਤੀਆਂ ਨੂੰ ਮਿਲਕੇ ਪੰਜਾਬ ਵਿੱਚ ਨਿਵੇਸ਼ ਕਰਨ ਲਈ ਪ੍ਰੇਰਿਤ ਕੀਤਾ ਗਿਆ ਹੈ। ਸੌਂਦ ਨੇ ਇਸ ਮੌਕੇ ਕੇਂਦਰੀ ਵਣਜ ਮੰਤਰਾਲੇ ਦੇ ਡਾਇਰੈਕਟਰ ਮੋਨਿਕਾ ਗੌੜ ਦਾ ਖਾਸ ਧੰਨਵਾਦ ਕੀਤਾ।

## ਪੰਜਾਬ ਸਰਕਾਰ ਵੱਲੋਂ ਬੱਚਿਆਂ ਅਤੇ ਮਹਿਲਾਵਾਂ ਦੇ ਸਰਵ-ਪੱਖੀ ਵਿਕਾਸ ਲਈ ਜਲਦ ਹੀ 3,000 ਆਂਗਣਵਾੜੀ ਵਰਕਰ ਅਤੇ ਹੈਲਪਰ ਕੀਤੇ ਜਾਣਗੇ ਭਰਤੀ



ਚੰਡੀਗੜ੍ਹ: ਪੰਜਾਬ ਸਰਕਾਰ ਵੱਲੋਂ ਬੱਚਿਆਂ ਅਤੇ ਮਹਿਲਾਵਾਂ ਦੇ ਸਰਵ-ਪੱਖੀ ਵਿਕਾਸ ਲਈ 1419 ਆਂਗਣਵਾੜੀ ਸੈਂਟਰ ਉਸਾਰੇ ਜਾਣਗੇ। 200 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਆਂਗਣਵਾੜੀ ਸੈਂਟਰ ਬਣਾਏ ਜਾਣਗੇ ਅਤੇ ਪੁਰਾਣੇ ਆਂਗਣਵਾੜੀ ਸੈਂਟਰਾਂ ਦੇ ਢਾਂਚੇ ਨੂੰ ਬਿਹਤਰ ਬਣਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਅੱਜ ਇਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਦੀਆਂ ਮਹਿਲਾਵਾਂ ਅਤੇ ਬੱਚਿਆਂ ਦੇ ਸੰਪੂਰਨ ਵਿਕਾਸ ਲਈ ਨਵੇਂ ਆਂਗਣਵਾੜੀ ਸੈਂਟਰਾਂ ਦਾ ਨਿਰਮਾਣ, ਮੌਜੂਦਾ ਆਂਗਣਵਾੜੀ ਸੈਂਟਰਾਂ ਨੂੰ ਅਪਗ੍ਰੇਡ ਕਰਨਾ, ਸੈਂਨੀਟੇਸ਼ਨ ਸੁਵਿਧਾਵਾਂ ਦੇ ਪ੍ਰਬੰਧ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਫਰਨੀਚਰ ਆਦਿ ਦੀ ਵਿਵਸਥਾ ਕਰਨਾ ਹੈ। ਉਹਨ੍ਹਾਂ ਕਿਹਾ ਕਿ ਬੱਚਿਆਂ ਦੇ ਸਰਵ ਪੱਖੀ ਵਿਕਾਸ ਲਈ ਆਂਗਣਵਾੜੀ ਸੈਂਟਰਾਂ ਵਿੱਚ ਬਾਲਾ ਪ੍ਰਿੰਟਿੰਗ ਵੀ ਕਰਵਾਈ ਜਾਵੇਗੀ। ਉਹਨਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਆਂਗਣਵਾੜੀ ਸੈਂਟਰਾਂ ਦੀ ਉਸਾਰੀ ਕਰਨਾ ਨਹੀਂ ਹੈ, ਇਹ ਪ੍ਰੋਜੈਕਟ ਬੱਚਿਆਂ ਦੇ ਸਰੀਰਕ, ਬੋਧਾਤਮਕ ਅਤੇ ਭਾਵਨਾਤਮਕ ਵਿਕਾਸ ਲਈ ਅਨੁਕੂਲ ਵਾਤਾਵਰਣ ਬਣਾਉਣ ਦੀ ਪਹਿਲਕਦਮੀ ਕਰਨਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਕੀਮ ਤਹਿਤ ਪਹਿਲੇ ਪੜਾਅ ਵਿੱਚ 1000 ਆਂਗਣਵਾੜੀ ਕੇਂਦਰ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿੱਚੋਂ 56 ਪਹਿਲਾਂ ਹੀ ਮੁਕੰਮਲ ਹੋ ਚੁੱਕੇ ਹਨ ਅਤੇ 644 ਉਸਾਰੀ ਅਧੀਨ ਹਨ। ਇਸ ਤੋਂ ਇਲਾਵਾ, ਬਾਕੀ 300 ਆਂਗਣਵਾੜੀ ਸੈਂਟਰਾਂ ਵਿੱਚੋਂ 156 ਆਂਗਣਵਾੜੀ ਸੈਂਟਰਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ ਅਤੇ ਇਨਾਂ ਦਾ ਜਲਦੀ ਹੀ ਕੰਮ ਸ਼ੁਰੂ ਕੀਤਾ ਜਾਵੇਗਾ।

ਮੰਤਰੀ ਨੇ ਦੱਸਿਆ ਕਿ ਨਵੇਂ ਕੇਂਦਰਾਂ ਦੀ ਉਸਾਰੀ ਕਰਨ ਤੋਂ ਇਲਾਵਾ ਪੰਜਾਬ ਸਰਕਾਰ ਸੂਬੇ ਭਰ ਵਿੱਚ ਮੌਜੂਦਾ 350 ਆਂਗਣਵਾੜੀ ਕੇਂਦਰਾਂ ਨੂੰ ਅਪਗ੍ਰੇਡ ਕਰ ਰਹੀ ਹੈ। ਇਹਨਾਂ ਲਈ ਸਰਕਾਰ ਵੱਲੋਂ 7 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਅੱਪਗਰੇਡ ਕੀਤੇ ਗਏ ਕੇਂਦਰਾਂ ਵਿੱਚ ਲਾਭਪਾਤਰੀਆਂ ਲਈ ਬਿਹਤਰ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਬਿਹਤਰ ਸੁਵਿਧਾਵਾਂ ਸ਼ਾਮਲ ਕੀਤੀਆਂ ਜਾਣਗੀਆਂ। ਪੰਜਾਬ ਸਰਕਾਰ ਦਾ ਟੀਚਾ ਜਲਦ ਹੀ ਸਾਰੇ ਅਪਗ੍ਰੇਡ ਆਂਗਣਵਾੜੀ ਸੈਟਰਾਂ ਨੂੰ ਪੂਰਾ ਕਰਨ ਦਾ ਹੈ, ਜੋ ਕਿ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ ਆਪਣੀ ਵਚਨਬੱਧਤਾ ਦਰਸਾਉਂਦਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਵਿੱਚ 2162 ਨਵੇਂ ਟਾਇਲਟਾਂ ਦਾ ਨਿਰਮਾਣ ਕੀਤਾ ਜਾਵੇਗਾ। ਇਸ ਲਈ ਸਰਕਾਰ ਵੱਲੋ 7.78 ਕਰੋੜ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਹੈ। ਇਸੇ ਤਰ੍ਹਾਂ ਹੀ 353 ਆਂਗਣਵਾੜੀ ਸੈਂਟਰਾਂ ਵਿੱਚ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ 35.30 ਲੱਖ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਹੈ।

# ਬਲੂਫਿਨ ਟੂਨਾ ਮੱਛੀ 11 ਕਰੋੜ ਰੁਪਏ ਵਿੱਚ ਨਿਲਾਮ

## ਮੋਟਰਸਾਈਕਲ ਦੇ ਬਰਾਬਰ ਦਾ ਆਕਾਰ; ਭਾਰ 276 ਕਿਲੋਗ੍ਰਾਮ



ਟੋਕੀਓ: ਜਾਪਾਨ ਦੇ ਵੱਕਾਰੀ ਮੱਛੀ ਬਾਜ਼ਾਰ 'ਚ ਨਵੇਂ ਸਾਲ ਦੀ ਨਿਲਾਮੀ ਦੌਰਾਨ ਇਕ ਬਲੂਫਿਨ ਟੂਨਾ ਨੇ ਵਿਕਰੀ ਦਾ ਰਿਕਾਰਡ ਤੋੜ ਦਿੱਤਾ ਹੈ। ਇਹ ਮੱਛੀ 1.3 ਮਿਲੀਅਨ ਡਾਲਰ (ਕਰੀਬ 11.14 ਕਰੋੜ ਰੁਪਏ) ਵਿੱਚ ਵਿਕ ਗਈ, ਜੋ ਹੁਣ ਤੱਕ ਦੀ ਦੂਜੀ ਸਭ ਤੋਂ ਉੱਚੀ ਕੀਮਤ ਹੈ। ਮਿਸ਼ੇਲਿਨ-ਸਟਾਰਡ ਸੁਸ਼ੀ ਰੈਸਟੋਰੈਂਟ ਓਨੋਡੇਰਾ ਗਰੁੱਪ ਨੇ ਰਿਕਾਰਡ ਤੋੜ ਬੋਲੀ ਵਿੱਚ 276 ਕਿਲੋਗ੍ਰਾਮ ਟੂਨਾ ਖਰੀਦਿਆ। ਜਾਪਾਨੀ ਸਮਾਚਾਰ ਏਜੰਸੀ ਕਯੋਡੋ ਮੁਤਾਬਕ ਇਸ ਬਾਜ਼ਾਰ ਨੂੰ ਦੁਨੀਆ ਦਾ ਸਭ ਤੋਂ ਵੱਡਾ ਮੱਛੀ ਬਾਜ਼ਾਰ ਮੰਨਿਆ ਜਾਂਦਾ ਹੈ। 1999 ਵਿੱਚ ਡੇਟਾ ਇਕੱਤਰ ਕੀਤੇ ਜਾਣ ਤੋਂ ਬਾਅਦ ਇਹ ਦੂਜੀ ਸਭ ਤੋਂ ਉੱਚੀ ਬੋਲੀ ਹੈ। 2019 ਵਿੱਚ, ਇੱਕ 278 ਕਿਲੋ ਟੂਨਾ 3.1 ਮਿਲੀਅਨ ਡਾਲਰ (ਲਗਭਗ 26.56 ਕਰੋੜ ਰੁਪਏ) ਵਿੱਚ ਵੇਚਿਆ ਗਿਆ ਸੀ, ਜੋ ਕਿ ਹੁਣ ਤੱਕ ਦਾ ਇੱਕ ਰਿਕਾਰਡ ਹੈ। ਹਰ ਰੋਜ਼ ਸਵੇਰੇ ਦੇਸ਼ ਭਰ ਤੋਂ ਵਿਕਰੇਤਾ ਆਪਣੀ ਮੱਛੀ ਨਿਲਾਮੀ ਲਈ ਇਸ ਮੰਡੀ ਵਿੱਚ ਲੈ ਕੇ ਆਉਂਦੇ ਹਨ ਪਰ ਨਵੇਂ ਸਾਲ ਦੀ ਨਿਲਾਮੀ ਦਾ ਖਾਸ ਮਹੱਤਵ ਹੈ। ਬੋਲੀਕਾਰ ਸਾਲ ਦਾ ਪਹਿਲਾ ਲਾਟ ਖਰੀਦਣਾ ਸਨਮਾਨ ਸਮਝਦੇ ਹਨ। "ਸਾਲ ਦਾ ਪਹਿਲਾ ਟੂਨਾ ਚੰਗੀ ਕਿਸਮਤ ਲਿਆਉਂਦਾ ਹੈ," ਓਨੋਡੇਰਾ ਗਰੁੱਪ ਦੇ ਪ੍ਰਧਾਨ ਸ਼ਿੰਜੀ ਨਾਗਾਓ ਨੇ ਇੱਕ ਬਿਆਨ ਵਿੱਚ ਕਿਹਾ। "ਅਸੀਂ ਚਾਹੁੰਦੇ ਹਾਂ ਕਿ ਲੋਕ ਆਪਣੇ ਭੋਜਨ ਨਾਲ ਮੁਸਕਰਾਉਣ।" ਇਹ ਲਗਾਤਾਰ ਪੰਜਵਾਂ ਸਾਲ ਹੈ ਜਦੋਂ ਓਨੋਡੇਰਾ ਗਰੁੱਪ ਨੇ ਸਭ ਤੋਂ ਵੱਧ ਬੋਲੀ ਲਗਾਈ ਹੈ। ਪਿਛਲੇ ਸਾਲ ਉਸਨੇ 720,000 ਡਾਲਰ (ਲਗਭਗ 6.17 ਕਰੋੜ ਰੁਪਏ) ਵਿੱਚ ਇੱਕ ਬਲੂਫਿਨ ਟੂਨਾ ਖਰੀਦਿਆ ਸੀ। ਕਿਓਡੋ ਦੇ ਅਨੁਸਾਰ, ਇਸ ਵਾਰ ਦਾ ਟੂਨਾ ਜਾਪਾਨ ਦੇ ਉੱਤਰ-ਪੂਰਬੀ ਅਓਮੋਰੀ ਪ੍ਰੀਫੈਕਚਰ ਦੇ ਓਮਾ ਤੱਟ ਤੋਂ ਫੜਿਆ ਗਿਆ ਸੀ। ਇਹ ਮੱਛੀ 73 ਸਾਲਾ ਮਾਸਾਹਿਰੋ ਟੇਕੁਚੀ ਨੇ ਫੜੀ ਸੀ। ਜਾਪਾਨੀ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਨੇ ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਉਹ ਇਸ 'ਤੇ ਵਿਸ਼ਵਾਸ ਨਹੀਂ ਕਰ ਸਕਦੇ ਹਨ। ਜਾਪਾਨ ਦੇ ਸਰਕਾਰੀ ਟੀਵੀ ਂ੍ਹਖ ਦੇ ਅਨੁਸਾਰ, ਟੇਕੁਚੀ ਨੇ ਕਿਹਾ, "ਮੈਂ ਹਮੇਸ਼ਾ ਸੋਚਦਾ ਹਾਂ ਕਿ ਮੈਂ ਕਿੰਨੀ ਦੇਰ ਤੱਕ ਇਸ ਤਰ੍ਹਾਂ ਮੱਛੀਆਂ ਫੜ ਸਕਾਂਗਾ।" ਇਹ ਮੱਛੀ ਬਾਜ਼ਾਰ ਪਹਿਲੀ ਵਾਰ 1935 ਵਿੱਚ ਸੁਕੀਜੀ, ਟੋਕੀਓ ਵਿੱਚ ਖੋਲ੍ਹਿਆ ਗਿਆ ਸੀ ਅਤੇ ਟੋਕੀਓ ਦੇ ਸਭ ਤੋਂ ਪ੍ਰਸਿੱਧ ਸੈਰ-ਸਪਾਟਾ ਸਥਾਨਾਂ ਵਿੱਚੋਂ ਇੱਕ ਸੀ। ਬਾਅਦ ਵਿੱਚ 2019 ਵਿੱਚ ਇਸਨੂੰ ਨੇੜੇ ਦੇ ਇੱਕ ਨਕਲੀ ਟਾਪੂ ਟੋਯੋਸੂ ਵਿੱਚ ਤਬਦੀਲ ਕਰ ਦਿੱਤਾ ਗਿਆ। ਬਲੂਫਿਨ ਟੂਨਾ ਟੂਨਾ ਮੱਛੀ ਦੀ ਸਭ ਤੋਂ ਵੱਡੀ ਪ੍ਰਜਾਤੀ ਹੈ ਅਤੇ 40 ਸਾਲ ਤੱਕ ਜੀ ਸਕਦੀ ਹੈ। ਵਿਸ਼ਵ ਜੰਗਲੀ ਜੀਵ ਫੰਡ (ਡਬਲਯੂਡਬਲਯੂਐਫ) ਦੇ ਅਨੁਸਾਰ, ਇਹ ਪ੍ਰਜਾਤੀ ਖ਼ਤਰੇ ਵਿੱਚ ਹੈ। ਇਹ ਸਾਰੇ ਸਮੁੰਦਰਾਂ ਵਿੱਚ ਪਰਵਾਸ ਕਰਦਾ ਹੈ ਅਤੇ ਇਸਦਾ ਭਾਰ 680 ਕਿਲੋਗ੍ਰਾਮ ਤੱਕ ਹੋ ਸਕਦਾ ਹੈ ਅਤੇ 10 ਫੁੱਟ ਲੰਬਾ ਹੋ ਸਕਦਾ ਹੈ। ਬਹੁਤ ਜ਼ਿਆਦਾ ਮੱਛੀਆਂ ਫੜਨ ਕਾਰਨ ਹਾਲ ਹੀ ਦੇ ਸਾਲਾਂ ਵਿੱਚ ਇਨ੍ਹਾਂ ਦੀ ਆਬਾਦੀ ਵਿੱਚ ਕਮੀ ਆਈ ਹੈ।

# ਅਦਾਕਾਰਾ ਪੂਨਮ ਢਿੱਲੋਂ ਦੇ ਘਰ ਚੋਰੀ, ਪੇਂਟਰ ਗ੍ਰਿਫ਼ਤਾਰ



ਮੁੰਬਈ: ਬਾਲੀਵੁੱਡ ਅਦਾਕਾਰਾ ਪੂਨਮ ਢਿੱਲੋਂ ਦੇ ਘਰੋਂ 1 ਲੱਖ ਰੁਪਏ ਦੀ ਕੀਮਤ ਵਾਲੀ ਹੀਰੇ ਦੀ ਕੰਨਾਂ ਦੀ ਵਾਲੀ, 35000 ਰੁਪਏ ਨਕਦ ਅਤੇ 500 ਅਮਰੀਕੀ ਡਾਲਰ ਚੋਰੀ ਕਰਨ ਦੇ ਮਾਮਲੇ ਵਿੱਚ ਇੱਕ 37 ਸਾਲਾ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਜਾਣਕਾਰੀ ਬੁੱਧਵਾਰ ਨੂੰ ਪੁਲੀਸ ਨੇ ਦਿੱਤੀ ਹੈ। ਇੱਕ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮ ਸਮੀਰ ਅੰਸਾਰੀ ਨੂੰ 28 ਦਸੰਬਰ ਤੋਂ 5 ਜਨਵਰੀ ਦੇ ਵਿਚਕਾਰ ਖਾਰ ਖੇਤਰ ਵਿੱਚ ਢਿੱਲੋਂ ਦੇ ਫਲੈਟ ਦਾ ਰੰਗ-ਰੋਗ਼ਨ ਕਰਨ ਲਈ ਰੱਖਿਆ ਗਿਆ ਸੀ, ਜਿਸ ਦੌਰਾਨ ਉਸ ਨੇ ਇਕ ਖੁੱਲ੍ਹੀ ਅਲਮਾਰੀ ਦੇਖ ਕੇ ਇਸ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਅੰਸਾਰੀ ਨੂੰ ਸੋਮਵਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਅਧਿਕਾਰੀ ਨੇ ਕਿਹਾ ਕਿ ਉਸ ਨੇ ਫਲੈਟ ਨੂੰ ਪੇਂਟ ਕਰਨ ਵਾਲੀ ਟੀਮ ਵਿਚ ਸ਼ਾਮਲ ਆਪਣੇ ਹੋਰ ਸਾਥੀਆਂ ਨੂੰ ਪਾਰਟੀ ਦੇਣ ਲਈ 9,000 ਰੁਪਏ ਖਰਚ ਕੀਤੇ, ਪਰ ਪੁਲੀਸ ਨੇ ਉਸ ਕੋਲੋਂ 25,000 ਰੁਪਏ ਨਕਦ, 500 ਅਮਰੀਕੀ ਡਾਲਰ ਅਤੇ ਹੀਰੇ ਦੀ ਕੰਨਾਂ ਦੀ ਵਾਲੀ ਬਰਾਮਦ ਕਰਨ ਵਿੱਚ ਕਾਮਯਾਬੀ ਹਾਸਲ ਕਰ ਲਈ। ਚੋਰੀ ਦਾ ਖੁਲਾਸਾ ਉਦੋਂ ਹੋਇਆ ਜਦੋਂ ਢਿੱਲੋਂ ਦਾ ਪੁੱਤਰ ਅਨਮੋਲ 5 ਜਨਵਰੀ ਨੂੰ ਦੁਬਈ ਤੋਂ ਵਾਪਸ ਘਰ ਆਇਆ, ਜਿਸ ਤੋਂ ਬਾਅਦ ਉਸ ਦੇ ਮੈਨੇਜਰ ਸੰਦੇਸ਼ ਚੌਧਰੀ ਨੇ ਪੁਲੀਸ ਕੋਲ ਸ਼ਿਕਾਇਤ ਦਰਜ ਕਰਵਾਈ। ਫ਼ਿਲਮ 'ਨੂਰੀ' ਲਈ ਨਾਮ ਕਮਾਉਣ ਵਾਲੀ ਅਦਾਕਾਰਾ ਪੂਨਮ ਢਿੱਲੋਂ ਉਂਝ ਜ਼ਿਆਦਾਤਰ ਆਪਣੇ ਜੂਹੂ ਵਾਲੇ ਘਰ ਵਿੱਚ ਰਹਿੰਦੀ ਹੈ। ਉਸ ਦਾ ਪੁੱਤਰ ਕਈ ਵਾਰ ਖਾਰ ਸਥਿਤ ਇਸ ਫਲੈਟ ਵਿੱਚ ਰਹਿੰਦਾ ਹੈ। ਅਧਿਕਾਰੀ ਨੇ ਦੱਸਿਆ ਕਿ ਅੰਸਾਰੀ ਨੂੰ ਭਾਰਤੀ ਨਿਆਏ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# MSP ਪੇਮੈਂਟ ਫਰੌਡ: ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਿਵੀਜ਼ਨ ਵੱਲੋਂ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਦੇ ਦੋਸ਼ ਹੇਠ ਚਾਰ ਵਿਅਕਤੀ ਗ੍ਰਿਫਤਾਰ




ਚੰਡੀਗੜ੍ਹ: ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਈਬਰ ਕ੍ਰਾਈਮ ਵਿਰੁੱਧ ਜਾਰੀ ਜੰਗ ਦੌਰਾਨ, ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਕਰਨ ਵਾਲੇ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਭੁਗਤਾਨ ਸਬੰਧੀ ਧੋਖਾਧੜੀ ਦਾ ਪਰਦਾਫਾਸ਼ ਕੀਤਾ ਹੈ। ਦੱਸਣਯੋਗ ਹੈ ਕਿ ਉਕਤ ਮੁਲਜ਼ਮ ਕਿਸਾਨਾਂ ਨੂੰ ਕੀਤੀ ਗਈ ਫ਼ਸਲ ਦੀ ਅਦਾਇਗੀ ਨੂੰ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰਨ ਦੇ ਅਪਰਾਧ ਵਿੱਚ ਸ਼ਾਮਲ ਸਨ। ਇਹ ਜਾਣਕਾਰੀ ਅੱਜ ਇੱਥੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਸਾਈਬਰ ਕ੍ਰਾਈਮ ਡਿਵੀਜ਼ਨ ਵੀ. ਨੀਰਜਾ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਨੀਸ਼, ਜਸਵੀਰ ਸਿੰਘ, ਅੰਗਰੇਜ ਸਿੰਘ ਅਤੇ ਬਲਵਿੰਦਰ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਧੋਖਾਧੜੀ ਕਰਨ ਲਈ ਵਰਤੇ ਗਏ ਡਿਜੀਟਲ ਉਪਕਰਨ ਅਤੇ ਰਾਊਟਰ ਵੀ ਬਰਾਮਦ ਕਰ ਲਏ ਹਨ।ਏਡੀਜੀਪੀ ਵੀ ਨੀਰਜਾ ਨੇ ਦੱਸਿਆ ਕਿ ਉਕਤ ਮੁਲਜ਼ਮ ਅਤਿ-ਆਧੁਨਿਕ ਢੰਗ ਤਰੀਕਿਆਂ ਦੀ ਮਦਦ ਨਾਲ ਕਿਸਾਨਾਂ ਦੇ ਮੋਬਾਈਲ ਨੰਬਰਾਂ ਨੂੰ ਆਪਣੇ ਮੋਬਾਈਲ ਨੰਬਰਾਂ ਨਾਲ ਬਦਲ ਕੇ ਕਿਸਾਨਾਂ ਦੇ ਖਾਤਿਆਂ ਵਿੱਚ ਆਉਣ ਵਾਲੀ ਫ਼ਸਲ ਦੀ ਅਦਾਇਗੀ ਨੂੰ ਧੋਖੇ ਨਾਲ ਆਪਣੇ ਖਾਤਿਆਂ ਵਿੱਚ ਟਰਾਂਸਫ਼ਰ ਕਰਦੇ ਸਨ ਅਤੇ ਫਿਰ ਕੰਮ ਹੋਣ ਉਪਰੰਤ ਕਿਸਾਨਾਂ ਦੇ ਬੈਂਕ ਖਾਤੇ ਦੀ ਜਾਣਕਾਰੀ ਨੂੰ ਅਪਡੇਟ ਕਰ ਦਿੰਦੇ ਸਨ।ਉਨ੍ਹਾਂ ਅੱਗੇ ਦੱਸਿਆ ਕਿ ਆਪਣੇ ਇਸ ਅਪਰਾਧ ਦਾ ਪਰਦਾਫਾਸ਼ ਹੋਣ ਤੋਂ ਬਚਣ ਲਈ ਉਕਤ ਮੁਲਜ਼ਮ ਭੁਗਤਾਨ ਦੀ ਪ੍ਰਕਿਰਿਆ ਤੋਂ ਤੁਰੰਤ ਬਾਅਦ ਖਾਤੇ ਦੇ ਅਸਲ ਵੇਰਵੇ ਬਹਾਲ ਕਰ ਦਿੰਦੇ ਸਨ। ਉਨ੍ਹਾਂ ਦੱਸਿਆ ਕਿ ਘੁਟਾਲੇ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਨੂੰ ਫੜਨ ਲਈ ਸੂਬਾ ਪੱਧਰੀ ਕਾਰਵਾਈ ਕੀਤੀ ਜਾ ਰਹੀ ਹੈ।ਜਾਣਕਾਰੀ ਅਨੁਸਾਰ ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਪੰਜਾਬ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਜਿਸ ਵਿੱਚ ਇਹ ਸਾਹਮਣੇ ਆਇਆ ਕਿ ਕੁਝ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ, 2024 ਦੌਰਾਨ ਆਪਣੀਆਂ ਫਸਲਾਂ ਦੀ ਅਦਾਇਗੀ ਪ੍ਰਾਪਤ ਨਹੀਂ ਹੋਈ। ਇਸ ਮਾਮਲੇ ਦੀ ਜਾਂਚ ਤੋਂ ਪਤਾ ਲੱਗਾ ਕਿ ਇਨ੍ਹਾਂ ਕਿਸਾਨਾਂ ਨੂੰ ਕੀਤੀ ਗਈ ਅਦਾਇਗੀ ਵੱਖ-ਵੱਖ ਵਿਅਕਤੀਆਂ ਦੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਈ ਹੈ।ਏਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਦੌਰਾਨ ਆਈਪੀ ਰਿਕਾਰਡ ਅਤੇ ਹੋਰ ਡੇਟਾ ਅਤੇ ਬੈਂਕ ਖਾਤਿਆਂ ਸਬੰਧੀ ਜਾਣਕਾਰੀ ਨੂੰ ਖੰਗਾਲਿਆ ਗਿਆ, ਜਿਸ ਵਿੱਚ ਅਨਾਜ ਖਰੀਦ ਪੋਰਟਲ ਤੱਕ ਅਣਅਧਿਕਾਰਤ ਪਹੁੰਚ ਅਤੇ ਧੋਖਾਧੜੀ ਨਾਲ ਵੱਖ-ਵੱਖ ਖਾਤਿਆਂ ਵਿੱਚ ਫ਼ਸਲਾਂ ਦੀ ਅਦਾਇਗੀ ਟਰਾਂਸਫਰ ਕੀਤੇ ਜਾਣ ਬਾਰੇ ਖੁਲਾਸਾ ਹੋਇਆ।

ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਜ਼ਿਲ੍ਹਾ ਐਸਏਐਸ ਨਗਰ ਤੋਂ ਫਰਜ਼ੀ ਪਛਾਣ 'ਤੇ ਇੱਕ ਮੋਬਾਈਲ ਨੰਬਰ ਅਤੇ ਇੱਕ ਮੋਬਾਈਲ ਉਪਕਰਨ ਖਰੀਦਿਆ ਗਿਆ ਸੀ, ਜਿਸਦੀ ਵਰਤੋਂ ਅਨਾਜ ਖਰੀਦ ਪੋਰਟਲ 'ਤੇ ਕਿਸਾਨਾਂ ਦੇ ਬੈਂਕ ਖਾਤਿਆਂ ਨਾਲ ਛੇੜਛਾੜ ਕਰਨ ਵਾਸਤੇ ਓਟੀਪੀ ਪ੍ਰਾਪਤ ਕਰਨ ਲਈ ਕੀਤੀ ਗਈ ਸੀ ਅਤੇ ਇਹ ਗਿਰੋਹ ਸ੍ਰੀ ਮੁਕਤਸਰ ਸਾਹਿਬ ਦੇ ਦੂਰ-ਦੁਰਾਡੇ ਇਲਾਕਿਆਂ ਤੋਂ ਆਪਣਾ ਕੰਮ ਚਲਾ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਪੋਰਟਲ ਤੱਕ ਅਣਅਧਿਕਾਰਤ ਪਹੁੰਚ ਕਰਨ ਅਤੇ ਕਿਸਾਨਾਂ ਦੇ ਬੈਂਕ ਰਿਕਾਰਡ ਨੂੰ ਬਦਲਣ ਦੇ ਉਦੇਸ਼ ਨਾਲ ਮੁਲਜ਼ਮਾਂ ਨੇ ਇੰਟਰਨੈਟ ਕਨੈਕਸ਼ਨ ਵੀ ਲਿਆ ਹੋਇਆ ਸੀ।

ਏਡੀਜੀਪੀ ਵੀ ਨੀਰਜਾ ਨੇ ਕਿਹਾ ਕਿ ਇੰਸਪੈਕਟਰ ਜੁਝਾਰ ਸਿੰਘ, ਇੰਸਪੈਕਟਰ ਦੀਪਕ ਭਾਟੀਆ ਅਤੇ ਐਸਆਈ ਰਣਜੀਤ ਦੀ ਅਗਵਾਈ ਵਾਲੀਆਂ ਸਾਈਬਰ ਕ੍ਰਾਈਮ ਡਿਵੀਜ਼ਨ ਦੀਆਂ ਤਿੰਨ ਟੀਮਾਂ ਨੇ ਮੁਲਜ਼ਮਾਂ ਦਾ ਪਤਾ ਲਗਾਉਣ ਲਈ ਵੱਖ-ਵੱਖ ਓਐਸਆਈਐਨਟੀ ਤਕਨੀਕਾਂ ਦੀ ਵਰਤੋਂ ਕੀਤੀ, ਜਿਸ ਦੇ ਆਧਾਰ 'ਤੇ ਜ਼ਿਲ੍ਹਾ ਮੋਗਾ ਅਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਖੇਤਰਾਂ ਤੋਂ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਉਨ੍ਹਾਂ ਕਿਹਾ ਕਿ ਹੋਰਨਾਂ ਵਿਅਕਤੀਆਂ ਦੀ ਸ਼ਮੂਲੀਅਤ ਬਾਰੇ ਪਤਾ ਲਗਾਉਣ ਲੱ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਇਸ ਮਾਮਲੇ ਵਿੱਚ ਮੰਡੀ ਬੋਰਡ ਜਾਂ ਖੁਰਾਕ ਸਪਲਾਈ ਵਿਭਾਗ ਦੇ ਕਿਸੇ ਵੀ ਮੁਲਾਜ਼ਮ ਅਤੇ ਆੜਤੀਆਂ ਦੀ ਮਿਲੀਭੁਗਤ ਨੂੰ ਰੱਦ ਨਾ ਕਰਦਿਆਂ ਕਿਹਾ ਕਿ ਇਹ ਹੋ ਸਕਦਾ ਹੈ ਕਿ ਮੁਲਾਜ਼ਮਾਂ ਵੱਲੋਂ ਘੁਟਾਲੇ ਦੇ ਮਾਸਟਰਮਾਈਂਡਾਂ ਨਾਲ ਅਨਾਜ ਖਰੀਦ ਪੋਰਟਲ ਬਾਰੇ ਸੰਵੇਦਨਸ਼ੀਲ ਅਤੇ ਤਕਨੀਕੀ ਖਾਮੀਆਂ ਦੀ ਜਾਣਕਾਰੀ ਸਾਂਝੀ ਕੀਤੀ ਗਈ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਇਸ ਸਬੰਧੀ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 318(4), 336(2), 336(3), 338 340(2) ਅਤੇ 61(2) ਅਤੇ ਆਈਟੀ ਐਕਟ ਦੀ ਧਾਰਾ 66ਸੀ ਅਤੇ 66ਡੀ ਤਹਿਤ ਥਾਣਾ ਸਟੇਟ ਸਾਈਬਰ ਕ੍ਰਾਈਮ, ਪੰਜਾਬ ਵਿਖੇ ਐਫਆਈਆਰ ਦਰਜ ਕੀਤੀ ਗਈ ਹੈ।

# ਰਿਸ਼ਤੇਦਾਰ ਦੇ ਫੁੱਲ ਤਾਰਨ ਜਾ ਰਹੇ 2 ਵਿਅਕਤੀਆਂ ਦੀ ਹਾਦਸੇ ਵਿਚ ਮੌਤ



ਫ਼ਤਿਹਗੜ੍ਹ ਸਾਹਿਬ: ਫ਼ਤਿਹਗੜ੍ਹ ਸਾਹਿਬ ਤੋਂ ਦੁਖ਼ਦਾਈ ਖ਼ਬਰ ਸਾਹਮਣੇ ਆਈ ਹੈ। ਇਥੇ ਪਿੰਡ ਜੱਲਾ ਨੇੜੇ ਧੁੰਦ ਕਾਰਨ ਤੇਜ਼ ਰਫ਼ਤਾਰ ਕਾਰ ਦਰੱਖ਼ਤ ਨਾਲ ਟਕਰਾ ਗਈ। ਜਾਣਕਾਰੀ ਅਨੁਸਾਰ ਨਜ਼ਦੀਕੀ ਰਿਸ਼ਤੇਦਾਰ ਦੇ ਕੀਰਤਪੁਰ ਸਾਹਿਬ ਫੁੱਲ ਤਾਰਨ ਜਾ ਰਹੇ ਦੋ ਵਿਅਕਤੀਆਂ ਦੀ ਸੜਕ ਹਾਦਸੇ ਦੌਰਾਨ ਮੌਤ ਹੋ ਗਈ ਜਦੋਂ ਕਿ ਉਨ੍ਹਾਂ ਦੇ ਨਾਲ ਕਾਰ ਵਿਚ ਸਵਾਰ 2 ਵਿਅਕਤੀ ਜ਼ਖ਼ਮੀ ਹੋ ਗਏ। ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਫ਼ਤਿਹਗੜ੍ਹ ਸਾਹਿਬ ਵਿਖੇ ਦਾਖ਼ਲ ਕਰਵਾਇਆ ਗਿਆ ਹੈ।

# ਸਰਹੰਦ ਫ਼ੀਡਰ ਕੈਨਾਲ 32 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ



ਚੰਡੀਗੜ੍ਹ: ਪੰਜਾਬ ਦੇ ਜਲ ਸਰੋਤ ਵਿਭਾਗ ਨੇ ਜ਼ਰੂਰੀ ਕੰਮਾਂ ਦੇ ਮੱਦੇਨਜ਼ਰ ਸਰਹੰਦ ਫ਼ੀਡਰ ਕੈਨਾਲ ਨੂੰ 32 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਮੌਸਮ ਅਤੇ ਫ਼ਸਲਾਂ ਦੀ ਹਾਲਤ ਨੂੰ ਮੁੱਖ ਰੱਖਦਿਆਂ ਸਰਹੰਦ ਫ਼ੀਡਰ ਦੀ ਰੀਲਾਈਨਿੰਗ ਦਾ ਕੰਮ ਕਰਾਉਣ ਲਈ ਕੈਨਾਲ ਨੂੰ 10 ਜਨਵਰੀ ਤੋਂ 10 ਫ਼ਰਵਰੀ, 2025 (ਦੋਵੇਂ ਦਿਨ ਸ਼ਾਮਲ) ਤੱਕ ਬੰਦ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਹੁਕਮ ਨਾਰਦਰਨ ਇੰਡੀਆ ਕੈਨਾਲ ਅਤੇ ਡਰੇਨੇਜ ਐਕਟ, 1873 ਅਧੀਨ ਜਾਰੀ ਰੂਲਾਂ ਦੇ ਰੂਲ 63 ਤਹਿਤ ਜਾਰੀ ਕੀਤੇ ਗਏ ਹਨ।

## ਕੈਨੇਡਾ ਤੇ ਅਮਰੀਕਾ ਦਾ ਰਲੇਵਾਂ ਬੱਚਿਆਂ ਵਾਲੀ ਖੇਡ ਨਹੀਂ: ਟਰੂਡੋ



ਵੈਨਕੂਵਰ: ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਅਸਤੀਫ਼ੇ ਦੇ ਐਲਾਨ ਤੋਂ ਬਾਅਦ ਅਮਰੀਕਾ ਦੇ ਮਨੋਨੀਤ ਰਾਸ਼ਟਰਪਤੀ ਡੋਨਾਲਡ ਟਰੰਪ ਵਲੋਂ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਸੂਬਾ ਬਣਾਉਣ ਦੇ ਬਿਆਨ 'ਤੇ ਟਰੂਡੋ ਨੇ ਤਨਜ਼ ਕੱਸਿਆ ਹੈ। ਟਰੂਡੋ ਨੇ ਕਿਹਾ ਕਿ ਕਿਸੇ ਪ੍ਰਭੂਸੱਤਾ ਸੰਪੂਰਨ ਮੁਲਕ ਦਾ ਦੂਜੇ ਦੇਸ਼ ਵਿੱਚ ਰਲੇਵਾਂ ਕੋਈ ਬੱਚਿਆਂ ਵਾਲੀ ਖੇਡ ਨਹੀਂ ਹੈ। ਟਰੂਡੋ ਨੇ ਆਪਣੇ 'ਐਕਸ' ਖਾਤੇ 'ਤੇ ਪਾਈ ਪੋਸਟ ਵਿੱਚ ਲਿਖਿਆ ਕਿ ਦੋਵਾਂ ਦੇਸ਼ਾਂ ਭਾਵ ਅਮਰੀਕਾ ਤੇ ਕੈਨੇਡਾ ਵਿੱਚ ਕਾਮਿਆਂ ਅਤੇ ਭਾਈਚਾਰਿਆਂ ਨੂੰ ਇੱਕ ਦੂਜੇ ਦੇ ਸਭ ਤੋਂ ਵੱਡੇ ਵਪਾਰਕ ਅਤੇ ਸੁਰੱਖਿਆ ਦੇ ਤਕੜੇ ਭਾਈਵਾਲ ਹੋਣ ਦਾ ਦੁਵੱਲਾ ਫਾਇਦਾ ਮਿਲਦਾ ਹੈ। ਉੱਧਰ ਜਦ ਟਰੰਪ ਤੋਂ ਪੁੱਛਿਆ ਗਿਆ ਕੀ ਉਹ ਕੈਨੇਡਾ ਨੂੰ ਆਪਣਾ ਸੂਬਾ ਬਣਾਉਣ ਲਈ ਫੌਜੀ ਤਾਕਤ ਦੀ ਵਰਤੋਂ ਕਰਨਗੇ, ਤਾਂ ਟਰੰਪ ਨੇ ਸਰਹੱਦ ਨੂੰ ਆਰਜ਼ੀ ਤੌਰ 'ਤੇ ਖਿੱਚੀ ਲਕੀਰ ਗਰਦਾਨਦੇ ਹੋਏ ਕਿਹਾ ਕਿ ਇਸ ਨੂੰ ਹਟਾ ਦੇਣਾ ਕੌਮੀ ਸਲਾਮਤੀ ਪੱਖੋਂ ਵੀ ਚੰਗਾ ਸਾਬਤ ਹੋਏਗਾ। ਟਰੰਪ ਨੇ ਆਪਣੀ ਗੱਲ ਸਾਫ਼ ਕਰਦਿਆਂ ਕਿਹਾ ਸੀ ਕਿ ਬੇਸ਼ੱਕ ਅਮਰੀਕਾ ਕੋਲ ਕੈਨੇਡਾ ਨੂੰ ਮਿਲਾਉਣ ਦੇ ਦਾਅਵੇ ਦਾ ਕੋਈ ਹੱਕ ਨਹੀਂ, ਪਰ ਅਮਰੀਕਾ ਹਰ ਸਾਲ ਗਵਾਂਢੀ ਦੇਸ਼ ਵਜੋਂ ਕੈਨੇਡਾ ਦੀ ਸੁਰੱਖਿਆ ਅਤੇ ਸੰਭਾਲ ਵਾਸਤੇ ਸੈਂਕੜੇ ਅਰਬ ਡਾਲਰ ਦਾ ਖਰਚਾ (ਸਬਸਿਡੀ) ਕਰਦਾ ਹੈ। ਉਨ੍ਹਾਂ ਕਿਹਾ ਕਿ ਕੈਨੇਡਿਆਈ ਲੋਕਾਂ ਨੂੰ ਸੋਚਣ ਦੀ ਲੋੜ ਹੈ ਕਿ ਜੇ ਉਨ੍ਹਾਂ ਨੂੰ ਗੁਆਂਢੀ ਦੇਸ਼ ਤੋਂ ਇੰਨਾ ਜ਼ਿਆਦਾ ਸਮਰਥਨ ਮਿਲਦਾ ਹੈ ਤਾਂ ਕਿਉਂ ਨਾ ਉਹ ਇਸ ਦਾ ਹਿੱਸਾ ਬਣ ਜਾਣ।

ਟਰੰਪ ਦੇ ਇਕ ਹੋਰ ਬਿਆਨ 'ਤੇ ਟਿੱਪਣੀ ਕਰਦੇ ਹੋਏ ਕੈਨੇਡਾ ਦੀ ਵਿਦੇਸ਼ ਮੰਤਰੀ ਮੈਲਾਨੀ ਜੌਲੀ ਨੇ ਕਿਹਾ ਹੈ ਕਿ ਕੈਨੇਡਾ ਦੀ ਆਰਥਿਕਤਾ ਮਜ਼ਬੂਤ ਹੈ, ਦੇਸ਼ ਵਾਸੀ ਤਾਕਤਵਰ ਹਨ ਜੋ ਕਿਸੇ ਵੀ ਤਰ੍ਹਾਂ ਦੀਆਂ ਧਮਕੀਆਂ ਤੋਂ ਡਰ ਕੇ ਪਿੱਛੇ ਮੁੜਨ ਵਾਲੇ ਨਹੀਂ ਹਨ।

## ਡਾਲਰ ਦੇ ਮੁਕਾਬਲੇ ਰੁਪਿਆ ਹੁਣ ਤਕ ਦੇ ਸੱਭ ਤੋਂ ਹੇਠਲੇ ਪੱਧਰ 'ਤੇ ਪੁੱਜਾ



ਮੁੰਬਈ: ਡਾਲਰ ਦੇ ਮੁਕਾਬਲੇ ਰੁਪਿਆ ਬੁਧਵਾਰ ਨੂੰ ਲਗਾਤਾਰ ਦੂਜੇ ਕਾਰੋਬਾਰੀ ਸੈਸ਼ਨ 'ਚ ਡਿੱਗ ਕੇ 85.87 ਦੇ ਸੱਭ ਤੋਂ ਹੇਠਲੇ ਪੱਧਰ 'ਤੇ ਬੰਦ ਹੋਇਆ। ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਅਮਰੀਕੀ ਮੁਦਰਾ ਦੀ ਮਜ਼ਬੂਤੀ ਦੇ ਵਿਚਕਾਰ ਰੁਪਏ 'ਚ ਗਿਰਾਵਟ ਆਈ। ਵਿਦੇਸ਼ੀ ਮੁਦਰਾ ਵਿਸ਼ਲੇਸ਼ਕਾਂ ਨੇ ਕਿਹਾ ਕਿ ਘਰੇਲੂ ਸ਼ੇਅਰ ਬਾਜ਼ਾਰਾਂ 'ਚ ਕਮਜ਼ੋਰ ਧਾਰਨਾ ਅਤੇ ਵਿਦੇਸ਼ੀ ਫੰਡਾਂ ਦੀ ਨਿਰੰਤਰ ਨਿਕਾਸੀ ਨੇ ਵੀ ਖੇਡ ਨੂੰ ਵਿਗਾੜ ਦਿਤਾ, ਜਦਕਿ ਨਿਵੇਸ਼ਕ ਸਰਕਾਰ ਦੇ ਘੱਟ ਵਿਕਾਸ ਅਨੁਮਾਨ ਨੂੰ ਲੈ ਕੇ ਸਾਵਧਾਨ ਰਹੇ। ਫੈਡਰਲ ਰਿਜ਼ਰਵ ਵਲੋਂ ਵਿਆਜ ਦਰਾਂ 'ਚ ਕਟੌਤੀ 'ਚ ਦੇਰੀ ਦੀ ਸੰਭਾਵਨਾ ਦੇ ਵਿਚਕਾਰ 10 ਸਾਲ ਦੇ ਅਮਰੀਕੀ ਬਾਂਡ 'ਤੇ ਯੀਲਡ ਵੀ 4.67 ਫ਼ੀ ਸਦੀ 'ਤੇ ਰਿਹਾ। ਗਲੋਬਲ ਤੇਲ ਬੈਂਚਮਾਰਕ ਬ੍ਰੈਂਟ ਕਰੂਡ ਫਿਊਚਰਜ਼ 0.90 ਫ਼ੀ ਸਦੀ ਦੀ ਤੇਜ਼ੀ ਨਾਲ 77.74 ਡਾਲਰ ਪ੍ਰਤੀ ਬੈਰਲ 'ਤੇ ਪਹੁੰਚ ਗਿਆ। ਬੰਬਈ ਸ਼ੇਅਰ ਬਾਜ਼ਾਰ ਦਾ 30 ਸ਼ੇਅਰਾਂ ਵਾਲਾ ਸੈਂਸੈਕਸ 50.62 ਅੰਕ ਡਿੱਗ ਕੇ 78,148.49 ਅੰਕ 'ਤੇ ਬੰਦ ਹੋਇਆ। ਨੈਸ਼ਨਲ ਸਟਾਕ ਐਕਸਚੇਂਜ ਦਾ ਨਿਫਟੀ 18.95 ਅੰਕ ਡਿੱਗ ਕੇ 23,688.95 ਅੰਕ 'ਤੇ ਬੰਦ ਹੋਇਆ। ਅੰਕੜਿਆਂ ਮੁਤਾਬਕ ਵਿਦੇਸ਼ੀ ਸੰਸਥਾਗਤ ਨਿਵੇਸ਼ਕ (ਐੱਫ.ਆਈ.ਆਈ.) ਪੂੰਜੀ ਬਾਜ਼ਾਰ 'ਚ ਸ਼ੁੱਧ ਵਿਕਰੇਤਾ ਰਹੇ। ਉਨ੍ਹਾਂ ਨੇ ਮੰਗਲਵਾਰ ਨੂੰ 1,491.46 ਕਰੋੜ ਰੁਪਏ ਦੇ ਸ਼ੇਅਰ ਵੇਚੇ।

## ਸੋਨੇ ਦੀ ਕੀਮਤ 80,000 ਰੁਪਏ ਪ੍ਰਤੀ ਤੋਲਾ ਤੋਂ ਟੱਪੀ, ਚਾਂਦੀ 'ਚ 500 ਰੁਪਏ ਦੀ ਤੇਜ਼ੀ



ਨਵੀਂ ਦਿੱਲੀ: ਗਹਿਣਿਆਂ ਅਤੇ ਸਟਾਕਿਸਟਾਂ ਦੀ ਖਰੀਦਦਾਰੀ ਵਧਣ ਨਾਲ ਬੁਧਵਾਰ ਨੂੰ ਦਿੱਲੀ ਸਰਾਫਾ ਬਾਜ਼ਾਰ 'ਚ ਸੋਨਾ 80,000 ਰੁਪਏ ਪ੍ਰਤੀ 10 ਗ੍ਰਾਮ 'ਤੇ ਪਹੁੰਚ ਗਿਆ। 99.9 ਫ਼ੀ ਸਦੀ ਸ਼ੁੱਧਤਾ ਵਾਲਾ ਸੋਨਾ 300 ਰੁਪਏ ਦੀ ਤੇਜ਼ੀ ਨਾਲ ਲਗਭਗ ਇਕ ਮਹੀਨੇ ਦੇ ਉੱਚੇ ਪੱਧਰ 80,000 ਰੁਪਏ ਪ੍ਰਤੀ 10 ਗ੍ਰਾਮ 'ਤੇ ਪਹੁੰਚ ਗਿਆ। ਪਿਛਲੇ ਸੈਸ਼ਨ 'ਚ ਮੰਗਲਵਾਰ ਨੂੰ ਸੋਨਾ 79,700 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਇਆ ਸੀ। ਬੁਧਵਾਰ ਨੂੰ 99.5 ਫ਼ੀ ਸਦੀ ਸ਼ੁੱਧਤਾ ਵਾਲਾ ਸੋਨਾ 300 ਰੁਪਏ ਦੀ ਤੇਜ਼ੀ ਨਾਲ 79,600 ਰੁਪਏ ਪ੍ਰਤੀ 10 ਗ੍ਰਾਮ 'ਤੇ ਪਹੁੰਚ ਗਿਆ। ਮੰਗਲਵਾਰ ਨੂੰ ਸੋਨਾ 79,300 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਇਆ ਸੀ। ਚਾਂਦੀ ਦੀਆਂ ਕੀਮਤਾਂ 'ਚ ਵੀ ਲਗਾਤਾਰ ਤੀਜੇ ਦਿਨ ਤੇਜ਼ੀ ਜਾਰੀ ਰਹੀ ਅਤੇ ਇਹ 500 ਰੁਪਏ ਦੀ ਤੇਜ਼ੀ ਨਾਲ ਲਗਭਗ ਇਕ ਮਹੀਨੇ ਦੇ ਉੱਚੇ ਪੱਧਰ 92,500 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਪਹੁੰਚ ਗਈ।

ਪਿਛਲੇ ਕਾਰੋਬਾਰੀ ਸੈਸ਼ਨ 'ਚ ਚਾਂਦੀ 92,000 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਬੰਦ ਹੋਈ ਸੀ। ਵਪਾਰੀਆਂ ਨੇ ਸਥਾਨਕ ਬਾਜ਼ਾਰਾਂ 'ਚ ਗਹਿਣਿਆਂ ਅਤੇ ਪ੍ਰਚੂਨ ਵਿਕਰੇਤਾਵਾਂ ਦੀ ਮੰਗ 'ਚ ਵਾਧੇ ਦਾ ਕਾਰਨ ਦਸਿਆ। ਇਸ ਦੌਰਾਨ ਕੌਮਾਂਤਰੀ ਬਾਜ਼ਾਰ 'ਚ ਕਾਮੈਕਸ ਸੋਨਾ ਵਾਇਦਾ 0.09 ਫ਼ੀ ਸਦੀ ਡਿੱਗ ਕੇ 2,663.10 ਡਾਲਰ ਪ੍ਰਤੀ ਔਂਸ 'ਤੇ ਆ ਗਿਆ। ਐਚ.ਡੀ.ਐਫ.ਸੀ. ਸਕਿਓਰਿਟੀਜ਼ ਦੇ ਸੀਨੀਅਰ ਵਿਸ਼ਲੇਸ਼ਕ (ਕਮੋਡਿਟੀਜ਼) ਸੌਮਿਲ ਗਾਂਧੀ ਨੇ ਕਿਹਾ ਕਿ ਸੋਮਵਾਰ ਨੂੰ ਸੋਨੇ ਦੀਆਂ ਕੀਮਤਾਂ ਸਥਿਰ ਰਹੀਆਂ। ਮੰਗਲਵਾਰ ਨੂੰ ਪ੍ਰਕਾਸ਼ਿਤ ਅਧਿਕਾਰਤ ਅੰਕੜਿਆਂ ਦੇ ਆਧਾਰ 'ਤੇ ਦੁਨੀਆਂ ਦੇ ਪ੍ਰਮੁੱਖ ਸੋਨੇ ਦੇ ਖਪਤਕਾਰ ਚੀਨ ਨੇ ਦਸੰਬਰ 'ਚ ਲਗਾਤਾਰ ਦੂਜੇ ਮਹੀਨੇ ਅਪਣੇ ਭੰਡਾਰ 'ਚ ਵਾਧਾ ਕੀਤਾ ਹੈ। ਵਰਲਡ ਗੋਲਡ ਕੌਂਸਲ (ਡਬਲਿਊ.ਜੀ.ਸੀ.) ਨੇ ਸੋਮਵਾਰ ਨੂੰ ਇਕ ਰੀਪੋਰਟ 'ਚ ਕਿਹਾ ਕਿ ਨਵੰਬਰ 2024 'ਚ ਦੁਨੀਆਂ ਭਰ ਦੇ ਕੇਂਦਰੀ ਬੈਂਕਾਂ ਨੇ ਮਿਲ ਕੇ ਅਪਣੇ ਭੰਡਾਰ 'ਚ 53 ਟਨ ਸੋਨਾ ਜੋੜਿਆ, ਜਿਸ 'ਚ ਭਾਰਤੀ ਰਿਜ਼ਰਵ ਬੈਂਕ ਨੇ 8 ਟਨ ਦਾ ਵਾਧਾ ਕੀਤਾ। ਚੀਨ ਵਲੋਂ ਲਗਾਤਾਰ ਦੂਜੇ ਮਹੀਨੇ ਸੋਨੇ ਦੀ ਖਰੀਦ ਨੂੰ ਕੀਮਤੀ ਧਾਤੂ (ਉੱਚ ਕੀਮਤਾਂ ਦੇ ਬਾਵਜੂਦ) ਲਈ ਤੇਜ਼ੀ ਦੇ ਸੰਕੇਤ ਵਜੋਂ ਵੇਖਿਆ ਜਾ ਰਿਹਾ ਹੈ। ਗਾਂਧੀ ਨੇ ਕਿਹਾ ਕਿ ਵਪਾਰੀਆਂ ਦਾ ਮੰਨਣਾ ਹੈ ਕਿ ਡੋਨਾਲਡ ਟਰੰਪ ਦੀ ਵ੍ਹਾਈਟ ਹਾਊਸ ਵਾਪਸੀ ਤੋਂ ਬਾਅਦ ਚੀਨ ਅਪਣੇ ਭੰਡਾਰ ਨੂੰ ਵਿਭਿੰਨ ਬਣਾਉਣ ਲਈ ਸੋਨੇ ਦਾ ਭੰਡਾਰ ਜਾਰੀ ਰੱਖੇਗਾ। ਏਸ਼ੀਆਈ ਬਾਜ਼ਾਰਾਂ 'ਚ ਕਾਮੈਕਸ ਚਾਂਦੀ ਦਾ ਵਾਅਦਾ 30.71 ਡਾਲਰ ਪ੍ਰਤੀ ਔਂਸ 'ਤੇ ਪਹੁੰਚ ਗਿਆ।

## ਕੋਲਾ ਖਾਣ 'ਚ ਫਸੇ 9 ਮਜ਼ਦੂਰਾਂ 'ਚੋਂ ਇਕ ਦੀ ਲਾਸ਼ ਬਰਾਮਦ



ਅਸਾਮ: ਅਸਾਮ ਦੇ ਦੀਮਾ ਹਸਾਓ ਜ਼ਿਲ੍ਹੇ ਵਿਚ ਕੋਲਾ ਖਾਣ ਵਿਚ ਪਾਣੀ ਭਰਨ ਕਾਰਨ ਫਸੇ ਨੌਂ ਮਜ਼ਦੂਰਾਂ 'ਚੋਂ ਇਕ ਦੀ ਲਾਸ਼ ਫ਼ੌਜ ਦੇ ਗੋਤਾਖ਼ੋਰਾਂ ਨੇ ਬੁਧਵਾਰ ਨੂੰ ਤੀਜੇ ਦਿਨ ਬਰਾਮਦ ਕਰ ਲਈ ਹੈ। ਰਾਹਤ ਕਾਰਜ ਕਰ ਰਹੇ ਅਧਿਕਾਰੀਆਂ ਨੇ ਕਿਹਾ ਕਿ ਅੱਠ ਹੋਰ ਲੋਕਾਂ ਦੇ ਬਚਣ ਦੀ ਸੰਭਾਵਨਾ ਗੰਭੀਰ ਜਾਪਦੀ ਹੈ, ਹਾਲਾਂਕਿ ਜਲ ਸੈਨਾ, ਸੈਨਾ, ਐਨਡੀਆਰਐਫ਼ ਅਤੇ ਐਸਡੀਆਰਐਫ਼ ਦੇ ਕਰਮਚਾਰੀਆਂ ਦੀ ਇਕ ਟੀਮ ਨੇ ਫਸੇ ਹੋਏ ਮਾਈਨਰਾਂ ਨੂੰ ਬਚਾਉਣ ਲਈ ਅਪਣੇ ਯਤਨ ਤੇਜ਼ ਕਰ ਦਿਤੇ ਹਨ। ਜ਼ਿਕਰਯੋਗ ਹੈ ਕਿ ਇਹ ਮਜ਼ਦੂਰ ਸੋਮਵਾਰ ਨੂੰ ਉਮਰਾਂਗਸੋ ਦੇ ਖੇਤਰ ਵਿਚ ਸਥਿਤ ਕੋਲੇ ਦੀ ਖਾਣ ਵਿਚ ਅਚਾਨਕ ਪਾਣੀ ਭਰਨ ਕਾਰਨ ਫਸ ਗਏ ਸਨ। ਅਧਿਕਾਰੀਆਂ ਨੇ ਦਸਿਆ ਕਿ ਗੋਤਾਖੋਰਾਂ ਨੇ ਸਵੇਰੇ ਖਾਨ ਦੇ ਅੰਦਰ ਲਾਸ਼ ਲੱਭੀ ਅਤੇ ਇਸ ਦੀ ਪਛਾਣ ਅਜੇ ਤਕ ਨਹੀਂ ਹੋ ਸਕੀ ਹੈ। ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਐਕਸ 'ਤੇ ਪੋਸਟ ਕਰਦਿਆਂ ਇਸ ਘਟਨਾ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਅੱਜ ਵੀ ਬਚਾਅ ਕਾਰਜ ਪੂਰੇ ਜ਼ੋਰਾਂ ਨਾਲ ਜਾਰੀ ਹਨ, ਫ਼ੌਜ ਅਤੇ ਐਨਡੀਆਰਐਫ਼ ਦੇ ਗੋਤਾਖੋਰ ਪਹਿਲਾਂ ਹੀ ਖੂਹ ਵਿਚ ਦਾਖ਼ਲ ਹੋ ਚੁਕੇ ਹਨ। ਉਧਰ ਪੁਲਿਸ ਨੇ ਘਟਨਾ ਦੇ ਸਬੰਧ ਵਿਚ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ।

## ਤਿਰੂਪਤੀ ਮੰਦਰ ਵਿੱਚ ਭਗਦੜ ਮਚੀ, ਛੇ ਸ਼ਰਧਾਲੂਆਂ ਦੀ ਮੌਤ



**ਵੈਕੁੰਠ ਦੁਆਰ ਦੇ ਦਰਸ਼ਨਾਂ ਲਈ ਟਿਕਟ ਲੈਣ ਮੌਕੇ ਧੱਕਾ-ਮੁੱਕੀ ਕਰਕੇ ਮਚੀ ਭਗਦੜ; ਮੁੱਖ ਮੰਤਰੀ ਚੰਦਰ ਬਾਬੂ ਨਾਇਡੂ ਵੱਲੋਂ ਇਸ ਘਟਨਾ 'ਤੇ ਦੁੱਖ ਦਾ ਪ੍ਰਗਟਾਵਾ**

ਤਿਰੂਪਤੀ (ਆਂਧਰਾ ਪ੍ਰਦੇਸ਼): ਇੱਥੇ ਭਗਵਾਨ ਵੈਂਕਟੇਸ਼ਵਰ ਸਵਾਮੀ ਮੰਦਰ ਵਿੱਚ ਭਗਦੜ ਮੱਚਣ ਕਾਰਨ ਤਿੰਨ ਔਰਤਾਂ ਸਣੇ ਛੇ ਸ਼ਰਧਾਲੂਆਂ ਦੀ ਮੌਤ ਹੋ ਗਈ, ਜਦੋਂਕਿ ਕਈ ਹੋਰ ਜ਼ਖ਼ਮੀ ਹੋ ਗਏ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਸੈਂਕੜੇ ਸ਼ਰਧਾਲੂ ਤਿਰੁਮਾਲਾ ਹਿੱਲਜ਼ 'ਤੇ ਸਥਿਤ ਭਗਵਾਨ ਵੈਂਕਟੇਸ਼ਵਰ ਸਵਾਮੀ ਮੰਦਰ ਵਿੱਚ ਵੈਕੁੰਠ ਦੁਆਰ ਦਰਸ਼ਨਮ ਲਈ ਟਿਕਟ ਲੈਣ ਮੌਕੇ ਧੱਕਾ-ਮੁੱਕੀ ਕਰ ਰਹੇ ਸਨ ਕਿ ਭਗਦੜ ਮੱਚ ਗਈ। ਪੂਰੇ ਦੇਸ਼ ਤੋਂ ਸੈਂਕੜੇ ਸ਼ਰਧਾਲੂ 10 ਜਨਵਰੀ ਤੋਂ ਸ਼ੁਰੂ ਹੋਣ ਵਾਲੇ 10 ਦਿਨਾ ਵੈਕੁੰਠ ਦੁਆਰ ਦਰਸ਼ਨਮ ਲਈ ਪਹੁੰਚੇ ਹੋਏ ਹਨ। ਅਧਿਕਾਰੀ ਨੇ ਭਗਦੜ ਵਿੱਚ ਤਿੰਨ ਔਰਤਾਂ ਸਮੇਤ ਛੇ ਜਣਿਆਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਇਸ ਦੌਰਾਨ ਪੁਲੀਸ ਵੱਲੋਂ ਕੁਝ ਮਹਿਲਾ ਸ਼ਰਧਾਲੂਆਂ ਨੂੰ ਸੀਪੀਆਰ ਦੇਣ ਅਤੇ ਜ਼ਖ਼ਮੀਆਂ ਨੂੰ ਐਂਬੂਲੈਂਸਾਂ ਰਾਹੀਂ ਲਿਜਾਣ ਦੀ ਵੀਡੀਓ ਵੀ ਵਾਇਰਲ ਹੋਈ ਹੈ।

## 11 ਜਨਵਰੀ ਨੂੰ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ 19 ਜਨਵਰੀ ਨੂੰ ਸਿੱਖਿਆ ਮੰਤਰੀ ਦੇ ਪਿੰਡ ਹੋਵੇਗੀ ਰੋਸ ਰੈਲੀ: ਗੌਰਮਿੰਟ ਟੀਚਰਜ਼ ਯੂਨੀਅਨ



ਫਿਲੌਰ: ਸਾਂਝਾ ਅਧਿਆਪਕ ਮੋਰਚਾ ਪੰਜਾਬ ਵਿੱਚ ਸ਼ਾਮਿਲ ਜਥੇਬੰਦੀਆਂ ਦੇ ਆਗੂਆਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਕਰਨੈਲ ਫਿਲੌਰ, ਜ਼ਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਮੱਕੜ ਪ੍ਰੈਸ ਸਕੱਤਰ ਸਕੱਤਰ ਵੇਦ ਰਾਜ, ਵਿੱਤ ਸਕੱਤਰ ਹਰਮਨ ਵਾਲੀਆ ਅਤੇ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਵਿਨੋਦ ਭੱਟੀ, ਗੁਰਿੰਦਰ ਆਦਮਪੁਰ ਜੁਆਇੰਟ ਸਕੱਤਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਵੱਲੋਂ ਲਗਾਤਾਰ ਅਧਿਆਪਕ ਮੰਗਾਂ ਦੀ ਅਣਦੇਖੀ ਕਰਨ ਅਤੇ ਅਧਿਆਪਕ ਜਥੇਬੰਦੀਆਂ ਨਾਲ ਮੀਟਿੰਗ ਸਮੇਂ ਗੈਰਸੰਜੀਦਾ ਅਤੇ ਹੰਕਾਰੀ ਰਵੱਈਏ ਖਿਲਾਫ 23-24 ਦਸੰਬਰ ਨੂੰ ਪੰਜਾਬ ਦੇ ਸਮੁੱਚੇ ਜ਼ਿਲ੍ਹਿਆਂ ਵਿੱਚ ਪੁਤਲੇ ਫੂਕੇ ਗਏ ਸਨ। ਇਸ ਹੰਕਾਰੀ ਵਤੀਰੇ ਵਿਰੁੱਧ ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੈਮੋਕਰੇਟਿਕ ਟੀਚਰ ਫਰੰਟ ਪੰਜਾਬ ਵਲੋਂ ਫੈਸਲਾ ਕੀਤਾ ਗਿਆ ਹੈ ਕੇ 11 ਜਨਵਰੀ ਨੂੰ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕਰਨ ਅਤੇ 19 ਜਨਵਰੀ ਨੂੰ ਮੁੜ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ। ਇਸ ਮੌਕੇ ਕਰਨੈਲ ਫਿਲੌਰ ਨੇ ਕਿਹਾ ਕਿ ਪੰਜਾਬ ਸਰਕਾਰ ਮਿਡਲ ਸਕੂਲਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ, ਉਹਨਾ ਕਿਹਾ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵਲੋਂ ਕੰਪਿਊਟਰ ਅਧਿਆਪਕਾਂ ਦੇ ਸੰਘਰਸ਼ ਅਤੇ ਦਫਤਰੀ ਕਰਮਚਾਰੀਆਂ ਦੇ ਸੰਘਰਸ਼ ਦਾ ਸਮਰਥਨ ਕਰਨ ਲਈ ਵੱਖ ਵੱਖ ਥਾਵਾਂ ਤੇ ਚੱਲ ਰਹੇ ਧਰਨਿਆਂ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਅਧਿਆਪਕ ਆਗੂਆਂ ਨੇ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੀ. ਟੀ. ਆਈਜ਼ / ਆਰਟ ਐਂਡ ਕਰਾਫਟ ਟੀਚਰਜ਼ ਆਦਿ ਸੀ. ਐਂਡ ਵੀ. ਅਧਿਆਪਕਾਂ ਦੇ ਪੇਅ ਸਕੇਲਾਂ ਸਬੰਧੀ ਵਿੱਤ ਵਿਭਾਗ ਵਲੋਂ ਜਾਰੀ ਤਰਕਹੀਣ ਸਪੀਕਿੰਗ ਆਰਡਰ ਤੁਰੰਤ ਰੱਦ ਕਰਨ, ਮਿਡਲ ਅਤੇ ਘੱਟ ਗਿਣਤੀ ਬੱਚਿਆਂ ਵਾਲੇ ਸਕੂਲ ਬੰਦ ਕਰਨ ਦੀ ਬਜਾਏ ਨਿਯੁਕਤੀਆਂ ਅਤੇ ਤਰੱਕੀਆਂ ਵਿੱਚ ਸਾਰੇ ਸਕੂਲਾਂ ਦੀਆਂ ਖਾਲੀ ਪੋਸਟਾਂ ਦਿਖਾਕੇ ਲੈਕਚਰਾਰਾਂ ਅਤੇ ਮਾਸਟਰ ਕੇਡਰ ਦੀਆਂ ਤਰੱਕੀਆਂ ਵਿੱਚ ਦੁਬਾਰਾ ਸਟੇਸ਼ਨ ਚੋਣ ਕਰਵਾਉਣ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸ਼ਿਫਟ ਕਰਨ, 2018 ਤੋਂ ਲਾਗੂ ਕੀਤੇ ਜਾ ਰਹੇ ਅਧਿਆਪਕ ਵਿਰੋਧੀ ਨਿਯਮ ਰੱਦ ਕਰਨ, ਰਾਸ਼ਟਰੀ ਸਿੱਖਿਆ ਨੀਤੀ 2020 ਰੱਦ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਪ੍ਰਾਇਮਰੀ ਸਕੂਲਾਂ ਵਿੱਚ ਜਮਾਤਵਾਰ ਅਤੇ ਮਿਡਲ, ਹਾਈ, ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਸ਼ਾਵਾਰ ਅਧਿਆਪਕਾਂ ਦੀ ਨਿਯੁਕਤੀ ਕਰਨ, ਕੱਚੇ ਅਧਿਆਪਕ ਪੂਰੇ ਗ੍ਰੇਡ 'ਤੇ ਪੱਕੇ ਕਰਨ, ਮੈਰੀਟੋਰੀਅਸ ਅਤੇ ਆਦਰਸ਼ ਸਕੂਲਾਂ ਦੇ ਸਟਾਫ ਨੂੰ ਸਿੱਖਿਆ ਵਿਭਾਗ ਵਿੱਚ ਪੱਕੇ ਕਰਨ, ਮਿਡਲ ਸਕੂਲਾਂ ਦੀ ਮਰਜਿੰਗ ਰੱਦ ਕਰਨ, ਹਰ ਵਰਗ ਦੀਆਂ ਰਹਿੰਦੀਆਂ ਤਰੱਕੀਆਂ ਕਰਨ, 873 ਡੀਪੀਈ ਭਰਤੀ ਵਿੱਚੋਂ ਰਹਿੰਦੇ ਉਮੀਦਵਾਰਾਂ ਨੂੰ ਜਲਦ ਆਰਡਰ ਦੇਣ, ਸੀ ਈ ਪੀ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਿੱਖਿਆ ਤੋਂ ਹਟਾ ਕੇ ਫਰਜ਼ੀ ਰਿਕਾਰਡ ਬਣਵਾਉਣਾ ਬੰਦ ਕਰਨ, ਹਰ ਤਰ੍ਹਾਂ ਦੇ ਗੈਰ ਵਿਦਿਅਕ ਕੰਮ ਅਧਿਆਪਕਾਂ ਤੋਂ ਲੈਣੇ ਬੰਦ ਕਰਨ, ਉਚੇਰੀ ਗ੍ਰੇਡ ਪੇਅ ਬਹਾਲ ਰੱਖਦਿਆਂ ਜਨਵਰੀ 2016 ਤੋਂ 125% ਮਹਿੰਗਾਈ ਭੱਤੇ 'ਤੇ ਤਨਖਾਹ ਦੁਹਰਾਈ ਕਰਨ, ਤਨਖਾਹ ਕਮਿਸ਼ਨ ਦੀ ਰਹਿੰਦੀ ਰਿਪੋਰਟ ਜਾਰੀ ਕਰਨ ਅਤੇ ਤਰੁਟੀਆਂ ਦੂਰ ਕਰਨ, ਸੋਧ ਦੇ ਨਾਂ ਤੇ ਬੰਦ ਕੀਤੇ ਪੇਂਡੂ ਭੱਤੇ ਸਮੇਤ ਸਮੁੱਚੇ ਭੱਤੇ ਬਹਾਲ ਕਰਨ, ਤਨਖਾਹ ਦੁਹਰਾਈ ਅਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਤੁਰੰਤ ਜਾਰੀ ਕਰਨ ਸਮੇਤ ਅਧਿਆਪਕਾਂ ਦੇ ਸਮੁੱਚੇ ਮਸਲੇ ਹੱਲ ਕਰਨ ਦੀ ਮੰਗ ਕੀਤੀ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਨ੍ਹਾਂ ਐਕਸ਼ਨਾਂ ਵਿੱਚ ਪੂਰੀ ਤਾਕਤ ਨਾਲ ਸ਼ਾਮਿਲ ਹੋਵੇਗੀ।

## ਸੰਗਰੂਰ ਜ਼ਿਲ੍ਹੇ ਦੇ ਬਲਾਕ ਮੂਨਕ ਵਿਖੇ ਪੰਚਾਇਤ ਸਕੱਤਰ 20000 ਰੁਪਏ ਦੀ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ: ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸੰਗਰੂਰ ਜ਼ਿਲ੍ਹੇ ਦੇ ਬਲਾਕ ਮੂਨਕ ਵਿਖੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਵਿਖੇ ਤਾਇਨਾਤ ਪੰਚਾਇਤ ਸਕੱਤਰ ਪ੍ਰਿਥਵੀ ਸਿੰਘ ਨੂੰ 20000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਕੇਸ ਵਿੱਚ ਖੇਤਰੀ ਡਿਪਟੀ ਡਾਇਰੈਕਟਰ, ਲੋਕਲ ਫੰਡ ਆਡਿਟ, ਪਟਿਆਲਾ ਦੇ ਦਫ਼ਤਰ ਵਿੱਚ ਤਾਇਨਾਤ ਆਡਿਟ ਇੰਸਪੈਕਟਰ ਦਵਿੰਦਰ ਬਾਂਸਲ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਮਹਾਂ ਸਿੰਘ ਵਾਲਾ, ਮੂਨਕ ਵਾਸੀ ਗੁਰਵਿੰਦਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ ਜੋ ਕਿ ਸਾਬਕਾ ਸਰਪੰਚ ਦਾ ਪਤੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਪੰਚਾਇਤ ਸਕੱਤਰ ਨੇ ਪਿੰਡ ਮਹਾਂ ਸਿੰਘ ਵਾਲਾ ਦੀ ਪੰਚਾਇਤ ਵੱਲੋਂ ਪਿਛਲੇ ਕਾਰਜਕਾਲ ਦੌਰਾਨ ਕਰਵਾਏ ਗਏ ਵਿਕਾਸ ਕਾਰਜਾਂ ਦਾ ਆਡਿਟ ਕਰਵਾਉਣ ਬਦਲੇ 20000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਹੈ ਅਤੇ ਕਿਹਾ ਹੈ ਕਿ ਇਹ ਰਿਸ਼ਵਤ ਉਕਤ ਦਵਿੰਦਰ ਬਾਂਸਲ, ਆਡਿਟ ਇੰਸਪੈਕਟਰ ਨਾਲ ਸਾਂਝੀ ਕੀਤੀ ਜਾਣੀ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਪੰਚਾਇਤ ਸਕੱਤਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਰਕਮ ਹਾਸਲ ਕਰਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧ ਵਿੱਚ ਪੰਚਾਇਤ ਸਕੱਤਰ ਪ੍ਰਿਥਵੀ ਸਿੰਘ ਅਤੇ ਆਡਿਟ ਇੰਸਪੈਕਟਰ ਦਵਿੰਦਰ ਬਾਂਸਲ ਖ਼ਿਲਾਫ਼ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਰੇਂਜ ਵਿੱਚ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਤਫਤੀਸ਼ ਜਾਰੀ ਹੈ।

## ਪੰਜਾਬ 'ਚ ਨਿਵੇਸ਼ ਨੂੰ ਹੁਲਾਰਾ ਦੇਣ ਲਈ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਕੰਪਨੀਆਂ ਦੇ ਸੀ.ਈ.ਓਜ਼ ਤੇ ਪ੍ਰਤੀਨਿਧਾਂ ਨਾਲ ਅਹਿਮ ਮੀਟਿੰਗ



ਚੰਡੀਗੜ੍ਹ/ਨਵੀਂ ਦਿੱਲੀ।ਪੰਜਾਬ ਅੰਦਰ ਨਿਵੇਸ਼ ਨੂੰ ਉਤਸ਼ਾਹਿਤ ਕਰਕੇ ਸੂਬੇ ਨੂੰ ਉਦਯੋਗਿਕ ਹੱਬ ਵਜੋਂ ਵਿਕਸਿਤ ਕਰਨ ਦੇ ਮਕਸਦ ਨਾਲ ਪੰਜਾਬ ਦੇ ਪੂੰਜੀ ਨਿਵੇਸ਼ ਪ੍ਰੋਤਸਾਹਨ ਅਤੇ ਉਦਯੋਗ ਤੇ ਵਪਾਰ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਅੱਜ ਨਵੀਂ ਦਿੱਲੀ ਵਿਖੇ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਪੱਧਰ ਦੀਆਂ ਵੱਖ-ਵੱਖ ਕੰਪਨੀਆਂ ਦੇ ਸੀ.ਈ.ਓਜ਼ ਅਤੇ ਪ੍ਰਤੀਨਿਧਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਸੂਚਨਾ ਤਕਨੀਕ, ਮਸ਼ੀਨੀ ਬੁੱਧੀਮਾਨਤਾ (ਏ.ਆਈ), ਬੁਨਿਆਦੀ ਢਾਂਚਾ, ਬਾਗਬਾਨੀ, ਹੈਲਥ ਅਤੇ ਹੋਰ ਅਹਿਮ ਖੇਤਰਾਂ ਵਿਚ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਪੱਧਰ ਦੀਆਂ ਨਾਮਵਰ ਕੰਪਨੀਆਂ ਦੇ ਸੀ.ਈ.ਓਜ਼ ਅਤੇ ਪ੍ਰਤੀਨਿਧਾਂ ਵੱਲੋਂ ਪੰਜਾਬ ਸਰਕਾਰ ਦੇ ਨਿਵੇਸ਼ ਪ੍ਰੋਤਸਾਹਨ ਲਈ ਉਠਾਏ ਜਾ ਰਹੇ ਕਦਮਾਂ ਪ੍ਰਤੀ ਉਸਾਰੂ ਹੁੰਗਾਰਾ ਭਰਦਿਆਂ ਸੂਬੇ ਵਿਚ ਆਪੋ-ਆਪਣੇ ਨਿਵੇਸ਼ ਪ੍ਰਸਤਾਵ ਪੰਜਾਬ ਸਰਕਾਰ ਨੂੰ ਜਲਦ ਸੌਂਪਣ ਦਾ ਭਰੋਸਾ ਦਿੱਤਾ ਗਿਆ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਸੂਚਨਾ ਤਕਨਾਲੌਜੀ ਨੀਤੀ ਤਿਆਰ ਹੋ ਚੁੱਕੀ ਹੈ ਜਿਸਨੂੰ ਆਉਂਦੀ 31 ਮਾਰਚ ਤੋਂ ਪਹਿਲਾਂ-ਪਹਿਲਾਂ ਕੈਬਨਿਟ ਵੱਲੋਂ ਮੰਨਜੂਰੀ ਮਿਲ ਜਾਵੇਗੀ। ਉਨਾਂ ਕਿਹਾ ਕਿ ਇਹ ਨੀਤੀ ਬਹੁਤ ਅਧਿਐਨ ਤੇ ਵਿਚਾਰ ਵਟਾਂਦਰੇ ਤੋਂ ਬਾਅਦ ਤਿਆਰ ਕੀਤੀ ਗਈ ਹੈ ਜਿਸ ਨਾਲ ਸੂਬੇ ਦੇ ਆਈ.ਟੀ.ਖੇਤਰ ਵਿਚ ਵੱਡੇ ਪੈਮਾਨੇ 'ਤੇ ਉਸਾਰੂ ਤਬਦੀਲੀ ਆਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੇੜ ਭਵਿੱਖ ਵਿਚ ਹੁਨਰ ਵਿਕਾਸ ਨੂੰ ਸਮੇਂ ਦੀ ਲੋੜ ਅਨੁਸਾਰ ਵਿਕਸਿਤ ਕਰਨ ਵੱਲ ਪੂਰੀ ਤਵੱਜੋ ਦਿੱਤੀ ਜਾ ਰਹੀ ਹੈ। ਉਨਾਂ ਨਿਵੇਸ਼ਕਾਂ ਨੂੰ ਦੱਸਿਆ ਕਿ ਇੰਨਵੈਸਟ ਪੰਜਾਬ ਪੋਰਟਲ ਨੂੰ ਪੂਰੇ ਭਾਰਤ ਅੰਦਰ ਉੱਤਮ ਪੋਰਟਲ ਐਲਾਨਿਆਂ ਗਿਆ ਹੈ ਜਿਸ 'ਤੇ ਇਕ ਸਾਲ ਵਿਚ 55 ਹਜ਼ਾਰ ਲਘੂ, ਛੋਟੀਆਂ ਤੇ ਦਰਮਿਆਨੀਆਂ ਉਦਯੋਗਿਕ ਇਕਾਈਆਂ ਦੀ ਰਜਿਸਟ੍ਰੇਸ਼ਨ ਹੋਈ ਹੈ। ਉਦਯੋਗ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਉਦਯੋਗਿਕ ਵਿਕਾਸ ਤੇ ਨਿਵੇਸ਼ ਨੂੰ ਹੁਲਾਰਾ ਦੇਣ ਲਈ ਸਿੰਗਲ ਵਿੰਡੋ ਪ੍ਰਣਾਲੀ ਲਾਗੂ ਕਰਕੇ ਤਰੱਕੀ ਦੇ ਨਵੇਂ ਰਾਹ ਖੋਲ੍ਹੇ ਗਏ ਹਨ। ਉਨਾਂ ਨਿਵੇਸ਼ਕਾਂ ਤੇ ਕੰਪਨੀਆਂ ਦੇ ਪ੍ਰਤੀਨਿਧਾਂ ਨੂੰ ਪੰਜਾਬ ਆਉਣ ਲਈ ਨਿੱਘਾ ਸੱਦਾ ਦਿੱਤਾ। ਇਸ ਮੌਕੇ ਪੰਜਾਬ ਰਾਜ ਫ਼ੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ, ਇੰਨਵੈਸਟ ਪੰਜਾਬ ਦੇ ਸੈਕਟਰ ਅਫ਼ਸਰ ਸੰਜੀਵ ਗੁਪਤਾ ਅਤੇ ਇੰਨਵੈਸਟ ਪੰਜਾਬ ਦੇ ਸਲਾਹਕਾਰ ਦਾਨਿਸ਼ ਬਿਲਾਲਾ ਵੱਲੋਂ ਪੰਜਾਬ ਸਰਕਾਰ ਦੁਆਰਾ ਉਦਯੋਗ ਤੇ ਨਿਵੇਸ਼ ਲਈ ਉਠਾਏ ਜਾ ਰਹੇ ਕਦਮਾਂ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਇਸ ਮੀਟਿੰਗ ਵਿਚ ਐਸ.ਐਫ.ਓ ਫਾਊਂਡੇਸ਼ਨ ਦੇ ਚੇਅਰਮੈਨ ਜਗਮੋਹਨ ਸਿੰਘ ਸੇਖੋਂ, ਵਾਈਸ ਪ੍ਰੈਜ਼ੀਡੈਂਟ ਬੂਟੇਸ ਇੰਪੈਕਸ ਟੈਕ ਲਿਮ. ਬਿਨੂ ਨਾਇਰ, ਐਮ.ਡੀ ਸਕਾਇਬੁਨ ਜਤਿਨ ਸਿੰਧੀ, ਨੈਕਸਵੇਦਾ ਦੇ ਸੰਸਥਾਪਕ ਸੰਦੀਪ ਨਾਰੰਗ, ਆਈ.ਐਸ.ਐਫ.ਏ ਦੇ ਐਕਜੀਕਿਊਟਿਵ ਡਾਇਰੈਕਟਰ ਅਕਸ਼ਤ ਅਗਰਵਾਲ, ਜੈਨਐਕਸ ਏ.ਆਈ ਦੇ ਡਾਇਰੈਕਟਰ ਅੰਜਿਕਯਾ ਦੁੰਭਰੇ, ਸੀ.ਈ.ਓ ਜੀ.ਆਈ.ਆਰ ਲਾਜਿਸਟਿਕਸ ਸੁਰਾਜੀਤ ਸਰਕਾਰ ਤੋਂ ਇਲਾਵਾ ਹੋਰ ਅਹਿਮ ਨਿਵੇਸ਼ਕ ਹਾਜ਼ਰ ਸਨ।

## ਰਾਜਾਂ ਕੋਲ ਮੁਫ਼ਤ ਦੀਆਂ ਰਿਉੜੀਆਂ ਵੰਡਣ ਲਈ ਪੈਸਾ ਪਰ ਜੱਜਾਂ ਲਈ ਨਹੀਂ: ਸੁਪਰੀਮ ਕੋਰਟ ਦੀ ਸਖ਼ਤ ਟਿਪਣੀ



### ਜੱਜਾਂ ਦੀਆਂ ਤਨਖ਼ਾਹਾਂ 'ਚ ਆਈ ਸਮੱਸਿਆ ਨੂੰ ਲੈ ਕੇ ਅਦਾਲਤ ਨੇ ਜਤਾਈ ਨਾਰਾਜ਼ਗੀ

ਨਵੀਂ ਦਿਲੀ: ਸੁਪਰੀਮ ਕੋਰਟ ਨੇ ਮੁਫ਼ਤ ਦੀਆਂ ਰਿਉੜੀਆਂ ਨੂੰ ਲੈ ਕੇ ਸਖ਼ਤ ਰਾਜਾਂ ਨੂੰ ਸਖ਼ਤ ਝਾੜ ਪਾਈ ਹੈ। ਸੁਪਰੀਮ ਕੋਰਟ ਨੇ ਜੱਜਾਂ ਦੀਆਂ ਤਨਖ਼ਾਹਾਂ 'ਚ ਆਈ ਸਮੱਸਿਆ 'ਤੇ ਨਾਰਾਜ਼ਗੀ ਜਤਾਈ ਹੈ। ਜਸਟਿਸ ਗਵਈ ਦੀ ਬੈਂਚ ਨੇ ਸੂਬਾ ਸਰਕਾਰਾਂ 'ਤੇ ਟਿਪਣੀ ਕੀਤੀ ਹੈ। ਸਰਕਾਰਾਂ ਕੋਲ ਚੋਣ ਵਾਅਦਿਆਂ ਨੂੰ ਪੂਰਾ ਕਰਨ ਲਈ ਪੈਸਾ ਹੈ ਪਰ ਜੱਜਾਂ ਨੂੰ ਤਨਖ਼ਾਹਾਂ ਦੇਣ ਵਿਚ ਮੁਸ਼ਕਲ ਆ ਰਹੀ ਹੈ। ਮੁਫ਼ਤ ਰਿਉੜੀਆਂ ਦੇ ਮੁੱਦੇ 'ਤੇ ਸੁਪਰੀਮ ਕੋਰਟ ਨੇ ਇਹ ਝਾੜ ਅਜਿਹੇ ਸਮੇਂ 'ਚ ਪਈ ਹੈ ਜਦੋਂ ਦੇਸ਼ ਭਰ ਦੇ ਵੱਖ-ਵੱਖ ਸੂਬਿਆਂ 'ਚ ਮੁਫ਼ਤ ਯੋਜਨਾਵਾਂ ਸਾਹਮਣੇ ਆਈਆਂ ਹਨ ਅਤੇ ਦਿੱਲੀ ਚੋਣਾਂ 'ਚ ਵੀ ਸਾਰੀਆਂ ਸਿਆਸੀ ਪਾਰਟੀਆਂ ਨੇ ਅਪਣੇ-ਅਪਣੇ ਵਾਅਦੇ ਅਤੇ ਦਾਅਵੇ ਕੀਤੇ ਹਨ। ਅਜਿਹੇ 'ਚ ਸੁਪਰੀਮ ਕੋਰਟ ਦੀ ਇਹ ਟਿਪਣੀ ਬਹੁਤ ਮਹੱਤਵਪੂਰਨ ਹੈ ਅਤੇ ਕਿ ਜੱਜਾਂ ਨੂੰ ਤਨਖ਼ਾਹ ਦੇਣ 'ਚ ਦਿੱਕਤ ਦੀ ਗੱਲ ਕਹੀ ਗਈ ਹੈ। ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚਾਹੇ ਕਾਂਗਰਸ ਹੋਵੇ ਜਾਂ ਆਮ ਆਦਮੀ ਪਾਰਟੀ, ਮੁਫ਼ਤ ਬਿਜਲੀ-ਪਾਣੀ ਦੀ ਗੱਲ ਲਗਾਤਾਰ ਕੀਤੀ ਜਾ ਰਹੀ ਹੈ। ਹੁਣ ਸੁਪਰੀਮ ਕੋਰਟ ਨੇ ਕਿਹਾ ਹੈ ਕਿ ਜੱਜਾਂ ਦੀ ਤਨਖ਼ਾਹ 'ਚ ਪ੍ਰੇਸ਼ਾਨੀ ਆ ਰਹੀ ਹੈ। ਪਰ ਤੁਹਾਨੂੰ ਇਸ ਨਾਲ ਕੋਈ ਮਤਲਬ ਨਹੀਂ। ਜਸਟਿਸ ਬੀ.ਆਰ. ਗਵਈ ਅਤੇ ਆਗਸਟੀਨ ਜਾਰਜ ਮਸੀਹ ਦੇ ਬੈਂਚ ਨੇ ਜ਼ੁਬਾਨੀ ਟਿੱਪਣੀਆਂ ਉਦੋਂ ਕੀਤੀਆਂ ਜਦੋਂ ਅਟਾਰਨੀ ਜਨਰਲ ਆਰ ਵੈਂਕਟਾਰਮਨੀ ਨੇ ਦਲੀਲ ਦਿਤੀ ਕਿ ਸਰਕਾਰ ਨੂੰ ਨਿਆਂਇਕ ਅਧਿਕਾਰੀਆਂ ਦੀਆਂ ਤਨਖ਼ਾਹਾਂ ਅਤੇ ਸੇਵਾਮੁਕਤੀ ਦੇ ਲਾਭਾਂ ਬਾਰੇ ਫ਼ੈਸਲਾ ਕਰਦੇ ਸਮੇਂ ਵਿੱਤੀ ਰੁਕਾਵਟਾਂ 'ਤੇ ਵਿਚਾਰ ਕਰਨਾ ਪੈਂਦਾ ਹੈ। ਰਾਜ ਕੋਲ ਉਨ੍ਹਾਂ ਲੋਕਾਂ ਲਈ ਪੈਸਾ ਹੈ ਜੋ ਕੋਈ ਕੰਮ ਨਹੀਂ ਕਰਦੇ। ਚੋਣਾਂ ਆਉਂਦੀਆਂ ਹਨ, ਤੁਸੀਂ ਲਾਡਲੀ ਬਿਹਨਾ ਅਤੇ ਹੋਰ ਨਵੀਆਂ ਸਕੀਮਾਂ ਦਾ ਐਲਾਨ ਕਰਦੇ ਹੋ, ਜਿਸ ਤਹਿਤ ਤੁਸੀਂ ਇਕ ਨਿਸ਼ਚਿਤ ਰਕਮ ਅਦਾ ਕਰਦੇ ਹੋ। ਹਰ ਰੋਜ਼ ਦਿੱਲੀ ਵਿਚ ਕੋਈ ਨਾ ਕੋਈ ਪਾਰਟੀ ਐਲਾਨ ਕਰ ਰਹੀ ਹੈ ਕਿ ਉਹ ਸੱਤਾ ਵਿਚ ਆਉਣ 'ਤੇ 2500 ਰੁਪਏ ਦੇਵੇਗੀ। ਸਰਵਉੱਚ ਅਦਾਲਤ ਨੇ ਇਹ ਟਿਪਣੀ 2015 ਵਿਚ ਸੇਵਾਮੁਕਤ ਜੱਜਾਂ ਨੂੰ ਪੈਨਸ਼ਨ ਦੇਣ ਸਬੰਧੀ ਆਲ ਇੰਡੀਆ ਜੱਜ ਐਸੋਸੀਏਸ਼ਨ ਵਲੋਂ ਦਾਇਰ ਪਟੀਸ਼ਨ ਦੀ ਸੁਣਵਾਈ ਕਰਦਿਆਂ ਕੀਤੀ। ਵੈਂਕਟਾਰਮਣੀ ਨੇ ਕਿਹਾ ਕਿ ਵਿੱਤੀ ਬੋਝ ਦੀਆਂ ਅਸਲ ਚਿੰਤਾਵਾਂ ਨੂੰ ਧਿਆਨ ਵਿਚ ਰੱਖਣਾ ਚਾਹੀਦਾ ਹੈ। ਮੁਫ਼ਤ ਦੀਆਂ ਰਿਉੜੀਆਂ ਇਕ ਪ੍ਰਮੁੱਖ ਚੋਣ ਮੁੱਦਾ ਬਣਿਆ ਹੋਇਆ ਹੈ। ਹਾਲਾਂਕਿ ਇਸ ਵਿਚ ਕੋਈ ਵੀ ਸਿਆਸੀ ਪਾਰਟੀ ਪਿੱਛੇ ਨਹੀਂ ਰਹੀ। ਇਸ ਸਬੰਧੀ ਵੱਖ-ਵੱਖ ਰਾਜਾਂ ਦੀਆਂ ਸੂਬਾ ਸਰਕਾਰਾਂ ਵਲੋਂ ਐਲਾਨ ਕੀਤੇ ਗਏ ਹਨ। ਮੁਫ਼ਤ ਚੀਜ਼ਾਂ ਦੀ ਇਸ ਵੰਡ ਦਾ ਸਿਆਸੀ ਪਾਰਟੀਆਂ ਨੂੰ ਜ਼ਰੂਰ ਫਾਇਦਾ ਹੋਇਆ ਹੈ।

## 14 ਮਾਰਚ ਤੱਕ ਸੜਕ ਹਾਦਸਾ ਪੀੜਤਾਂ ਦੇ ਕੈਸ਼ਲੈੱਸ ਇਲਾਜ ਲਈ ਪਾਲਿਸੀ ਬਣਾਏ ਕੇਂਦਰ ਸਰਕਾਰ: ਸੁਪਰੀਮ ਕੋਰਟ

ਨਵੀਂ ਦਿੱਲੀ: ਸੁਪਰੀਮ ਕੋਰਟ ਨੇ ਅੱਜ ਇਕ ਮੀਲਪੱਥਰ ਫੈਸਲੇ ਵਿਚ ਕੇਂਦਰ ਸਰਕਾਰ ਨੂੰ ਹਦਾਇਤ ਕੀਤੀ ਹੈ ਕਿ ਉਹ ਸੜਕ ਹਾਦਸਿਆਂ (ਮੋਟਰ ਐਕਸੀਡੈਂਟ) ਦੇ ਪੀੜਤਾਂ ਦਾ 'ਗੋਲਡਨ ਆਵਰ' ਵਿਚ ਕੈਸ਼ਲੈੱਸ (ਮੁਫ਼ਤ) ਮੈਡੀਕਲ ਇਲਾਜ ਯਕੀਨੀ ਬਣਾਉਣ ਲਈ ਕੋਈ ਸਕੀਮ ਬਣਾਏ। ਜਸਟਿਸ ਅਭੈ ਐੱਸ ਓਕਾ ਤੇ ਜਸਟਿਸ ਅਗਸਟੀਨ ਜੌਰਜ ਮਸੀਹ ਨੇ ਮੋਟਰ ਵਹੀਕਲਜ਼ ਐਕਟ 1988 ਦੀ ਧਾਰਾ 162(2) ਦੇ ਹਵਾਲੇ ਨਾਲ ਸਰਕਾਰ ਨੂੰ ਹਦਾਇਤ ਕੀਤੀ ਕਿ ਉਹ 14 ਮਾਰਚ ਤੱਕ ਕੋਈ ਸਕੀਮ ਲੈ ਕੇ ਆਏ ਜਿਸ ਨਾਲ ਹਾਦਸਾ ਪੀੜਤਾਂ ਨੂੰ ਸਮੇਂ ਸਿਰ ਢੁੱਕਵਾਂ ਮੈਡੀਕਲ ਉਪਚਾਰ ਦੇ ਕੇ ਉਨ੍ਹਾਂ ਦੀਆਂ ਜਾਨਾਂ ਬਚਾਈਆਂ ਜਾ ਸਕਣ। ਐਕਟ ਦੀ ਧਾਰਾ 2(12ਏ) ਵਿਚ 'ਗੋਲਡਨ ਆਵਰ' ਦਾ ਹਵਾਲਾ ਇਕ ਘੰਟੇ ਦੀ ਵਿੰਡੋ ਵਜੋਂ ਦਿੱਤਾ ਗਿਆ ਹੈ, ਜਿਸ ਵਿਚ ਜੇਕਰ ਹਾਦਸਾ ਪੀੜਤ ਨੂੰ ਸਮੇਂ ਸਿਰ ਡਾਕਟਰੀ ਇਲਾਜ ਮਿਲ ਜਾਵੇ ਤਾਂ ਉਸ ਦੀ ਜਾਨ ਬਚਾਈ ਜਾ ਸਕਦੀ ਹੈ। ਬੈਂਚ ਨੇ ਕਿਹਾ, ''ਅਸੀਂ ਕੇਂਦਰ ਸਰਕਾਰ ਨੂੰ ਐੱਮਵੀ ਐਕਟ ਦੀ ਧਾਰਾ 162 ਦੀ ਉਪ-ਧਾਰਾ (2) ਤਹਿਤ 14 ਮਾਰਚ ਤੱਕ ਸਕੀਮ ਬਣਾਉਣ ਦੇ ਨਿਰਦੇਸ਼ ਦਿੰਦੇ ਹਾਂ। ਇਸ ਮਗਰੋਂ ਹੋਰ ਸਮਾਂ ਨਹੀਂ ਦਿੱਤਾ ਜਾਵੇਗਾ। ਸਿਖਰਲੀ ਕੋਰਟ ਨੇ ਸਕੀਮ ਦੀ ਇੱਕ ਕਾਪੀ 21 ਮਾਰਚ ਨੂੰ ਜਾਂ ਇਸ ਤੋਂ ਪਹਿਲਾਂ ਸੜਕੀ ਆਵਾਜਾਈ ਅਤੇ ਹਾਈਵੇਜ਼ ਮੰਤਰਾਲੇ ਦੇ ਸਬੰਧਤ ਅਧਿਕਾਰੀ ਦੇ ਹਲਫ਼ਨਾਮੇ ਨਾਲ ਇਸ ਨੂੰ ਲਾਗੂ ਕਰਨ ਦੇ ਤਰੀਕੇ ਦੀ ਵਿਆਖਿਆ ਕਰਦੇ ਹੋਏ ਰਿਕਾਰਡ 'ਤੇ ਰੱਖਣ ਲਈ ਕਿਹਾ ਹੈ।

## ਕੰਗਨਾ ਵੱਲੋਂ ਪ੍ਰਿਯੰਕਾ ਤੇ ਗਾਂਧੀ ਪਰਿਵਾਰ ਨੂੰ 'ਐਮਰਜੈਂਸੀ' ਦੇਖਣ ਦਾ ਸੱਦਾ



ਮੁੰਬਈ: ਬੌਲੀਵੁੱਡ ਅਦਾਕਾਰਾ ਕੰਗਨਾ ਰਣੌਤ ਨੇ ਕਿਹਾ ਹੈ ਕਿ ਉਨ੍ਹਾਂ ਕਾਂਗਰਸ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਵਾਡਰਾ ਨੂੰ ਆਪਣੀ ਫਿਲਮ 'ਐਮਰਜੈਂਸੀ' ਦੇਖਣ ਦਾ ਸੱਦਾ ਦਿੱਤਾ ਹੈ। ਫਿਲਮ 17 ਜਨਵਰੀ ਨੂੰ ਰਿਲੀਜ਼ ਹੋਣ ਜਾ ਰਹੀ ਹੈ। ਫਿਲਮ 1975 ਤੋਂ 1977 ਦੇ 21 ਮਹੀਨਿਆਂ 'ਤੇ ਆਧਾਰਿਤ ਹੈ, ਜਦੋਂ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਮੁਲਕ 'ਚ ਐਮਰਜੈਂਸੀ ਐਲਾਨੀ ਸੀ। ਫਿਲਮ 'ਚ ਇੰਦਰਾ ਗਾਂਧੀ ਦੀ ਭੂਮਿਕਾ ਨਿਭਾਉਣ ਵਾਲੀ ਕੰਗਨਾ ਨੇ ਖ਼ਬਰ ਏਜੰਸੀ ਨਾਲ ਗੱਲਬਾਤ ਕਰਦਿਆਂ ਕਿਹਾ, ''ਮੈਂ ਪ੍ਰਿਯੰਕਾ ਗਾਂਧੀ ਨੂੰ ਸੰਸਦ 'ਚ ਮਿਲੀ ਸੀ। ਸਭ ਤੋਂ ਪਹਿਲਾਂ ਮੈਂ ਉਸ ਨੂੰ ਆਖਿਆ ਕਿ ਉਹ ਐਮਰਜੈਂਸੀ ਜ਼ਰੂਰ ਦੇਖੇ। ਉਸ ਨੇ ਕਿਹਾ ਹਾਂ ਸ਼ਾਇਦ ਦੇਖਾਂਗੀ। ਹੁਣ ਪਤਾ ਲੱਗੇਗਾ ਕਿ ਉਹ ਅਤੇ ਗਾਂਧੀ ਪਰਿਵਾਰ ਫਿਲਮ ਦੇਖਣਾ ਚਾਹੁੰਦਾ ਹੈ ਜਾਂ ਨਹੀਂ। ਮੇਰੇ ਹਿਸਾਬ ਨਾਲ ਇਹ ਇਕ ਹਸਤੀ ਦੇ ਨਾਲ ਹੀ ਇਕ ਘਟਨਾ ਅਤੇ ਬਹੁਤ ਹੀ ਗੰਭੀਰ ਮੁੱਦੇ ਵਾਲੀ ਫਿਲਮ ਹੈ। ਮੈਂ ਸ੍ਰੀਮਤੀ ਗਾਂਧੀ ਦਾ ਕਿਰਦਾਰ ਨਿਭਾਉਣ ਸਮੇਂ ਬਹੁਤ ਧਿਆਨ ਰੱਖਿਆ ਹੈ। ਮੈਂ ਪੂਰੀ ਖੋਜ ਕਰਕੇ ਫਿਲਮ ਬਣਾਈ ਹੈ।'' ਕੰਗਨਾ ਨੇ ਕਿਹਾ ਕਿ ਖੋਜ ਦੌਰਾਨ ਉਸ ਨੂੰ ਇੰਦਰਾ ਗਾਂਧੀ ਦੇ ਨਿੱਜੀ ਜੀਵਨ, ਪਤੀ ਨਾਲ ਸਬੰਧ, ਕਈ ਦੋਸਤ ਹੋਣ ਅਤੇ ਵਿਵਾਦਤ ਸਮੀਕਰਨਾਂ ਦੀ ਵੀ ਜਾਣਕਾਰੀ ਮਿਲੀ। ਅਦਾਕਾਰਾ ਨੇ ਕਿਹਾ ਕਿ ਇੰਦਰਾ ਗਾਂਧੀ ਦਾ ਕਿਰਦਾਰ ਨਿਭਾਉਣ ਸਮੇਂ ਉਸ ਨੇ ਮਰਿਆਦਾ ਅੰਦਰ ਰਹਿ ਕੇ ਕੰਮ ਕੀਤਾ ਹੈ। ਉਸ ਨੇ ਕਿਹਾ ਕਿ ਹਰ ਕਿਸੇ ਨੂੰ ਇਹ ਫਿਲਮ ਦੇਖਣੀ ਚਾਹੀਦੀ ਹੈ। ਉਸ ਨੇ ਕਿਹਾ ਕਿ ਤਿੰਨ ਵਾਰ ਪ੍ਰਧਾਨ ਮੰਤਰੀ ਬਣਨਾ ਕੋਈ ਮਖੌਲ ਨਹੀਂ ਹੈ।

# ਰਾਜਧਾਨੀ ਦਿੱਲੀ 'ਚ ਵਿਧਾਨ ਸਭਾ ਚੋਣਾਂ 5 ਫਰਵਰੀ ਨੂੰ




ਨਵੀਂ ਦਿੱਲੀ: ਚੋਣ ਕਮਿਸ਼ਨ ਨੇ ਕੌਮੀ ਰਾਜਧਾਨੀ ਦਿੱਲੀ 'ਚ ਵਿਧਾਨ ਸਭਾ ਚੋਣਾਂ ਦਾ ਅੱਜ ਐਲਾਨ ਕਰ ਦਿੱਤਾ ਹੈ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ 70 ਮੈਂਬਰੀ ਵਿਧਾਨ ਸਭਾ ਲਈ ਵੋਟਾਂ 5 ਫਰਵਰੀ ਨੂੰ ਪੈਣਗੀਆਂ ਅਤੇ ਨਤੀਜੇ 8 ਫਰਵਰੀ ਨੂੰ ਐਲਾਨੇ ਜਾਣਗੇ। ਦਿੱਲੀ 'ਚ 'ਆਪ', ਭਾਜਪਾ ਅਤੇ ਕਾਂਗਰਸ ਵਿਚਾਲੇ ਤਿਕੋਣਾ ਮੁਕਾਬਲਾ ਦੇਖਣ ਨੂੰ ਮਿਲੇਗਾ। ਸਾਲ 2020 ਦੀਆਂ ਚੋਣਾਂ 'ਚ 'ਆਪ' ਨੇ 62 ਅਤੇ ਭਾਜਪਾ ਨੇ 8 ਸੀਟਾਂ ਜਿੱਤੀਆਂ ਸਨ ਜਦਕਿ ਕਾਂਗਰਸ ਨੂੰ ਇਕ ਵੀ ਸੀਟ ਨਹੀਂ ਮਿਲੀ ਸੀ। ਇਸ ਦੇ ਨਾਲ ਦੋ ਵਿਧਾਨ ਸਭਾ ਹਲਕਿਆਂ ਤਾਮਿਲ ਨਾਡੂ ਦੇ ਇਰੋਡ ਅਤੇ ਉੱਤਰ ਪ੍ਰਦੇਸ਼ ਦੇ ਮਿਲਕੀਪੁਰ 'ਚ ਜ਼ਿਮਨੀ ਚੋਣਾਂ ਲਈ ਵੋਟਾਂ ਵੀ 5 ਫਰਵਰੀ ਨੂੰ ਹੀ ਪੈਣਗੀਆਂ। ਜੰਮੂ ਕਸ਼ਮੀਰ 'ਚ ਠੰਢ ਜ਼ਿਆਦਾ ਹੋਣ ਕਾਰਨ ਦੋ ਹਲਕਿਆਂ ਬਡਗਾਮ ਅਤੇ ਨਗਰੋਟਾ 'ਚ ਜ਼ਿਮਨੀ ਚੋਣਾਂ ਦਾ ਬਾਅਦ 'ਚ ਐਲਾਨ ਕੀਤਾ ਜਾਵੇਗਾ। ਦਿੱਲੀ 'ਚ ਨਾਮਜ਼ਦਗੀ ਕਾਗਜ਼ ਦਾਖ਼ਲ ਕਰਨ ਦੀ ਆਖਰੀ ਤਰੀਕ 17 ਜਨਵਰੀ ਹੈ। ਅਗਲੇ ਦਿਨ ਨਾਮਜ਼ਦਗੀਆਂ ਦੀ ਪੜਤਾਲ ਹੋਵੇਗੀ ਅਤੇ ਉਮੀਦਵਾਰ 20 ਜਨਵਰੀ ਤੱਕ ਕਾਗਜ਼ ਵਾਪਸ ਲੈ ਸਕਦੇ ਹਨ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ, ''ਦਿੱਲੀ 'ਚ ਇਕੋ ਗੇੜ 'ਚ ਵੋਟਾਂ ਪੈਣਗੀਆਂ। ਅਸੀਂ ਜਾਣਬੁੱਝ ਕੇ ਵੋਟਿੰਗ ਦਾ ਦਿਨ ਬੁੱਧਵਾਰ ਰੱਖਿਆ ਹੈ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਲੋਕ ਵੋਟ ਪਾਉਣ ਲਈ ਘਰਾਂ ਤੋਂ ਬਾਹਰ ਨਿਕਲਣ। ਅਸੀਂ ਮਹਾਰਾਸ਼ਟਰ 'ਚ ਵੀ ਇੰਜ ਹੀ ਕੀਤਾ ਸੀ। ਪੂਰਾ ਚੋਣ ਅਮਲ 10 ਫਰਵਰੀ ਤੱਕ ਮੁਕੰਮਲ ਹੋ ਜਾਵੇਗਾ।'' ਦਿੱਲੀ ਦੀਆਂ 70 ਸੀਟਾਂ 'ਚੋਂ 58 ਜਨਰਲ ਅਤੇ 12 ਰਾਖਵੀਆਂ ਹਨ। ਚੋਣ ਸੂਚੀ ਮੁਤਾਬਕ ਦਿੱਲੀ 'ਚ ਕੁੱਲ 1.55 ਕਰੋੜ ਵੋਟਰ ਹਨ ਜਿਨ੍ਹਾਂ 'ਚ 83.49 ਲੱਖ ਪੁਰਸ਼, 71.74 ਲੱਖ ਔਰਤਾਂ ਅਤੇ 1,261 ਟਰਾਂਸਜੈਂਡਰ ਸ਼ਾਮਲ ਹਨ। ਮੁੱਖ ਚੋਣ ਕਮਿਸ਼ਨਰ ਨੇ ਕਿਹਾ ਕਿ 25.89 ਲੱਖ ਨੌਜਵਾਨ ਵੋਟਰ ਹਨ। ਇਸ ਤੋਂ ਇਲਾਵਾ 2.08 ਲੱਖ ਵੋਟਰ ਪਹਿਲੀ ਵਾਰ ਆਪਣੇ ਵੋਟਿੰਗ ਹੱਕ ਦੀ ਵਰਤੋਂ ਕਰਨਗੇ। ਦਿੱਲੀ 'ਚ 100 ਸਾਲ ਤੋਂ ਵਧ ਉਮਰ ਵਾਲੇ 830 ਵੋਟਰ ਵੀ ਹਨ। ਉਨ੍ਹਾਂ ਕਿਹਾ ਕਿ ਵੋਟਿੰਗ ਲਈ 13,000 ਤੋਂ ਵਧ ਪੋਲਿੰਗ ਸਟੇਸ਼ਨ ਬਣਾਏ ਜਾਣਗੇ। ਸ੍ਰੀ ਰਾਜੀਵ ਕੁਮਾਰ ਨੇ ਕਿਹਾ ਕਿ ਜੰਮੂ ਕਸ਼ਮੀਰ ਦੇ ਬਡਗਾਮ ਅਤੇ ਨਗਰੋਟਾ 'ਚ ਵੀ ਜ਼ਿਮਨੀ ਚੋਣਾਂ ਤੈਅ ਹਨ ਪਰ ਉਥੇ ਬਰਫ਼ਬਾਰੀ ਅਤੇ ਠੰਢ ਦੇ ਮੌਸਮ ਕਾਰਨ ਚੋਣਾਂ ਬਾਅਦ 'ਚ ਕਰਵਾਈਆਂ ਜਾਣਗੀਆਂ।

ਉਨ੍ਹਾਂ ਕਿਹਾ ਕਿ ਉਥੇ ਚੋਣਾਂ ਕਰਾਉਣ ਲਈ ਅਪਰੈਲ ਤੱਕ ਦਾ ਸਮਾਂ ਹੈ। ਮੁੱਖ ਚੋਣ ਕਮਿਸ਼ਨਰ ਨੇ ਕਿਹਾ ਕਿ ਪੱਛਮੀ ਬੰਗਾਲ ਦੇ ਬਸ਼ੀਰਹਾਟ ਅਤੇ ਗੁਜਰਾਤ ਦੇ ਵਿਸਾਵਦਰ ਲੋਕ ਸਭਾ ਹਲਕਿਆਂ 'ਚ ਵੀ ਵੋਟਾਂ ਪੈਣੀਆਂ ਹਨ ਪਰ ਚੋਣ ਪਟੀਸ਼ਨਾਂ ਬਕਾਇਆ ਹੋਣ ਕਰਕੇ ਉਹ ਉਥੇ ਜ਼ਿਮਨੀ ਚੋਣ ਨਹੀਂ ਕਰਵਾ ਸਕਦੇ ਹਨ।

# ਤਿੱਬਤ 'ਚ ਜ਼ੋਰਦਾਰ ਭੂਚਾਲ ਕਾਰਨ 126 ਮੌਤਾਂ

ਚੰਡੀਗੜ੍ਹ: ਪੰਜਾਬ ਵਿੱਚ ਸੰਘਣੀ ਧੁੰਦ ਤੇ ਸੀਤ ਲਹਿਰ ਦਾ ਕਹਿਰ ਜਾਰੀ ਹੈ। ਇਸ ਕਾਰਨ ਆਮ ਜਨ-ਜੀਵਨ ਪ੍ਰਭਾਵਿਤ ਹੋ ਗਿਆ। ਸੰਘਣੀ ਧੁੰਦ ਕਾਰਨ ਜਿੱਥੇ ਲੋਕਾਂ ਨੂੰ ਵਾਹਨ ਚਲਾਉਣ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ, ਉੱਥੇ ਹੀ ਲੋਕ ਆਪਣੇ ਘਰਾਂ ਵਿੱਚੋਂ ਲੋੜ ਪੈਣ 'ਤੇ ਹੀ ਬਾਹਰ ਨਿਕਲਦੇ ਦਿਖਾਈ ਦਿੱਤੇ। ਪੰਜਾਬ ਵਿੱਚ ਰਾਤ ਸਮੇਂ ਗੁਰਦਾਸਪੁਰ ਅਤੇ ਦਿਨ ਵੇਲੇ ਫ਼ਤਹਿਗੜ੍ਹ ਸਾਹਿਬ ਸਭ ਤੋਂ ਠੰਢੇ ਰਹੇ। ਗੁਰਦਾਸਪੁਰ ਵਿੱਚ ਘੱਟ ਤੋਂ ਘੱਟ ਤਾਪਮਾਨ 5 ਡਿਗਰੀ ਸੈਲਸੀਅਸ ਰਿਹਾ। ਇਸ ਦੇ ਨਾਲ ਹੀ ਮੌਸਮ ਵਿਗਿਆਨੀਆਂ ਨੇ ਸੂਬੇ ਵਿੱਚ 8 ਤੇ 9 ਜਨਵਰੀ ਨੂੰ ਸੰਘਣੀ ਧੁੰਦ ਤੇ ਸੀਤ ਲਹਿਰ ਚੱਲਣ ਦੀ ਪੇਸ਼ੀਨਗੋਈ ਕੀਤੀ ਹੈ।

ਮੌਸਮ ਵਿਭਾਗ ਨੇ ਇਨ੍ਹਾਂ ਦੋ ਦਿਨਾਂ ਲਈ ਓਰੇਂਜ ਅਲਰਟ ਵੀ ਜਾਰੀ ਕਰ ਦਿੱਤਾ ਹੈ। ਲੰਘੀ ਰਾਤ ਤੋਂ ਹੀ ਪੰਜਾਬ ਵਿੱਚ ਸੰਘਣੀ ਧੁੰਦ ਦਾ ਕਹਿਰ ਜਾਰੀ ਰਿਹਾ, ਜਿਸ ਕਾਰਨ ਅੱਜ ਸਵੇਰ ਸਮੇਂ ਸੜਕਾਂ 'ਤੇ ਦੂਰ ਤੱਕ ਦਿਖਣ ਦੀ ਹੱਦ ਸੀਮਤ ਹੀ ਰਹੀ।



ਸੜਕਾਂ 'ਤੇ ਕੁਝ ਦਿਖਾਈ ਨਾ ਦੇਣ ਕਰਕੇ ਸੜਕ ਹਾਦਸਿਆਂ ਦਾ ਡਰ ਬਣਿਆ ਰਿਹਾ, ਜਦੋਂਕਿ ਇੱਕਾ-ਦੁੱਕਾ ਥਾਵਾਂ 'ਤੇ ਸੜਕ ਹਾਦਸੇ ਵਾਪਰੇ ਵੀ। ਦੂਜੇ ਪਾਸੇ ਸੰਘਣੀ ਧੁੰਦ ਕਰਕੇ ਕਿਸਾਨਾਂ ਦੇ ਚਿਹਰੇ ਖਿੜ ਗਏ। ਇਹ ਧੁੰਦ ਖੇਤੀ ਲਈ ਲਾਹੇਵੰਦ ਦੱਸੀ ਜਾ ਰਹੀ ਹੈ ਪਰ ਜ਼ਿਆਦਾ ਠੰਢ ਪੈਣ ਕਰਕੇ ਰੋਜ਼ਾਨਾ ਦਿਹਾੜੀ ਕਰਕੇ ਕਮਾਉਣ ਵਾਲਿਆਂ ਦਾ ਕੰਮਕਾਜ ਜ਼ਰੂਰ ਪ੍ਰਭਾਵਿਤ ਹੋ ਗਿਆ ਹੈ।

## ਅਸਾਮ 'ਚ 300 ਫੁੱਟ ਡੂੰਘੀ ਕੋਲੇ ਦੀ ਖਾਨ 'ਚ ਭਰਿਆ ਪਾਣੀ, 15 ਮਜ਼ਦੂਰ ਫਸੇ

ਅਸਾਮ: ਅਸਾਮ ਦੇ ਦੀਮਾ ਹਸਾਓ ਜ਼ਿਲ੍ਹੇ ਵਿਚ ਉਮਰਾਂਗਸੋ ਵਿਚ 300 ਫੁਟ ਡੂੰਘੀ ਕੋਲੇ ਦੀ ਖਾਣ ਵਿਚ ਸੋਮਵਾਰ ਨੂੰ ਅਚਾਨਕ ਪਾਣੀ ਭਰ ਗਿਆ, ਜਿਸ ਨਾਲ 15 ਮਜ਼ਦੂਰ ਅੰਦਰ ਫਸ ਗਏ। ਹੁਣ ਇਨ੍ਹਾਂ ਮਜ਼ਦੂਰਾਂ ਨੂੰ ਬਚਾਉਣ ਲਈ ਭਾਰਤੀ ਫ਼ੌਜ ਤਾਇਨਾਤ ਕਰ ਦਿਤੀ ਗਈ ਹੈ। NDRF ਦੀਆਂ ਟੀਮਾਂ ਵੀ ਮਦਦ ਕਰ ਰਹੀਆਂ ਹਨ। ਅਸਾਮ ਦੇ ਮਾਈਨਿੰਗ ਮੰਤਰੀ ਕੌਸ਼ਿਕ ਰਾਏ ਮੌਕੇ 'ਤੇ ਮੌਜੂਦ ਹਨ। ਇੰਜਨੀਅਰ ਟਾਸਕ ਫ਼ੋਰਸ ਦੇ ਨਾਲ ਗੋਤਾਖੋਰ ਅਤੇ ਭਾਰਤੀ ਫ਼ੌਜ ਅਤੇ ਅਸਾਮ ਰਾਈਫ਼ਲਜ਼ ਦੀਆਂ ਮੈਡੀਕਲ ਟੀਮਾਂ ਬਚਾਅ ਵਿਚ ਸ਼ਾਮਲ ਹੋ ਗਈਆਂ ਹਨ। ਰਿਪੋਰਟਾਂ ਮੁਤਾਬਕ ਇਹ ਰੈਟ ਮਾਈਨਿੰਗ ਦੀ ਖਾਨ ਹੈ। ਇਸ 'ਚ 100 ਫ਼ੁਟ ਤਕ ਪਾਣੀ ਨਾਲ ਭਰ ਗਿਆ, ਜਿਸ ਨੂੰ ਦੋ ਮੋਟਰਾਂ ਦੀ ਮਦਦ ਨਾਲ ਹਟਾਇਆ ਜਾ ਰਿਹਾ ਹੈ। ਦੀਮਾ ਹਸਾਓ ਜ਼ਿਲ੍ਹੇ ਦੇ ਐਸ.ਪੀ ਮਯੰਕ ਝਾਅ ਨੇ ਦਸਿਆ ਕਿ ਖਾਨ ਵਿਚ ਕਈ ਮਜ਼ਦੂਰਾਂ ਦੇ ਫਸੇ ਹੋਣ ਦਾ ਖ਼ਦਸ਼ਾ ਹੈ। ਚਸ਼ਮਦੀਦਾਂ



ਦੇ ਬਿਆਨਾਂ ਅਨੁਸਾਰ ਅਚਾਨਕ ਪਾਣੀ ਆ ਗਿਆ, ਜਿਸ ਕਾਰਨ ਮਜ਼ਦੂਰ ਖਾਨ ਵਿਚੋਂ ਬਾਹਰ ਨਹੀਂ ਆ ਸਕੇ। ਐਮਰਜੈਂਸੀ ਰਿਸਪਾਂਸ ਟੀਮ, ਸਥਾਨਕ ਅਧਿਕਾਰੀਆਂ ਅਤੇ ਮਾਈਨਿੰਗ ਮਾਹਿਰਾਂ ਦੀਆਂ ਟੀਮਾਂ ਨਾਲ ਬਚਾਅ ਕਾਰਜ ਸ਼ੁਰੂ ਕਰ ਦਿਤੇ ਗਏ ਹਨ। ਖਾਨ ਵਿਚ ਫਸੇ ਮਜ਼ਦੂਰਾਂ ਦਾ ਪਤਾ ਲਗਾਇਆ ਜਾ ਰਿਹਾ ਹੈ।

# ਪੁਲਿਸ ਨੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਨੂੰ ਕੀਤਾ ਨਜ਼ਰਬੰਦ



ਖਡੂਰ ਸਾਹਿਬ: ਡਿਬਰੂਗੜ੍ਹ ਜੇਲ 'ਚ ਬੰਦ ਵਾਰਿਸ ਪੰਜਾਬ ਦੇ ਮੁਖੀ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੂੰ ਮੰਗਲਵਾਰ ਨੂੰ ਪੁਲਿਸ ਨੇ ਘਰ ਵਿਚ ਨਜ਼ਰਬੰਦ ਕਰ ਦਿਤਾ। ਕੁੱਝ ਹੀ ਦੇਰ ਵਿਚ ਭਾਰੀ ਪੁਲਿਸ ਫੋਰਸ ਉਨ੍ਹਾਂ ਦੇ ਪਿੰਡ ਜੱਲੂਪੁਰ ਖੇੜਾ ਪਹੁੰਚ ਗਈ ਅਤੇ ਉਨ੍ਹਾਂ ਦੀ ਰਿਹਾਇਸ਼ ਨੂੰ ਚਾਰੇ ਪਾਸਿਓਂ ਘੇਰ ਲਿਆ ਗਿਆ।ਤਰਸੇਮ ਸਿੰਘ ਨੇ ਹਾਲ ਹੀ ਵਿਚ ਨਵੀਂ ਪਾਰਟੀ ਬਣਾਉਣ ਦਾ ਐਲਾਨ ਕੀਤਾ ਸੀ। ਜਾਣਕਾਰੀ ਅਨੁਸਾਰ ਇਹ ਪਾਰਟੀ ਮਾਘੀ ਮੇਲੇ ਦੌਰਾਨ ਬਣਾਈ ਜਾਣੀ ਸੀ। ਅੰਮ੍ਰਿਤਪਾਲ ਸਿੰਘ ਨਾਲ ਗੱਲਬਾਤ ਕਰਨ ਤੋਂ ਬਾਅਦ ਤਰਸੇਮ ਸਿੰਘ ਨੇ ਨਵੀਂ ਪਾਰਟੀ ਦੇ ਅਹੁਦੇਦਾਰਾਂ ਦਾ ਐਲਾਨ ਕਰਨਾ ਸੀ। ਇਸ ਤੋਂ ਇਲਾਵਾ ਉਨ੍ਹਾਂ ਨੇ ਕੌਮੀ ਇਨਸਾਫ਼ ਮੋਰਚਾ ਵਿਚ ਅਪਣੇ ਸਮਰਥਕਾਂ ਸਮੇਤ ਮੇਲੇ ਵਿਚ ਸ਼ਾਮਲ ਹੋਣਾ ਸੀ।ਪਿੰਡ ਜੱਲੂਪੁਰ ਖੇੜਾ ਵਿਚ ਸੋਮਵਾਰ ਦੇਰ ਰਾਤ ਤੋਂ ਹੀ ਪੁਲਿਸ ਦਾ ਇਕੱਠ ਸ਼ੁਰੂ ਹੋ ਗਿਆ ਸੀ। ਮੰਗਲਵਾਰ ਸਵੇਰ ਤਕ ਪੂਰਾ ਪਿੰਡ ਪੁਲਿਸ ਦੀ ਘੇਰਾਬੰਦੀ ਵਿਚ ਆ ਗਿਆ। ਪਿੰਡ ਦੇ ਲੋਕਾਂ ਨੇ ਦਸਿਆ ਕਿ ਅੰਮ੍ਰਿਤਪਾਲ ਸਿੰਘ ਦੇ ਘਰ ਦੇ ਬਾਹਰ 100 ਤੋਂ ਵੱਧ ਪੁਲਿਸ ਮੁਲਾਜ਼ਮ ਵਿਸ਼ੇਸ਼ ਤੌਰ 'ਤੇ ਤਾਇਨਾਤ ਹਨ। ਪੁਲਿਸ ਅਧਿਕਾਰੀਆਂ ਨੇ ਅਜੇ ਤਕ ਇਸ ਘਟਨਾ ਬਾਰੇ ਕੋਈ ਪ੍ਰਗਟਾਵਾ ਨਹੀਂ ਕੀਤਾ ਹੈ।

## ਇਜ਼ਰਾਈਲ ਦੇ ਕਬਜ਼ੇ ਵਾਲੇ ਪੱਛਮੀ ਕੰਢੇ 'ਚ ਬੱਸ 'ਤੇ ਹਮਲਾ, ਤਿੰਨ ਹਲਾਕ

ਤਲ ਅਵੀਵ: ਇਜ਼ਰਾਈਲ ਦੇ ਕਬਜ਼ੇ ਵਾਲੇ ਪੱਛਮੀ ਕੰਢੇ 'ਚ ਇਜ਼ਰਾਇਲੀਆਂ ਨੂੰ ਲਿਜਾ ਰਹੀ ਬੱਸ 'ਤੇ ਗੋਲੀਬਾਰੀ 'ਚ ਤਿੰਨ ਵਿਅਕਤੀ ਮਾਰੇ ਗਏ।

ਬੰਦੂਕਧਾਰੀਆਂ ਦੇ ਹਮਲੇ 'ਚ ਸੱਤ ਹੋਰ ਵਿਅਕਤੀ ਜ਼ਖ਼ਮੀ ਹੋਏ ਹਨ। ਹਮਾਸ ਵੱਲੋਂ 7 ਅਕਤੂਬਰ, 2023 ਨੂੰ ਕੀਤੇ ਗਏ ਹਮਲੇ ਮਗਰੋਂ ਖ਼ਿੱਤੇ 'ਚ ਹਿੰਸਾ ਵਧ ਗਈ ਹੈ। ਇਹ ਹਮਲਾ ਫਲਸਤੀਨੀ ਪਿੰਡ ਅਲ-ਫੁੰਦੁਕ 'ਚ ਹੋਇਆ ਹੈ ਜੋ ਖੇਤਰ ਨੂੰ ਪਾਰ ਕਰਨ ਵਾਲੀ ਮੁੱਖ ਪੂਰਬੀ-ਪੱਛਮੀ ਸੜਕਾਂ 'ਚੋਂ ਇਕ ਹੈ। ਇਜ਼ਰਾਈਲ ਦੀ ਮੈਗਨ ਡੇਵਿਡ ਅਡੋਮ ਬਚਾਅ ਸੇਵਾ ਨੇ ਕਿਹਾ ਕਿ ਹਮਲੇ 'ਚ 60 ਸਾਲ ਦੀਆਂ ਦੋ ਔਰਤਾਂ ਅਤੇ 40 ਵਰ੍ਹਿਆਂ ਦਾ ਇਕ ਵਿਅਕਤੀ ਮਾਰੇ ਗਏ ਹਨ। ਫੌਜ ਨੇ ਕਿਹਾ ਕਿ ਉਹ ਹਮਲਾਵਰਾਂ ਦੀ ਭਾਲ ਕਰ ਰਹੀ ਹੈ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਹਮਲੇ 'ਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਹਮਾਸ ਨੇ ਇਕ ਬਿਆਨ 'ਚ ਹਮਲੇ ਦੀ ਸ਼ਲਾਘਾ ਕੀਤੀ ਪਰ ਉਨ੍ਹਾਂ ਇਸ ਦੀ ਜ਼ਿੰਮੇਵਾਰੀ ਨਹੀਂ ਲਈ। ਜ਼ਿਕਰਯੋਗ ਹੈ ਕਿ ਇਜ਼ਰਾਈਲ ਨੇ 1967 ਦੀ ਜੰਗ 'ਚ ਪੱਛਮੀ ਕੰਢੇ ਅਤੇ ਪੂਰਬੀ ਯੇਰੂਸ਼ਲਮ 'ਤੇ ਕਬਜ਼ਾ ਕਰ ਲਿਆ ਸੀ।

ਇਜ਼ਰਾਈਲ ਦੇ ਰੱਖਿਆ ਮੰਤਰੀ ਇਸਰਾਈਲ ਕਾਟਜ਼ ਨੇ ਕਿਹਾ ਕਿ ਉਨ੍ਹਾਂ ਹਮਲੇ ਦਾ ਜ਼ੋਰਦਾਰ ਢੰਗ ਨਾਲ ਜਵਾਬ ਦੇਣ ਦੇ ਨਿਰਦੇਸ਼ ਦਿੱਤੇ ਹਨ। ਇਜ਼ਰਾਇਲੀ ਆਰਮੀ ਰੇਡੀਓ ਨੇ ਕਿਹਾ ਕਿ ਫੌਜ ਨੇ ਹਮਲੇ ਵਾਲੀ ਥਾਂ ਨੇੜਲੇ ਸਾਰੇ ਪਿੰਡਾਂ ਨੂੰ ਘੇਰਾ ਪਾ ਕੇ ਹਮਲਾਵਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਨੂੰ ਸ਼ੱਕ ਹੈ ਕਿ ਹਮਲਾਵਰ ਨੇੜਲੇ ਫਲਸਤੀਨੀ ਪਿੰਡ ਵੱਲ ਭੱਜ ਗਏ ਹਨ।

# ਸੰਘਣੀ ਧੁੰਦ ਤੇ ਸੀਤ ਲਹਿਰ ਦਾ ਕਹਿਰ ਬਰਕਰਾਰ



ਚੰਡੀਗੜ੍ਹ: ਪੰਜਾਬ ਵਿੱਚ ਸੰਘਣੀ ਧੁੰਦ ਤੇ ਸੀਤ ਲਹਿਰ ਦਾ ਕਹਿਰ ਜਾਰੀ ਹੈ। ਇਸ ਕਾਰਨ ਆਮ ਜਨ-ਜੀਵਨ ਪ੍ਰਭਾਵਿਤ ਹੋ ਗਿਆ। ਸੰਘਣੀ ਧੁੰਦ ਕਾਰਨ ਜਿੱਥੇ ਲੋਕਾਂ ਨੂੰ ਵਾਹਨ ਚਲਾਉਣ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ, ਉੱਥੇ ਹੀ ਲੋਕ ਆਪਣੇ ਘਰਾਂ ਵਿੱਚੋਂ ਲੋੜ ਪੈਣ 'ਤੇ ਹੀ ਬਾਹਰ ਨਿਕਲਦੇ ਦਿਖਾਈ ਦਿੱਤੇ। ਪੰਜਾਬ ਵਿੱਚ ਰਾਤ ਸਮੇਂ ਗੁਰਦਾਸਪੁਰ ਅਤੇ ਦਿਨ ਵੇਲੇ ਫ਼ਤਹਿਗੜ੍ਹ ਸਾਹਿਬ ਸਭ ਤੋਂ ਠੰਢੇ ਰਹੇ। ਗੁਰਦਾਸਪੁਰ ਵਿੱਚ ਘੱਟ ਤੋਂ ਘੱਟ ਤਾਪਮਾਨ 5 ਡਿਗਰੀ ਸੈਲਸੀਅਸ ਰਿਹਾ। ਇਸ ਦੇ ਨਾਲ ਹੀ ਮੌਸਮ ਵਿਗਿਆਨੀਆਂ ਨੇ ਸੂਬੇ ਵਿੱਚ 8 ਤੇ 9 ਜਨਵਰੀ ਨੂੰ ਸੰਘਣੀ ਧੁੰਦ ਤੇ ਸੀਤ ਲਹਿਰ ਚੱਲਣ ਦੀ ਪੇਸ਼ੀਨਗੋਈ ਕੀਤੀ ਹੈ। ਮੌਸਮ ਵਿਭਾਗ ਨੇ ਇਨ੍ਹਾਂ ਦੋ ਦਿਨਾਂ ਲਈ ਓਰੇਂਜ ਅਲਰਟ ਵੀ ਜਾਰੀ ਕਰ ਦਿੱਤਾ ਹੈ। ਲੰਘੀ ਰਾਤ ਤੋਂ ਹੀ ਪੰਜਾਬ ਵਿੱਚ ਸੰਘਣੀ ਧੁੰਦ ਦਾ ਕਹਿਰ ਜਾਰੀ ਰਿਹਾ, ਜਿਸ ਕਾਰਨ ਅੱਜ ਸਵੇਰ ਸਮੇਂ ਸੜਕਾਂ 'ਤੇ ਦੂਰ ਤੱਕ ਦਿਖਣ ਦੀ ਹੱਦ ਸੀਮਤ ਹੀ ਰਹੀ। ਸੜਕਾਂ 'ਤੇ ਕੁਝ ਦਿਖਾਈ ਨਾ ਦੇਣ ਕਰਕੇ ਸੜਕ ਹਾਦਸਿਆਂ ਦਾ ਡਰ ਬਣਿਆ ਰਿਹਾ, ਜਦੋਂਕਿ ਇੱਕਾ-ਦੁੱਕਾ ਥਾਵਾਂ 'ਤੇ ਸੜਕ ਹਾਦਸੇ ਵਾਪਰੇ ਵੀ। ਦੂਜੇ ਪਾਸੇ ਸੰਘਣੀ ਧੁੰਦ ਕਰਕੇ ਕਿਸਾਨਾਂ ਦੇ ਚਿਹਰੇ ਖਿੜ ਗਏ। ਇਹ ਧੁੰਦ ਖੇਤੀ ਲਈ ਲਾਹੇਵੰਦ ਦੱਸੀ ਜਾ ਰਹੀ ਹੈ ਪਰ ਜ਼ਿਆਦਾ ਠੰਢ ਪੈਣ ਕਰਕੇ ਰੋਜ਼ਾਨਾ ਦਿਹਾੜੀ ਕਰਕੇ ਕਮਾਉਣ ਵਾਲਿਆਂ ਦਾ ਕੰਮਕਾਜ ਜ਼ਰੂਰ ਪ੍ਰਭਾਵਿਤ ਹੋ ਗਿਆ ਹੈ।

## ਚੀਨ ਨੇ ਮਾਊਂਟ ਐਵਰੇਸਟ ਦੇ ਖੇਤਰਾਂ ਨੂੰ ਸੈਲਾਨੀਆਂ ਲਈ ਬੰਦ ਕੀਤਾ



ਬੀਜਿੰਗ: ਚੀਨ ਨੇ ਮੰਗਲਵਾਰ ਨੂੰ ਤਿੱਬਤ ਵਿੱਚ ਆਏ 6.8 ਸ਼ਿੱਦਤ ਦੇ ਭੂਚਾਲ ਤੋਂ ਬਾਅਦ ਮਾਊਂਟ ਐਵਰੇਸਟ ਦੇ ਆਪਣੇ ਹਿੱਸੇ ਦੇ ਖੇਤਰਾਂ ਨੂੰ ਸੈਲਾਨੀਆਂ ਲਈ ਬੰਦ ਕਰ ਦਿੱਤਾ ਹੈ। ਮਾਊਂਟ ਐਵਰੇਸਟ ਨੂੰ ਮਾਊਂਟ ਕਿਊਮੋਲੰਗਮਾ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ। ਡਿੰਗਰੀ ਦੁਨੀਆਂ ਦੀ ਸਭ ਤੋਂ ਉੱਚੀ ਚੋਟੀ ਦਾ ਸ਼ਿਵਿਰ ਹੈ। ਸਥਾਨਕ ਅਧਿਕਾਰੀਆਂ ਅਨੁਸਾਰ ਭੂਚਾਲ ਦੇ ਬਾਅਦ ਕਰਮਚਾਰੀ ਅਤੇ ਸੈਲਾਨੀ ਸੁਰੱਖਿਅਤ ਹਨ। ਸਮਾਚਾਰ ਏਜੰਸੀ ਸਿਨਹੂਆ ਨੇ ਡਿੰਗਰੀ ਕਲਚਰ ਐਂਡ ਟੂਰਿਜ਼ਮ ਬਿਊਰੋ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਸੁੰਦਰ ਖੇਤਰ ਵਿਚ ਹੋਟਲ ਦੀਆਂ ਇਮਾਰਤਾਂ ਅਤੇ ਆਸਪਾਸ ਦਾ ਖੇਤਰ ਠੀਕ ਹੈ। ਹਾਲਾਂਕਿ, ਡਿੰਗਰੀ ਵਿੱਚ ਸਥਿਤ ਚੀਨੀ ਵਿਗਿਆਨ ਅਕਾਦਮੀ ਦੇ ਵਾਇਮੁੰਡਲ ਅਤੇ ਪਰਿਆਵਰਨ ਅਨੁਸੰਧਾਨ ਲਈ ਕਿਊਮੋਲੰਗਮਾ ਸਟੇਸ਼ਨ ਵਿੱਚ ਬਿਜਲੀ ਗੁਲ ਹੈ। ਇਸ ਦੇ ਬਾਵਜੂਦ ਸੁਵਿਧਾਵਾਂ ਚੰਗੀ ਸਥਿਤੀ ਵਿੱਚ ਹਨ।

# ਕੈਨੇਡਾ ਦੀ ਅਮਰੀਕਾ 'ਚ ਸ਼ਾਮਿਲ ਹੋਣ ਦੀ ਪੇਸ਼ਕਸ਼ ਟਰੰਪ ਨੇ ਦੁਹਰਾਈ, ਕਿਹਾ- ਅਮਰੀਕਾ ਹੋਰ ਸਬਸਿਡੀ ਨਹੀਂ ਦੇ ਸਕਦਾ



ਵਾਸ਼ਿੰਗਟਨ: ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਨੂੰ ਇਕ ਵਾਰ ਫਿਰ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਰਾਜ ਬਣਨ ਦੀ ਪੇਸ਼ਕਸ਼ ਕੀਤੀ ਹੈ। ਟਰੰਪ ਨੇ ਇਹ ਪੇਸ਼ਕਸ਼ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਅਸਤੀਫੇ ਤੋਂ ਕੁਝ ਘੰਟੇ ਬਾਅਦ ਹੀ ਸੋਸ਼ਲ ਮੀਡੀਆ ਰਾਹੀਂ ਕੀਤੀ ਹੈ। ਟਰੰਪ ਨੇ ਕਿਹਾ ਕਿ ਅਮਰੀਕਾ ਹੁਣ ਕੈਨੇਡਾ ਨਾਲ ਹੋਰ ਵਪਾਰਕ ਘਾਟਾ ਨਹੀਂ ਝੱਲ ਸਕਦਾ ਅਤੇ ਨਾ ਹੀ ਹੋਰ ਸਬਸਿਡੀਆਂ ਦੇ ਸਕਦਾ ਹੈ। ਕੈਨੇਡਾ ਨੂੰ ਆਪਣੇ ਬਚਾਅ ਲਈ ਇਸ ਦੀ ਸਖ਼ਤ ਲੋੜ ਹੈ। ਟਰੂਡੋ ਨੂੰ ਇਹ ਪਤਾ ਸੀ, ਇਸ ਲਈ ਉਨ੍ਹਾਂ ਅਸਤੀਫਾ ਦੇ ਦਿੱਤਾ। ਟਰੰਪ ਨੇ ਕਿਹਾ ਕਿ ਜੇਕਰ ਕੈਨੇਡਾ ਅਮਰੀਕਾ ਨਾਲ ਜੁੜ ਜਾਂਦਾ ਹੈ ਤਾਂ ਕੋਈ ਟੈਰਿਫ ਨਹੀਂ ਹੋਵੇਗਾ, ਟੈਕਸ ਬਹੁਤ ਘੱਟ ਹੋ ਜਾਣਗੇ। ਇਸ ਨਾਲ ਕੈਨੇਡਾ ਰੂਸੀ ਅਤੇ ਚੀਨੀ ਜਹਾਜ਼ਾਂ ਦੇ ਖਤਰੇ ਤੋਂ ਪੂਰੀ ਤਰ੍ਹਾਂ ਸੁਰੱਖਿਅਤ ਹੋ ਜਾਵੇਗਾ। ਟਰੂਡੋ ਨੇ ਨਵੰਬਰ 2024 ਵਿੱਚ ਫਲੋਰੀਡਾ ਵਿੱਚ ਟਰੰਪ ਨਾਲ ਮੁਲਾਕਾਤ ਕੀਤੀ ਸੀ। ਇਸ ਦੌਰਾਨ ਵੀ ਟਰੰਪ ਨੇ ਮਜ਼ਾਕ ਵਿਚ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਸੂਬਾ ਬਣਾਉਣ ਦੀ ਪੇਸ਼ਕਸ਼ ਕੀਤੀ ਸੀ। ਟਰੰਪ ਨੇ ਸੋਸ਼ਲ ਮੀਡੀਆ 'ਤੇ ਅਜਿਹੀ ਗੱਲ ਲਿਖ ਕੇ ਟਰੂਡੋ ਨੂੰ ਕੈਨੇਡਾ ਦਾ ਗਵਰਨਰ ਕਿਹਾ ਸੀ।

# ਸੁਪਰੀਮ ਕੋਰਟ ਨੇ ਕੇਂਦਰੀ, ਸੂਬਾ ਸੂਚਨਾ ਕਮਿਸ਼ਨਾਂ 'ਚ ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਭਰਨ ਦੇ ਦਿੱਤੇ ਹੁਕਮ



ਨਵੀਂ ਦਿੱਲੀ: ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕੇਂਦਰੀ ਸੂਚਨਾ ਕਮਿਸ਼ਨ (ਸੀ.ਆਈ.ਸੀ.) ਅਤੇ ਸੂਬਾ ਸੂਚਨਾ ਕਮਿਸ਼ਨਾਂ (ਐੱਸ.ਆਈ.ਸੀ.) 'ਚ ਖਾਲੀ ਪਈਆਂ ਅਸਾਮੀਆਂ 'ਤੇ ਨਾਰਾਜ਼ਗੀ ਜ਼ਾਹਰ ਕੀਤੀ ਅਤੇ ਕੇਂਦਰ ਨੂੰ ਇਨ੍ਹਾਂ ਨੂੰ ਜਲਦੀ ਭਰਨ ਦੇ ਹੁਕਮ ਦਿਤੇ।ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਐਨ. ਕੋਟੀਸ਼ਵਰ ਸਿੰਘ ਦੀ ਬੈਂਚ ਨੇ ਸੀ.ਆਈ.ਸੀ. 'ਚ ਸੂਚਨਾ ਕਮਿਸ਼ਨਰਾਂ ਦੀ ਜਲਦੀ ਚੋਣ ਦਾ ਹੁਕਮ ਦਿੰਦੇ ਹੋਏ ਕੇਂਦਰ ਨੂੰ ਕਿਹਾ, ''ਇਨ੍ਹਾਂ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਿਆ ਜਾਣਾ ਚਾਹੀਦਾ ਹੈ, ਨਹੀਂ ਤਾਂ ਇਸ ਸੰਸਥਾ ਦੇ ਹੋਣ ਦਾ ਕੀ ਫਾਇਦਾ ਹੈ, ਜੇ ਸਾਡੇ ਕੋਲ ਕੰਮ ਕਰਨ ਵਾਲੇ ਲੋਕ ਹੀ ਨਹੀਂ ਹਨ?'' ਬੈਂਚ ਨੇ ਸੀ.ਆਈ.ਸੀ. ਅਤੇ ਐਸ.ਆਈ.ਸੀ. 'ਚ ਸਿਰਫ ਇਕ ਵਿਸ਼ੇਸ਼ ਸ਼੍ਰੇਣੀ ਦੇ ਉਮੀਦਵਾਰਾਂ ਦੀ ਨਿਯੁਕਤੀ ਦੀ ਆਲੋਚਨਾ ਕੀਤੀ ਅਤੇ ਇਨ੍ਹਾਂ ਕਮਿਸ਼ਨਾਂ 'ਚ ਜੀਵਨ ਦੇ ਸਾਰੇ ਖੇਤਰਾਂ ਦੇ ਲੋਕਾਂ ਦੀ ਬਜਾਏ ਨੌਕਰਸ਼ਾਹਾਂ ਦੀ ਮੌਜੂਦਗੀ ਦਾ ਨਿਆਂਇਕ ਨੋਟਿਸ ਲੈਣ 'ਤੇ ਵਿਚਾਰ ਕੀਤਾ।ਜਸਟਿਸ ਸੂਰੀਆਕਾਂਤ ਨੇ ਕਿਹਾ, ''ਅਸੀਂ ਇਸ ਤੱਥ ਦਾ ਨਿਆਂਇਕ ਨੋਟਿਸ ਲੈ ਸਕਦੇ ਹਾਂ ਕਿ ਇਨ੍ਹਾਂ ਕਮਿਸ਼ਨਾਂ ਵਿਚ ਸਿਰਫ ਇਕ ਸ਼੍ਰੇਣੀ ਦੇ ਲੋਕ ਹਨ। ਸਿਰਫ ਨੌਕਰਸ਼ਾਹਾਂ ਦੀ ਨਿਯੁਕਤੀ ਕਿਉਂ ਕੀਤੀ ਜਾਣੀ ਚਾਹੀਦੀ ਹੈ ਅਤੇ ਵੱਖ-ਵੱਖ ਖੇਤਰਾਂ ਦੇ ਲੋਕਾਂ ਨੂੰ ਨਿਯੁਕਤ ਕਿਉਂ ਨਹੀਂ ਕੀਤਾ ਜਾਣਾ ਚਾਹੀਦਾ? ਅਸੀਂ ਇਸ 'ਤੇ ਹੋਰ ਕੁੱਝ ਨਹੀਂ ਕਹਿਣਾ ਚਾਹੁੰਦੇ, ਪਰ ਇਸ 'ਤੇ ਧਿਆਨ ਦੇਣ ਦੀ ਜ਼ਰੂਰਤ ਹੈ।''ਪਟੀਸ਼ਨਕਰਤਾ ਅੰਜਲੀ ਭਾਰਦਵਾਜ ਅਤੇ ਹੋਰਾਂ ਵਲੋਂ ਪੇਸ਼ ਹੋਏ ਸੀਨੀਅਰ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਕਿਹਾ ਕਿ 2019 'ਚ ਸੁਪਰੀਮ ਕੋਰਟ ਨੇ ਸੀ.ਆਈ.ਸੀ. ਅਤੇ ਐਸ.ਆਈ.ਸੀ. 'ਚ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੇ ਹੁਕਮ ਜਾਰੀ ਕੀਤੇ ਸਨ, ਪਰ ਸੂਬਿਆਂ ਨੇ ਚੋਣ ਪ੍ਰਕਿਰਿਆ 'ਚ ਦੇਰੀ ਕੀਤੀ ਅਤੇ ਸੂਚਨਾ ਦੇ ਅਧਿਕਾਰ ਕਾਨੂੰਨ ਨੂੰ ਲਗਭਗ ਕਮਜ਼ੋਰ ਕਰ ਦਿਤਾ।

# ਫ਼ਾਜ਼ਿਲਕਾ ਦੀ ਧੀ ਪ੍ਰਿਅੰਕਾ ਨੇ ਚਮਕਾਇਆ ਮਾਪਿਆਂ ਦਾ ਨਾਂ ਪੰਜਾਬ ਮਹਿਲਾ ਅੰਡਰ-23 ਕ੍ਰਿਕੇਟ ਟੀਮ ਦੀ ਬਣੀ ਕਪਤਾਨ



ਫਾਜ਼ਿਲਕਾ: ਫਾਜ਼ਿਲਕਾ ਦੇ ਲਾਲ ਬੱਤੀ ਚੌਂਕ ਨੇੜੇ ਆਂਡੇ ਦਾ ਸਟਾਲ ਚਲਾਉਣ ਵਾਲੇ ਟੇਕਚੰਦ ਉਰਫ ਬਬਲੀ ਨਾਂ ਦੇ ਵਿਅਕਤੀ ਦੀ ਧੀ ਨੂੰ ਪੰਜਾਬ ਕ੍ਰਿਕਟ ਟੀਮ ਦਾ ਕਪਤਾਨ ਚੁਣਿਆ ਗਿਆ ਹੈ, ਜਿਸ ਤੋਂ ਬਾਅਦ ਉਨ੍ਹਾਂ ਦੇ ਸਟਾਲ 'ਤੇ ਆਉਣ ਵਾਲੇ ਲੋਕਾਂ ਨੇ ਬਬਲੀ ਨੂੰ ਵਧਾਈਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ, ਉਸ ਨੇ ਸਿਰਫ਼ ਫਾਜ਼ਿਲਕਾ ਹੀ ਨਹੀਂ ਸਗੋਂ ਪੂਰੇ ਪੰਜਾਬ ਦਾ ਨਾਂ ਰੌਸ਼ਨ ਕੀਤਾ ਹੈ, ਉਸ ਨੇ ਹਾਲ ਹੀ 'ਚ ਰਾਜਕੋਟ 'ਚ ਹੋਏ ਪਹਿਲੇ ਮੈਚ 'ਚ ਵੀ ਜਿੱਤ ਦਰਜ ਕੀਤੀ ਹੈ।

ਜਾਣਕਾਰੀ ਦਿੰਦੇ ਹੋਏ ਪ੍ਰਿਯੰਕਾ ਦੇ ਪਿਤਾ ਟੇਕਚੰਦ ਉਰਫ਼ ਬਬਲੀ ਰੇਵਾੜੀਆ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਪ੍ਰਿਅੰਕਾ ਨੂੰ ਬਚਪਨ ਤੋਂ ਹੀ ਕ੍ਰਿਕੇਟ ਖੇਡਣ ਦਾ ਸ਼ੌਂਕ ਸੀ, ਜਿਸ ਨੂੰ ਫਾਜ਼ਿਲਕਾ ਦੇ ਕੋਚ ਅਰਪਿਤ ਨੇ ਐਸੋਸਿਏਸ਼ਨ ਵੱਲੋਂ ਕ੍ਰਿਕੇਟ ਸਿਖਾ ਕੇ ਉਸ ਦੇ ਸ਼ੌਂਕ ਨੂੰ ਪੂਰਾ ਕੀਤਾ ਅਤੇ ਉਸ ਨੂੰ ਕ੍ਰਿਕੇਟ ਦਾ ਮਾਹਿਰ ਬਣਾਇਆ। ਫਰੀਦਕੋਟ ਵਿੱਚ ਪੜ੍ਹਦਿਆਂ ਮੋਗਾ ਕ੍ਰਿਕੇਟ ਐਸੋਸੀਏਸ਼ਨ 'ਚ ਸ਼ਾਮਲ ਹੋਈ। ਜਿਸ ਤੋਂ ਬਾਅਦ ਉਸਨੇ ਮੋਗਾ ਕ੍ਰਿਕਟ ਐਸੋਸੀਏਸ਼ਨ, ਬਰਨਾਲਾ 'ਚ ਆਪਣੀ ਪੜ੍ਹਾਈ ਦੌਰਾਨ ਬਰਨਾਲਾ ਕ੍ਰਿਕਟ ਐਸੋਸੀਏਸ਼ਨ ਨਾਲ ਖੇਡ ਕੇ ਖੇਡ ਪ੍ਰਤੀ ਆਪਣਾ ਜਨੂੰਨ ਸਾਬਤ ਕੀਤਾ।

# ਕਿਸਾਨਾਂ ਵੱਲੋਂ ਗਣਤੰਤਰ ਦਿਵਸ 'ਤੇ ਟਰੈਕਟਰ ਮਾਰਚ ਦਾ ਐਲਾਨ

ਪਟਿਆਲਾ: 11 ਮਹੀਨਿਆਂ ਤੋਂ ਅੰਤਰਰਾਜੀ ਬਾਰਡਰਾਂ 'ਤੇ ਚੱਲ ਰਹੇ ਕਿਸਾਨ ਮੋਰਚਿਆਂ ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ 43 ਦਿਨਾਂ ਤੋਂ ਜਾਰੀ ਮਰਨ ਵਰਤ ਰੂਪੀ ਅੰਦੋਲਨ ਦੀ ਧਾਰ ਹੋਰ ਤਿੱਖੀ ਕਰਨ ਅਤੇ ਕੇਂਦਰ ਸਰਕਾਰ 'ਤੇ ਮੰਗਾਂ ਮਨਵਾਉਣ ਲਈ ਦਬਾਅ ਵਧਾਉਣ ਵਾਸਤੇ ਕਿਸਾਨਾਂ ਨੇ ਗਣਤੰਤਰ ਦਿਵਸ ਮੌਕੇ 26 ਜਨਵਰੀ ਨੂੰ ਦੇਸ਼ ਭਰ 'ਚ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ। ਇਹ ਫ਼ੈਸਲਾ ਅੱਜ ਢਾਬੀ ਗੁੱਜਰਾਂ ਬਾਰਡਰ 'ਤੇ ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਅਤੇ ਕਿਸਾਨ-ਮਜ਼ਦੂਰ ਮੋਰਚਾ ਦੀ ਸੀਨੀਅਰ ਲੀਡਰਸ਼ਿਪ ਦੀ ਹੋਈ ਅਹਿਮ ਮੀਟਿੰਗ 'ਚ ਲਿਆ ਗਿਆ।

# ਡਰੱਗ ਨੂੰ ਲੈ ਕੇ ਪੰਜਾਬ ਪੁਲਿਸ ਦੀ ਵੱਡੀ ਕਾਰਵਾਈ ਪੰਜ ਕਿਲੋ ਹੈਰੋਇਨ ਸਮੇਤ ਚਾਰ ਵਿਅਕਤੀ ਕਾਬੂ



ਚੰਡੀਗੜ੍ਹ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜਾ ਰਹੀ ਜੰਗ ਦੌਰਾਨ ਇਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਨਸ਼ਾ ਤਸਕਰੀ ਕਰਨ ਵਾਲੇ ਗਿਰੋਹ ਨੂੰ ਨੱਥ ਪਾ ਕੇ ਇਕ ਔਰਤ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 5 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਮੰਗਲਵਾਰ ਨੂੰ ਇੱਥੇ ਇਹ ਜਾਣਕਾਰੀ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਗੋਪੀ (19) ਅਤੇ ਬਲਜੀਤ ਕੌਰ (32) ਦੋਵੇਂ ਵਾਸੀ ਪਿੰਡ ਮੁਠਿਆਂਵਾਲ ਜ਼ਿਲ੍ਹਾ ਤਰਨਤਾਰਨ ਵਜੋਂ ਹੋਈ ਹੈ। ਤਰਨਤਾਰਨ ਦੇ ਭਿੱਖੀਵਿੰਡ ਦੇ ਰਹਿਣ ਵਾਲੇ ਮਨਿੰਦਰ ਸਿੰਘ (34) ਅਤੇ ਅੰਮ੍ਰਿਤਸਰ ਦੇ ਪਿੰਡ ਲੋਧੀ ਗੁੱਜਰਾਂ ਦੇ ਰਹਿਣ ਵਾਲੇ ਹਰਪ੍ਰੀਤ ਸਿੰਘ (26) ਸ਼ਾਮਲ ਹਨ। ਪੁਲਿਸ ਟੀਮਾਂ ਨੇ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਦੋ ਮੋਟਰਸਾਈਕਲ ਵੀ ਜ਼ਬਤ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸਾਰੇ ਮੁਲਜ਼ਮ ਪਾਕਿਸਤਾਨ ਸਥਿਤ ਸਮੱਗਲਰਾਂ ਦੇ ਸਿੱਧੇ ਸੰਪਰਕ ਵਿੱਚ ਸਨ ਅਤੇ ਸਰਹੱਦ ਪਾਰੋਂ ਨਸ਼ਿਆਂ ਦੀ ਖੇਪ ਪ੍ਰਾਪਤ ਕਰ ਰਹੇ ਸਨ। ਜਾਂਚ ਤੋਂ ਪਤਾ ਲੱਗਾ ਹੈ ਕਿ ਡਰੋਨ ਦੀ ਮਦਦ ਨਾਲ ਖੇਪ ਸੁੱਟੀ ਜਾ ਰਹੀ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਪਿਛੜੇ ਅਤੇ ਅਗਾਂਹਵਧੂ ਸਬੰਧਾਂ ਨੂੰ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀ ਦੀ ਸੰਭਾਵਨਾ ਹੈ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਸੀਆਈਏ ਸਟਾਫ-1 ਦੀ ਨਿਗਰਾਨੀ ਹੇਠ ਡੀਸੀਪੀ ਹਰਪ੍ਰੀਤ ਸਿੰਘ ਮੰਡੇਰ, ਏਡੀਸੀਪੀ ਇਨਵੈਸਟੀਗੇਸ਼ਨ ਨਵਜੋਤ ਸਿੰਘ ਅਤੇ ਏਸੀਪੀ ਡਿਟੈਕਟਿਵ ਕੁਲਦੀਪ ਸਿੰਘ ਦੀ ਅਗਵਾਈ ਵਿੱਚ ਇੱਕ ਪੁਲੀਸ ਟੀਮ ਨੇ ਛਾਪੇਮਾਰੀ ਕੀਤੀ। ਇੰਚਾਰਜ ਇੰਸਪੈਕਟਰ ਅਮੋਲਕਦੀਪ ਸਿੰਘ ਨੇ ਟਾਰਗੇਟ ਆਪ੍ਰੇਸ਼ਨ ਕਰਕੇ ਇਲਾਕੇ 'ਚੋਂ ਗੁਰਪ੍ਰੀਤ ਸਿੰਘ ਅਤੇ ਬਲਜੀਤ ਕੌਰ ਨੂੰ ਕਾਬੂ ਕੀਤਾ ਫ਼ ਗੁਰੂ ਕੀ ਵਡਾਲੀ ਤੋਂ ਇਸ ਸਾਲ 1 ਜਨਵਰੀ ਨੂੰ 3 ਕਿਲੋ ਹੈਰੋਇਨ ਸਮੇਤ ਕਾਬੂ ਇਹ ਖੁਲਾਸਾ ਹੋਇਆ ਕਿ ਗੁਰਪ੍ਰੀਤ ਸਿੰਘ ਉਰਫ ਗੋਪੀ ਅਤੇ ਬਲਜੀਤ ਕੌਰ ਭਤੀਜੇ ਅਤੇ ਮਾਸੀ ਵਜੋਂ ਰਿਸ਼ਤੇਦਾਰ ਹਨ। ਬਲਜੀਤ ਕੌਰ ਦੇ ਪਤੀ ਬਲਬੀਰ ਸਿੰਘ ਨੂੰ 2022 ਵਿੱਚ ਰਾਜਸਥਾਨ ਦੇ ਸ੍ਰੀ ਗੰਗਾਨਗਰ ਦੇ ਹਿੰਦੂਮਲਕੋਟ ਥਾਣੇ ਵੱਲੋਂ ਐਨਡੀਪੀਐਸ ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿੱਥੋਂ ਉਸ ਕੋਲੋਂ 5 ਕਿਲੋ ਹੈਰੋਇਨ ਬਰਾਮਦ ਹੋਈ ਸੀ। ਉਹ ਇਸ ਸਮੇਂ ਰਾਜਸਥਾਨ ਦੀ ਕਰਨਪੁਰ ਜੇਲ੍ਹ ਵਿੱਚ ਬੰਦ ਹੈ।ਸੀਪੀ ਨੇ ਕਿਹਾ ਕਿ ਸਪਲਾਇਰਾਂ, ਡੀਲਰਾਂ ਅਤੇ ਖਰੀਦਦਾਰਾਂ ਦੇ ਸਮੁੱਚੇ ਨੈਟਵਰਕ ਦਾ ਪਰਦਾਫਾਸ਼ ਕਰਨ ਦੇ ਨਾਲ-ਨਾਲ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੁਆਰਾ ਹੁਣ ਤੱਕ ਖਰੀਦੇ ਗਏ ਨਸ਼ੀਲੇ ਪਦਾਰਥਾਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਯਤਨ ਕੀਤੇ ਜਾ ਰਹੇ ਹਨ। ਐਫਆਈਆਰ ਨੰਬਰ 1, ਮਿਤੀ 1 ਜਨਵਰੀ, 2025 ਨੂੰ ਛੇਹਰਟਾ ਪੁਲਿਸ ਸਟੇਸ਼ਨ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21(ਸੀ), 23, ਅਤੇ 29/61/85 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਬਠਿੰਡਾ ਦੇ ਪਿੰਡ ਬਦਿਆਲਾ 'ਚ ਬਜ਼ੁਰਗ ਜੋੜੇ ਦਾ ਬੇਰਹਿਮੀ ਨਾਲ ਕਤਲ



ਬਠਿੰਡਾ: ਬਠਿੰਡਾ ਦੇ ਕਸਬਾ ਰਾਮਪੁਰਾ ਫੂਲ ਨੇੜੇ ਪਿੰਡ ਬਦਿਆਲਾ ਦੇ ਖੇਤਾਂ ਵਿਚ ਬਣਾਈ ਕੋਠੀ ਵਿਚ ਰਹਿੰਦੇ ਬਜ਼ੁਰਗ ਪਤੀ-ਪਤਨੀ ਦਾ ਬੇਰਹਿਮੀ ਨਾਲ ਕਤਲ ਕਰ ਦਿਤਾ ਗਿਆ।

ਮਿਲੀ ਜਾਣਕਾਰੀ ਜਾਣਕਾਰੀ ਅਨੁਸਾਰ ਮ੍ਰਿਤਕ ਜੋੜਾ ਪਿੰਡ ਬਦਿਆਲਾ ਤੋਂ ਚਾਉਕੇ ਸੜਕ ਦੇ ਖੇਤਾਂ ਵਿਚ ਰਹਿੰਦੇ ਸੀ। ਮ੍ਰਿਤਕਾਂ ਦੀ ਪਛਾਣ ਗਿਆਸ ਸਿੰਘ ਉਮਰ 66 ਸਾਲ ਪੁੱਤਰ ਕਰਨੈਲ ਸਿੰਘ ਅਮਰਜੀਤ ਕੌਰ ਪਤਨੀ ਗਿਆਸ ਉਮਰ 62 ਸਾਲ ਵੱਜੋਂ ਹੋਈ ਹੈ।

ਜਾਣਕਾਰੀ ਦਿੰਦਿਆਂ ਐੱਸ.ਪੀ.ਡੀ. ਨਰਿੰਦਰ ਸਿੰਘ ਨੇ ਦਸਿਆ ਕਿ ਇਸ ਘਟਨਾ ਦਾ ਪਤਾ ਉਸ ਸਮੇਂ ਚੱਲਿਆ ਜਦੋਂ ਪਤੀ-ਪਤਨੀ ਦੇ ਪੁੱਤਰ ਨੇ ਨਵੀਂ ਦਿੱਲੀ ਤੋਂ ਫੋਨ ਕੀਤਾ ਪਰ ਉਨ੍ਹਾਂ ਨੇ ਫੋਨ ਨਹੀਂ ਚੁੱਕਿਆ। ਫਿਰ ਉਸ ਵਲੋਂ ਪਿੰਡ ਵਿਚ ਫੋਨ ਕੀਤਾ ਗਿਆ ਪਿੰਡ ਵਾਲਿਆਂ ਵਲੋਂ ਜਦੋਂ ਗਿਆਸ ਸਿੰਘ ਦੇ ਘਰ ਆ ਕੇ ਵੇਖਿਆ ਤਾਂ ਪਤੀ-ਪਤਨੀ ਦਾ ਬੇਰਹਿਮੀ ਨਾਲ ਕਤਲ ਹੋਇਆ ਪਿਆ ਸੀ। ਉਨ੍ਹਾਂ ਵਲੋਂ ਪੁਲਿਸ ਨੂੰ ਸੂਚਿਤ ਕੀਤਾ ਗਿਆ। ਮੌਕੇ 'ਤੇ ਪਹੁੰਚੀਆਂ ਥਾਣਾ ਰਾਮਪੁਰਾ ਅਤੇ ਸੀ.ਆਈ.ਏ. ਸਟਾਫ ਦੀਆਂ ਟੀਮਾਂ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿਤੀ ਹੈ। ਦੋਵੇਂ ਬਜ਼ੁਰਗ ਪਤੀ-ਪਤਨੀ ਦੀਆਂ ਲਾਸ਼ਾਂ ਨੂੰ ਸਰਕਾਰੀ ਹਸਪਤਾਲ ਦੇ ਮੁਰਦਾਘਰ ਵਿਚ ਰਖਵਾਇਆ ਗਿਆ। ਪੁਲਿਸ ਅਧਿਕਾਰੀਆਂ ਨੇ ਦਸਿਆ ਕਿ ਅਣਪਛਾਤੇ ਲੋਕਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਜਲਦ ਹੀ ਕਾਤਲਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਸੁਨਿਆਰੇ ਦੇ ਘਰ 'ਚ ਦਿਨ ਦਿਹਾੜੇ 70 ਲੱਖ ਦੀ ਹੋਈ ਚੋਰੀ



ਅੰਮ੍ਰਿਤਸਰ: ਅੰਮ੍ਰਿਤਸਰ ਦੇ ਪ੍ਰਤਾਪ ਬਾਜ਼ਾਰ 'ਚ ਦਿਨ ਦਿਹਾੜੇ ਇੱਕ ਘਰ 'ਚ ਤਕਰੀਬਨ 70 ਲੱਖ ਦੀ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਪਰਿਵਾਰ ਕਿਸੇ ਦੇ ਅੰਤਿਮ ਸਸਕਾਰ ਲਈ ਗਏ ਹੋਏ ਸਨ ਅਤੇ ਪਿੱਛੋਂ ਚੋਰ ਉਨ੍ਹਾਂ ਦੇ ਘਰ ਦੀ ਕੰਧ ਟੱਪ ਕੇ ਅੰਦਰ ਆਉਂਦਾ ਹੈ ਤੇ ਤਕਰੀਬਨ 70 ਲੱਖ ਦੇ ਗਹਿਣੇ ਲੈ ਕੇ ਚੋਰ ਫ਼ਰਾਰ ਹੋ ਗਿਆ । ਇਹ ਸਾਰੀ ਘਟਨਾ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ। ਘਰ ਦੀਆਂ ਅਲਮਾਰੀਆਂ ਦੇ ਤਾਲੇ ਟੁੱਟੇ ਹੋਏ ਸਨ। ਉਨ੍ਹਾਂ 'ਚੋਂ ਸੋਨਾ ਅਤੇ ਕੈਸ਼ ਗਾਇਬ ਸੀ। ਇਸ ਮੌਕੇ 'ਤੇ ਘਰ ਦੇ ਮਾਲਕ ਹਰਚਰਨ ਸਿੰਘ ਨੇ ਦੱਸਿਆ ਕਿ ਉਹ ਸੁਨਿਆਰੇ ਦਾ ਕੰਮ ਕਰਦੇ ਹਨ ਅਤੇ ਉਨ੍ਹਾਂ ਦੇ ਘਰ 'ਚ ਸੋਨੀ ਅਤੇ ਚਾਂਦੀ ਦੇ ਗਹਿਣੇ ਪਏ ਸਨ ਤਕਰੀਬਨ 70 ਲੱਖ ਦਾ ਉਹਨਾਂ ਦਾ ਨੁਕਸਾਨ ਹੋਇਆ ਹੈ। ਮਾਲਕ ਨੇ ਦੱਸਿਆ ਕਿ ਚੋਰ ਚੋਰੀ ਕਰ ਕੇ ਜਾਂਦੇ ਹੋਏ DVR ਵੀ ਨਾਲ ਲੈ ਗਏ। ਮੌਕੇ 'ਤੇ ਪਹੁੰਚੀ ਪੁਲਿਸ ਵੱਲੋਂ ਆਲੇ ਦੁਆਲੇ ਦੇ ਕੈਮਰੇ ਖੰਗਾਲੇ ਜਾ ਰਹੇ ਹਨ ਪੁਲਿਸ ਦੇ ਹੱਥ ਕੁਝ CCTV ਫੁਟੇਜ ਵੀ ਲੱਗੀ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਜਲਦੀ ਚੋਰ ਨੂੰ ਫੜ ਲਵਾਂਗੇ।

# ਭਾਰਤ 'ਚ ਹਿਊਮਨ ਮੈਟਾਨਿਊਮੋਵਾਇਰਸ ਦੀ ਦਸਤਕ




WORLD PUNJABI NEWS NETWORK ਨਵੀਂ ਦਿੱਲੀ: ਹਵਾ ਰਾਹੀਂ ਫੈਲਣ ਵਾਲੇ ਹਿਊਮਨ ਮੈਟਾਨਿਊਮੋਵਾਇਰਸ (ਐੱਚ.ਐੱਮ.ਪੀ.ਵੀ.) ਨੇ ਚੀਨ ਤੋਂ ਬਾਅਦ ਹੁਣ ਭਾਰਤ ਵਿੱਚ ਦਸਤਕ ਦਿੱਤੀ ਹੈ। ਕਰਨਾਟਕ, ਤਾਮਿਲਨਾਡੂ ਅਤੇ ਗੁਜਰਾਤ ਵਿੱਚ ਅੱਜ ਪੰਜ ਬੱਚੇ ਇਸ ਵਾਇਰਸ ਤੋਂ ਪੀੜਤ ਮਿਲੇ ਹਨ। ਕੇਂਦਰ ਸਰਕਾਰ ਨੇ ਹਸਪਤਾਲਾਂ ਨੂੰ ਤਿਆਰ ਬਰ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਢਾ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਘਬਰਾਉਣ ਦੀ ਲੋੜ ਨਹੀਂ ਅਤੇ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਇਸ ਦੌਰਾਨ ਦਿੱਲੀ ਸਰਕਾਰ ਨੇ ਰਾਜਧਾਨੀ ਦੇ ਸਾਰੇ ਹਸਪਤਾਲਾਂ ਨੂੰ ਸਾਹ ਦੀਆਂ ਬਿਮਾਰੀਆਂ ਵਿੱਚ ਸੰਭਾਵੀ ਵਾਧੇ ਨਾਲ ਨਜਿੱਠਣ ਵਾਸਤੇ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਭਾਰਤੀ ਮੈਡੀਕਲ ਖੋਜ ਕੌਂਸਲ (ਆਈ.ਸੀ.ਐੱਮ.ਆਰ.) ਨੇ ਆਮ ਨਿਗਰਾਨੀ ਦੌਰਾਨ ਕਰਨਾਟਕ ਵਿੱਚ ਹਿਊਮਨ ਮੈਟਾਨਿਊਮੋਵਾਇਰਸ (ਐੱਚ.ਐੱਮ.ਪੀ.ਵੀ.) ਦੇ ਦੋ ਮਾਮਲਿਆਂ ਦੀ ਪੁਸ਼ਟੀ ਕੀਤੀ ਹੈ। ਮੰਤਰਾਲੇ ਨੇ ਦੱਸਿਆ ਕਿ ਤਿੰਨ ਮਹੀਨਿਆਂ ਦੀ ਬੱਚੀ ਨੂੰ 'ਬਰੋਨਕੋਨਿਊਮੋਨੀਆ' ਦੀ ਸ਼ਿਕਾਇਤ ਸੀ ਅਤੇ ਉਸ ਨੂੰ ਬੰਗਲੂਰੂ ਦੇ ਬੈਪਟਿਸਟ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਉਸ ਦੇ ਐੱਚ.ਐੱਮ.ਪੀ.ਵੀ. ਤੋਂ ਪੀੜਤ ਹੋਣ ਦਾ ਪਤਾ ਲੱਗਾ ਸੀ। ਉਸ ਨੂੰ ਪਹਿਲਾਂ ਹੀ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ।

# ਚਾਈਨਾ ਡੋਰ ਨਾਲ ਨੌਜਵਾਨ ਦੀ ਗਰਦਨ 'ਤੇ ਲੱਗਿਆ ਕੱਟ, ਹੋਇਆ ਲਹੂ-ਲੁਹਾਣ



WORLD PUNJABI NEWS NETWORK ਲੁਧਿਆਣਾ: ਲੁਧਿਆਣਾ ਵਿਚ ਵੱਡੀ ਗਿਣਤੀ ਵਿਚ ਚਾਈਨਾ ਡੋਰ ਵਿਕ ਰਹੀ ਹੈ। ਇਸ ਡੋਰ ਦੀ ਵਰਤੋਂ ਨੂੰ ਰੋਕਣ ਲਈ ਜ਼ਿਲ੍ਹਾ ਪੁਲਿਸ ਦੀ ਕੋਈ ਖ਼ਾਸ ਯੋਜਨਾ ਲੋਕਾਂ ਵਿੱਚ ਨਜ਼ਰ ਨਹੀਂ ਆ ਰਹੀ। ਤਾਜ਼ਾ ਮਾਮਲਾ ਬਸਤੀ ਜੋਧੇਵਾਲ ਇਲਾਕੇ ਤੋਂ ਸਾਹਮਣੇ ਆਇਆ ਹੈ। ਜਿੱਥੇ ਇਕ ਬਾਈਕ ਸਵਾਰ ਦੇ ਗਲੇ ਵਿਚ ਚਾਈਨਾ ਡੋਰ ਫਸਣ ਨਾਲ ਨੌਜਵਾਨ ਦੀ ਗਰਦਨ 'ਤੇ ਕੱਟ ਲੱਗ ਗਿਆ ਹੈ। ਖ਼ੂਨ ਨਾਲ ਲੱਥਪੱਥ ਜ਼ਖ਼ਮੀ ਆਸ਼ੀਸ਼ (21) ਨੂੰ ਈ-ਰਿਕਸ਼ਾ ਵਿਚ ਹਸਪਤਾਲ ਲਿਜਾਇਆ ਗਿਆ। ਇੱਥੇ ਉਸ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਆਸ਼ੀਸ਼ ਨੂੰ ਦੋ ਹਸਪਤਾਲਾਂ ਤੋਂ ਜਵਾਬ ਦੇ ਦਿੱਤਾ ਗਿਆ , ਜਿਸ ਤੋਂ ਬਾਅਦ ਹੁਣ ਉਸ ਨੂੰ ਸੀਐਮਸੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਜਾਣਕਾਰੀ ਮੁਤਾਬਕ ਆਸ਼ੀਸ਼ ਏਸੀ ਰਿਪੇਅਰ ਦਾ ਕੰਮ ਕਰਦਾ ਹੈ। ਉਸ ਦੇ ਦੋ ਭੈਣ-ਭਰਾ ਹਨ। ਆਸ਼ੀਸ਼ ਆਪਣੇ ਦੋਸਤ ਨੂੰ ਕਾਰਾਬਾਰਾ ਚੌਕ ਤੋਂ ਬਸਤੀ ਜੋਧੇਵਾਲ ਚੌਕ ਤੱਕ ਛੱਡਣ ਗਿਆ ਸੀ। ਜਦੋਂ ਉਹ ਉਸ ਨੂੰ ਛੱਡ ਕੇ ਵਾਪਸ ਆ ਰਿਹਾ ਸੀ ਤਾਂ ਅਚਾਨਕ ਉਸ ਦੇ ਗਲੇ ਵਿਚ ਚਾਈਨਾ ਡੋਰ ਫਸ ਗਈ। ਜਿਸ ਕਾਰਨ ਉਸ ਦੇ ਗਲੇ 'ਤੇ ਕੱਟ ਲੱਗ ਗਿਆ ਅਤੇ ਉਹ ਬਾਈਕ ਤੋਂ ਡਿੱਗ ਗਿਆ। ਆਸ-ਪਾਸ ਦੇ ਲੋਕਾਂ ਨੇ ਉਸ ਨੂੰ ਗੰਭੀਰ ਹਾਲਤ 'ਚ ਹਸਪਤਾਲ ਪਹੁੰਚਾਇਆ ਪਰ ਉਸ ਨੂੰ ਦੋ ਹਸਪਤਾਲਾਂ 'ਚੋਂ ਜਵਾਬ ਦੇ ਦਿੱਤਾ ਗਿਆ, ਜਿਸ ਤੋਂ ਬਾਅਦ ਉਸ ਨੂੰ ਸੀ.ਐੱਮ.ਸੀ.ਰੈਫ਼ਰ ਕਰ ਦਿੱਤਾ ਗਿਆ। ਇੱਥੇ ਉਸ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ ਅਤੇ ਡਾਕਟਰਾਂ ਨੇ ਉਸ ਨੂੰ ਖ਼ੂਨ ਦੀਆਂ 4 ਬੋਤਲਾਂ ਚੜ੍ਹਾਈਆਂ ਹਨ। ਡਾਕਟਰਾਂ ਦਾ ਕਹਿਣਾ ਹੈ ਕਿ 48 ਘੰਟਿਆਂ ਬਾਅਦ ਉਸ ਦੀ ਹਾਲਤ ਸਾਫ਼ ਹੋ ਜਾਵੇਗੀ। ਗਰਦਨ ਦੀ ਨਾੜ ਗੰਭੀਰ ਹੋਣ ਕਾਰਨ ਆਸ਼ੀਸ਼ ਨੂੰ ਸਾਹ ਲੈਣ ਵਿਚ ਕਾਫ਼ੀ ਦਿੱਕਤ ਆ ਰਹੀ ਹੈ। ਪਰਿਵਾਰ ਦੀ ਮੰਗ ਹੈ ਕਿ ਪੁਲਿਸ ਅਤੇ ਸਰਕਾਰ ਚਾਈਨਾ ਡੋਰ ਵੇਚਣ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕਰੇ। ਦੱਸ ਦਈਏ ਕਿ ਭਾਵੇਂ ਪੰਜਾਬ ਸਰਕਾਰ ਨੇ ਬੀਤੇ ਦਿਨ ਹੀ ਚਾਈਨਾ ਡੋਰ 'ਤੇ ਪਾਬੰਦੀ ਲਗਾਉਂਦਿਆਂ ਇਸ ਨੂੰ ਵੇਚਣ ਤੇ ਖਰੀਦਣ ਵਾਲਿਆਂ ਲਈ ਜੁਰਮਾਨੇ ਤੇ ਸਜ਼ਾ ਦਾ ਪ੍ਰਬੰਧ ਕੀਤਾ ਸੀ ਪਰ ਅਜੇ ਵੀ ਪੁਰਾਣੇ ਬਾਜ਼ਾਰਾਂ 'ਚ ਚਾਈਨਾ ਡੋਰ ਵੇਚੀ ਜਾ ਰਹੀ ਹੈ। ਪੁਲਿਸ ਨੇ ਅਜੇ ਤੱਕ ਇਨ੍ਹਾਂ ਬਾਜ਼ਾਰਾਂ ਵਿੱਚ ਕੋਈ ਛਾਪੇਮਾਰੀ ਨਹੀਂ ਕੀਤੀ। ਇਨ੍ਹਾਂ ਬਾਜ਼ਾਰਾਂ ਵਿੱਚ ਜ਼ਿਆਦਾਤਰ ਦੁਕਾਨਦਾਰ ਪਤੰਗਾਂ ਅਤੇ ਡੋਰਾਂ ਵੇਚਣ ਵਾਲੇ ਹਨ। ਕੇਂਦਰ ਵੱਲੋਂ ਪੇਸ਼ ਹੋਏ ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਕਮੇਟੀ ਮੀਟਿੰਗ ਦੇ ਨਤੀਜੇ 'ਤੇ ਇਕ ਸੰਖੇਪ ਨੋਟ ਦਾਖਲ ਕਰੇਗੀ। ਜਸਟਿਸ ਸੂਰਿਆਕਾਂਤ ਨੇ ਇਸ 'ਤੇ ਸਹਿਮਤੀ ਜ਼ਾਹਿਰ ਕਰਦੇ ਹੋਏ ਕਿਹਾ ਕਿ ਆਸ ਹੈ ਕਿ ਕਮੇਟੀ ਇਕ ਨੋਟ ਦਾਖ਼ਲ ਕਰੇਗੀ।

# ਇਕ ਵਾਰੀ ਕੁੜੀ ਦਾ ਪਿੱਛਾ ਕਰਨਾ ਅਪਰਾਧ ਨਹੀਂ : ਬੰਬੇ ਹਾਈ ਕੋਰਟ



WORLD PUNJABI NEWS NETWORK ਮੁੰਬਈ: ਬੰਬਈ ਹਾਈ ਕੋਰਟ ਦੀ ਨਾਗਪੁਰ ਬੈਂਚ ਨੇ 19 ਸਾਲ ਦੇ ਦੋ ਨੌਜੁਆਨਾਂ ਨੂੰ ਬਰੀ ਕਰਦਿਆਂ ਕਿਹਾ ਹੈ ਕਿ ਇਕ ਵਾਰ ਕੁੜੀ ਦਾ ਪਿੱਛਾ ਕਰਨਾ ਇਹ ਮੰਨਣ ਲਈ ਕਾਫੀ ਨਹੀਂ ਹੋਵੇਗਾ ਕਿ ਉਸ ਦਾ ਪਿੱਛਾ ਕਰਨ ਦਾ ਜੁਰਮ ਕੀਤਾ ਗਿਆ ਹੈ। ਹਾਲਾਂਕਿ ਅਦਾਲਤ ਨੇ ਛੇੜਛਾੜ ਦੇ ਦੋਸ਼ 'ਚ ਉਨ੍ਹਾਂ 'ਚੋਂ ਇਕ ਦੀ ਸਜ਼ਾ ਬਰਕਰਾਰ ਰੱਖੀ। ਦੋਹਾਂ ਨੂੰ 2022 ਵਿਚ ਅਕੋਲਾ ਦੀ ਇਕ ਸੈਸ਼ਨ ਅਦਾਲਤ ਨੇ 2020 ਵਿਚ ਇਕ 14 ਸਾਲ ਲੜਕੀ ਨਾਲ ਛੇੜਛਾੜ ਅਤੇ ਪਿੱਛਾ ਕਰਨ ਦੇ ਦੋਸ਼ ਵਿਚ ਦੋਸ਼ੀ ਠਹਿਰਾਇਆ ਸੀ। ਉਸ ਨੂੰ ਛੇੜਛਾੜ ਲਈ ਪੰਜ ਸਾਲ ਅਤੇ ਪਿੱਛਾ ਕਰਨ ਲਈ ਤਿੰਨ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ। ਸਰਕਾਰੀ ਵਕੀਲ ਦਾ ਮਾਮਲਾ ਇਹ ਹੈ ਕਿ ਦੋਹਾਂ ਨੇ ਕੁੜੀ ਦਾ ਪਿੱਛਾ ਕੀਤਾ ਅਤੇ ਉਨ੍ਹਾਂ ਵਿਚੋਂ ਇਕ ਨੇ ਉਸ ਨੂੰ ਦਸਿਆ ਸੀ ਕਿ ਉਹ ਉਸ ਨੂੰ ਪਸੰਦ ਕਰਦਾ ਹੈ ਅਤੇ ਉਸ ਨਾਲ ਵਿਆਹ ਕਰਨਾ ਚਾਹੁੰਦਾ ਹੈ। ਲੜਕੀ ਨੇ ਅਪਣੀ ਮਾਂ ਨੂੰ ਸ਼ਿਕਾਇਤ ਕੀਤੀ ਸੀ, ਜਿਸ ਨੇ ਨੌਜੁਆਨਾਂ ਦੇ ਮਾਪਿਆਂ ਕੋਲ ਇਹ ਮੁੱਦਾ ਉਠਾਇਆ ਸੀ। ਹਾਲਾਂਕਿ, ਕੁੱਝ ਦਿਨਾਂ ਬਾਅਦ, ਲੜਕੀ, ਜਿਸ ਨੇ ਲੜਕੀ ਲਈ ਅਪਣੇ ਪਿਆਰ ਦਾ ਇਜ਼ਹਾਰ ਕੀਤਾ ਸੀ, ਪੀੜਤਾ ਦੇ ਘਰ ਪਹੁੰਚਿਆ ਅਤੇ ਉਸ ਨਾਲ ਛੇੜਛਾੜ ਕੀਤੀ। ਜਸਟਿਸ ਜੀ.ਏ. ਸਨਪ ਦੀ ਸਿੰਗਲ ਬੈਂਚ ਨੇ ਦਸੰਬਰ 2024 ਦੇ ਅਪਣੇ ਫੈਸਲੇ ਵਿਚ ਕਿਹਾ ਕਿ ਛੇੜਛਾੜ ਦੇ ਦੋਸ਼ ਵਿਚ ਇਕ ਨੌਜੁਆਨ ਨੂੰ ਦੋਸ਼ੀ ਠਹਿਰਾਉਣਾ ਸਹੀ ਹੈ ਪਰ ਦੂਜੇ ਨੌਜੁਆਨ ਨੂੰ ਪਿੱਛਾ ਕਰਨ ਦੇ ਦੋਸ਼ ਵਿਚ ਦੋਸ਼ੀ ਠਹਿਰਾਉਣਾ ਗਲਤ ਹੈ। ਹਾਈ ਕੋਰਟ ਨੇ ਕਿਹਾ, "ਇਹ ਨੋਟ ਕੀਤਾ ਜਾਣਾ ਚਾਹੀਦਾ ਹੈ ਕਿ ਪਿੱਛਾ ਕਰਨ ਦੇ ਅਪਰਾਧ ਲਈ, ਸਰਕਾਰੀ ਵਕੀਲ ਨੂੰ ਇਹ ਸਾਬਤ ਕਰਨਾ ਪੈਂਦਾ ਹੈ ਕਿ ਦੋਸ਼ੀ ਨੇ ਵਿਅਕਤੀ ਦਾ ਵਾਰ-ਵਾਰ ਜਾਂ ਲਗਾਤਾਰ ਪਿੱਛਾ ਕੀਤਾ ਹੈ, ਵੇਖਿਆ ਹੈ ਜਾਂ ਸਿੱਧਾ ਜਾਂ ਇਲੈਕਟ੍ਰਾਨਿਕ / ਡਿਜੀਟਲ ਮੀਡੀਆ ਰਾਹੀਂ ਸੰਪਰਕ ਕੀਤਾ ਹੈ।" ਅਦਾਲਤ ਨੇ ਕਿਹਾ ਕਿ ਪਿੱਛਾ ਕਰਨ ਦੇ ਜੁਰਮ ਦੀ ਇਸ ਲਾਜ਼ਮੀ ਜ਼ਰੂਰਤ ਨੂੰ ਧਿਆਨ 'ਚ ਰਖਦੇ ਹੋਏ, ਸਿਰਫ ਪੀੜਤ ਦਾ ਪਿੱਛਾ ਕਰਨ ਦੀ ਘਟਨਾ ਅਪਰਾਧ ਨੂੰ ਸਾਬਤ ਕਰਨ ਲਈ ਕਾਫ਼ੀ ਨਹੀਂ ਹੋਵੇਗੀ।

# ਪੰਜਾਬ ਸਰਕਾਰ ਨੇ ਗੱਲਬਾਤ ਸ਼ੁਰੂ ਹੋਣ ਦੀ ਆਸ ਪ੍ਰਗਟਾਈ



WORLD PUNJABI NEWS NETWORK ਨਵੀਂ ਦਿੱਲੀ: ਪੰਜਾਬ ਤੇ ਹਰਿਆਣਾ ਵਿਚਾਲੇ ਖਨੌਰੀ ਬਾਰਡਰ 'ਤੇ ਪ੍ਰਦਰਸ਼ਨਕਾਰੀ ਕਿਸਾਨਾਂ ਦਾ ਇਕ ਵਫ਼ਦ ਅੱਜ ਬਾਅਦ ਦੁਪਹਿਰ ਕਰੀਬ 3 ਵਜੇ ਸੁਪਰੀਮ ਕੋਰਟ ਵੱਲੋਂ ਨਿਯੁਕਤ ਉੱਚ ਅਧਿਕਾਰਤ ਪ੍ਰਾਪਤ ਕਮੇਟੀ ਨਾਲ ਮੁਲਾਕਾਤ ਕਰੇਗਾ। ਪ੍ਰਦਰਸ਼ਨਕਾਰੀ ਕਿਸਾਨਾਂ ਵਿੱਚ 70 ਸਾਲਾ ਜਗਜੀਤ ਸਿੰਘ ਡੱਲੇਵਾਲ ਵੀ ਸ਼ਾਮਲ ਹਨ ਜੋ ਪਿਛਲੇ 40 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਹਨ ਅਤੇ ਉਨ੍ਹਾਂ ਦੀ ਸਿਹਤ ਸਬੰਧੀ ਚਿੰਤਾਵਾਂ ਕਰ ਕੇ ਪੰਜਾਬ ਸਰਕਾ ਚੌਕਸ ਹੈ ਅਤੇ ਸਿਖ਼ਰਲੀ ਅਦਾਲਤ ਉਨ੍ਹਾਂ 'ਤੇ ਨਜ਼ਰ ਰੱਖ ਰਹੀ ਹੈ। ਪੰਜਾਬ ਸਰਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਜਸਟਿਸ ਸੂਰਿਆਕਾਂਤ ਤੇ ਜਸਟਿਸ ਐੱਨ ਕੋਟਿਸ਼ਵਰ ਸਿੰਘ ਦੇ ਬੈਂਚ ਨੂੰ ਸੂਚਿਤ ਕੀਤਾ ਕਿ ਉਹ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਜਸਟਿਸ (ਸੇਵਾਮੁਕਤ) ਨਵਾਬ ਸਿੰਘ ਨਾਲ ਮਿਲਣ ਲਈ ਰਾਜ਼ੀ ਕਰਨ 'ਚ ਸਫ਼ਲ ਰਹੇ ਹਨ ਜੋ ਕਮੇਟੀ ਦੇ ਪ੍ਰਧਾਨ ਹਨ। ਸਿੱਬਲ ਨੇ ਕਿਹਾ, "ਅਸੀਂ ਉਨ੍ਹਾਂ ਨੂੰ ਮਨਾਉਣ ਵਿੱਚ ਸਫ਼ਲ ਹੋ ਗਏ ਹਾਂ। ਕ੍ਰਿਪਾ ਮਾਮਲੇ ਨੂੰ ਕਿਸੇ ਹੋਰ ਦਿਨ ਲਈ ਮੁਲਤਵੀ ਕੀਤਾ ਜਾਵੇ। ਸਾਨੂੰ ਕੁਝ ਸਫਲਤਾ ਦੀ ਆਸ ਹੈ।"

ਇਸ 'ਤੇ ਬੈਂਚ ਨੇ ਕਿਹਾ, "ਆਸ ਹੈ ਕਿ ਸਾਰਿਆਂ ਨੂੰ ਸਦਬੁੱਧੀ ਆਵੇਗੀ।" ਸਿਖਰਲੀ ਅਦਾਲਤ ਨੇ ਸਿੱਬਲ ਨੂੰ ਵਿਚਾਰ-ਚਰਚਾ ਨੂੰ ਲੈ ਕੇ ਸੰਖੇਪ ਨੋਟ ਤਿਆਰ ਕਰਨ ਨੂੰ ਕਿਹਾ ਅਤੇ ਸੁਣਵਾਈ 10 ਜਨਵਰੀ ਲਈ ਮੁਲਤਵੀ ਕਰ ਦਿੱਤੀ।

ਕੇਂਦਰ ਵੱਲੋਂ ਪੇਸ਼ ਹੋਏ ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਕਮੇਟੀ ਮੀਟਿੰਗ ਦੇ ਨਤੀਜੇ 'ਤੇ ਇਕ ਸੰਖੇਪ ਨੋਟ ਦਾਖਲ ਕਰੇਗੀ। ਜਸਟਿਸ ਸੂਰਿਆਕਾਂਤ ਨੇ ਇਸ 'ਤੇ ਸਹਿਮਤੀ ਜ਼ਾਹਿਰ ਕਰਦੇ ਹੋਏ ਕਿਹਾ ਕਿ ਆਸ ਹੈ ਕਿ ਕਮੇਟੀ ਇਕ ਨੋਟ ਦਾਖ਼ਲ ਕਰੇਗੀ।

# HMPV ਕੋਈ ਨਵਾਂ ਵਾਇਰਸ ਨਹੀਂ ਹੈ, ਚਿੰਤਾ ਕਰਨ ਦੀ ਕੋਈ ਲੋੜ ਨਹੀਂ: ਨੱਡਾ



WORLD PUNJABI NEWS NETWORK ਨਵੀਂ ਦਿੱਲੀ: ਕੇਂਦਰੀ ਸਿਹਤ ਮੰਤਰੀ ਜੇਪੀ ਨੱਡਾ ਨੇ ਸੋਮਵਾਰ ਨੂੰ ਕਿਹਾ ਕਿ ਹਿਊਮਨ ਮੈਟਾਪਨੀਓਮੋਵਾਇਰਸ (ਐਚ. ਐਮ. ਪੀ. ਵੀ. ), 2001 ਵਿੱਚ ਪਹਿਲੀ ਵਾਰ ਪਛਾਣਿਆ ਗਿਆ ਇੱਕ ਸਾਹ ਸੰਬੰਧੀ ਵਾਇਰਸ, ਨਵਾਂ ਨਹੀਂ ਹੈ ਅਤੇ ਸਾਲਾਂ ਤੋਂ ਵਿਸ਼ਵ ਪੱਧਰ 'ਤੇ ਫੈਲ ਰਿਹਾ ਹੈ। ਉਸਨੇ ਚੀਨ ਵਿੱਚ ਵੱਧ ਰਹੇ ਕੇਸਾਂ ਅਤੇ ਭਾਰਤ ਵਿੱਚ ਚਾਰ ਕੇਸਾਂ ਦੀ ਰਿਪੋਰਟ ਤੋਂ ਬਾਅਦ ਚਿੰਤਾਵਾਂ ਨੂੰ ਦੂਰ ਕੀਤਾ। ਸਿਹਤ ਮੰਤਰੀ ਨੱਡਾ ਨੇ ਕਿਹਾ, "ਸਿਹਤ ਮਾਹਿਰਾਂ ਨੇ ਸਪੱਸ਼ਟ ਕੀਤਾ ਹੈ ਕਿ HMPV ਕੋਈ ਨਵਾਂ ਵਾਇਰਸ ਨਹੀਂ ਹੈ। ਇਹ ਹਵਾ ਅਤੇ ਸਾਹ ਰਾਹੀਂ ਫੈਲਦਾ ਹੈ ਅਤੇ ਹਰ ਉਮਰ ਵਰਗ ਦੇ ਲੋਕਾਂ ਨੂੰ ਪ੍ਰਭਾਵਿਤ ਕਰ ਸਕਦਾ ਹੈ। "ਇਹ ਵਾਇਰਸ ਸਰਦੀਆਂ ਅਤੇ ਬਸੰਤ ਦੇ ਸ਼ੁਰੂਆਤੀ ਮਹੀਨਿਆਂ ਵਿੱਚ ਵਧੇਰੇ ਫੈਲਦਾ ਹੈ।" ਸਿਹਤ ਮੰਤਰਾਲਾ, ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ (ICMR) ਅਤੇ ਨੈਸ਼ਨਲ ਸੈਂਟਰ ਫਾਰ ਡਿਜ਼ੀਜ਼ ਕੰਟਰੋਲ (NCDC) ਦੇ ਸਹਿਯੋਗ ਨਾਲ ਚੀਨ ਅਤੇ ਗੁਆਂਢੀ ਦੇਸ਼ਾਂ ਦੀ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਉਸਨੇ ਕਿਹਾ, "ਵਿਸ਼ਵ ਸਿਹਤ ਸੰਗਠਨ (WHO) ਨੇ ਸਥਿਤੀ ਦਾ ਨੋਟਿਸ ਲਿਆ ਹੈ ਅਤੇ ਜਲਦੀ ਹੀ ਆਪਣੀ ਰਿਪੋਰਟ ਸਾਡੇ ਨਾਲ ਸਾਂਝੀ ਕਰੇਗਾ।" ਮੰਤਰੀ ਨੇ ਅੱਗੇ ਕਿਹਾ ਕਿ ਿਛੰ੍ਰ ਅਤੇ ਏਕੀਕ੍ਰਿਤ ਬਿਮਾਰੀ ਨਿਗਰਾਨੀ ਪ੍ਰੋਗਰਾਮ ਦੁਆਰਾ ਅੰਕੜਿਆਂ ਦੀ ਸਮੀਖਿਆ ਤੋਂ ਪਤਾ ਚੱਲਿਆ ਹੈ ਕਿ ਭਾਰਤ ਵਿੱਚ ਸਾਹ ਦੀ ਲਾਗ ਵਿੱਚ ਕੋਈ ਵਾਧਾ ਨਹੀਂ ਹੋਇਆ ਹੈ। ਤਿਆਰੀ ਨੂੰ ਯਕੀਨੀ ਬਣਾਉਣ ਲਈ, ਉਸਨੇ ਕਿਹਾ ਕਿ ਸਿਹਤ ਸੇਵਾਵਾਂ ਦੇ ਡਾਇਰੈਕਟਰ ਜਨਰਲ ਦੀ ਅਗਵਾਈ ਵਿੱਚ ਇੱਕ ਸੰਯੁਕਤ ਨਿਗਰਾਨੀ ਸਮੂਹ ਨੇ ਸਥਿਤੀ ਦਾ ਜਾਇਜ਼ਾ ਲੈਣ ਲਈ 4 ਜਨਵਰੀ ਨੂੰ ਇੱਕ ਮੀਟਿੰਗ ਕੀਤੀ।

ਚਿੰਤਾ ਦੀ ਕੋਈ ਗੱਲ ਨਹੀਂ, ਅਸੀਂ ਸਥਿਤੀ ਦੀ ਨਿਗਰਾਨੀ ਕਰ ਰਹੇ ਹਾਂ

ਸਿਹਤ ਮੰਤਰੀ ਨੇ ਭਰੋਸਾ ਦਿਵਾਇਆ, "ਦੇਸ਼ ਦੀ ਸਿਹਤ ਪ੍ਰਣਾਲੀ ਅਤੇ ਨਿਗਰਾਨੀ ਨੈਟਵਰਕ ਚੌਕਸ ਹਨ, ਇਹ ਯਕੀਨੀ ਬਣਾਉਂਦੇ ਹੋਏ ਕਿ ਦੇਸ਼ ਕਿਸੇ ਵੀ ਉੱਭਰ ਰਹੀ ਸਿਹਤ ਚੁਣੌਤੀਆਂ ਦਾ ਤੁਰੰਤ ਜਵਾਬ ਦੇਣ ਲਈ ਤਿਆਰ ਹੈ। ਚਿੰਤਾ ਕਰਨ ਦੀ ਕੋਈ ਗੱਲ ਨਹੀਂ ਹੈ। ਅਸੀਂ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਾਂ।" ੍ਹੰਫੜ, ਜੋ ਆਮ ਤੌਰ 'ਤੇ ਸਾਹ ਦੀਆਂ ਬੂੰਦਾਂ ਰਾਹੀਂ ਫੈਲਦਾ ਹੈ, ਠੰਡੇ ਮਹੀਨਿਆਂ ਦੌਰਾਨ ਵਧੇਰੇ ਸਰਗਰਮ ਹੁੰਦਾ ਹੈ। ਮਾਹਿਰਾਂ ਨੇ ਸਫਾਈ ਬਣਾਈ ਰੱਖਣ ਅਤੇ ਗੰਭੀਰ ਲੱਛਣ ਪੈਦਾ ਹੋਣ 'ਤੇ ਸਿਹਤ ਸੰਭਾਲ ਪ੍ਰਦਾਤਾਵਾਂ ਨਾਲ ਸਲਾਹ-ਮਸ਼ਵਰਾ ਕਰਨ ਦੀ ਸਿਫਾਰਸ਼ ਕੀਤੀ ਹੈ। ਹੁਣ ਤੱਕ, ਦੇਸ਼ ਵਿੱਚ ਐਚਐਮਪੀਵੀ ਦੇ ਚਾਰ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਦੋ ਬੈਂਗਲੁਰੂ, ਇੱਕ ਕੋਲਕਾਤਾ ਅਤੇ ਇੱਕ ਗੁਜਰਾਤ ਵਿੱਚ ਸ਼ਾਮਲ ਹੈ।

# ਕੜਾਹ ਪਰੋਸਣ ਦੇ ਹੁਕਮ ਨੇ ਅਧਿਆਪਕਾਂ ਨੂੰ ਤਾਪ ਚੜ੍ਹਾਇਆ



WORLD PUNJABI NEWS NETWORK ਨਵੀਂ ਦਿੱਲੀ: ਹਵਾ ਰਾਹੀਂ ਫੈਲਣ ਵਾਲੇ ਹਿਊਮਨ ਮੈਟਾਨਿਊਮੋਵਾਇਰਸ (ਐੱਚ.ਐੱਮ.ਪੀ.ਵੀ.) ਨੇ ਚੀਨ ਤੋਂ ਬਾਅਦ ਹੁਣ ਭਾਰਤ ਵਿੱਚ ਦਸਤਕ ਦਿੱਤੀ ਹੈ। ਕਰਨਾਟਕ, ਤਾਮਿਲਨਾਡੂ ਅਤੇ ਗੁਜਰਾਤ ਵਿੱਚ ਅੱਜ ਪੰਜ ਬੱਚੇ ਇਸ ਵਾਇਰਸ ਤੋਂ ਪੀੜਤ ਮਿਲੇ ਹਨ। ਕੇਂਦਰ ਸਰਕਾਰ ਨੇ ਹਸਪਤਾਲਾਂ ਨੂੰ ਤਿਆਰ ਬਰ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਢਾ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਘਬਰਾਉਣ ਦੀ ਲੋੜ ਨਹੀਂ ਅਤੇ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਇਸ ਦੌਰਾਨ ਦਿੱਲੀ ਸਰਕਾਰ ਨੇ ਰਾਜਧਾਨੀ ਦੇ ਸਾਰੇ ਹਸਪਤਾਲਾਂ ਨੂੰ ਸਾਹ ਦੀਆਂ ਬਿਮਾਰੀਆਂ ਵਿੱਚ ਸੰਭਾਵੀ ਵਾਧੇ ਨਾਲ ਨਜਿੱਠਣ ਵਾਸਤੇ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਭਾਰਤੀ ਮੈਡੀਕਲ ਖੋਜ ਕੌਂਸਲ (ਆਈ.ਸੀ.ਐੱਮ.ਆਰ.) ਨੇ ਆਮ ਨਿਗਰਾਨੀ ਦੌਰਾਨ ਕਰਨਾਟਕ ਵਿੱਚ ਹਿਊਮਨ ਮੈਟਾਨਿਊਮੋਵਾਇਰਸ (ਐੱਚ.ਐੱਮ.ਪੀ.ਵੀ.) ਦੇ ਦੋ ਮਾਮਲਿਆਂ ਦੀ ਪੁਸ਼ਟੀ ਕੀਤੀ ਹੈ। ਮੰਤਰਾਲੇ ਨੇ ਦੱਸਿਆ ਕਿ ਤਿੰਨ ਮਹੀਨਿਆਂ ਦੀ ਬੱਚੀ ਨੂੰ 'ਬਰੋਨਕੋਨਿਊਮੋਨੀਆ' ਦੀ ਸ਼ਿਕਾਇਤ ਸੀ ਅਤੇ ਉਸ ਨੂੰ ਬੰਗਲੂਰੂ ਦੇ ਬੈਪਟਿਸਟ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਉਸ ਦੇ ਐੱਚ.ਐੱਮ.ਪੀ.ਵੀ. ਤੋਂ ਪੀੜਤ ਹੋਣ ਦਾ ਪਤਾ ਲੱਗਾ ਸੀ। ਉਸ ਨੂੰ ਪਹਿਲਾਂ ਹੀ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ।

## ਸਾਬਕਾ ਚੋਣ ਰਣਨੀਤੀਕਾਰ ਪ੍ਰਸ਼ਾਂਤ ਕਿਸ਼ੋਰ ਜੇਲ੍ਹ ਵਿਚੋਂ ਰਿਹਾਅ



WORLD PUNJABI NEWS NETWORK

ਪਟਨਾ: ਜਨ ਸਵਰਾਜ ਪਾਰਟੀ ਦੇ ਬਾਨੀ ਪ੍ਰਸ਼ਾਂਤ ਕਿਸ਼ੋਰ ਨੂੰ ਸੋਮਵਾਰ ਸ਼ਾਮੀਂ ਜੇਲ੍ਹ ਵਿਚੋਂ ਰਿਹਾਅ ਕਰ ਦਿੱਤਾ ਗਿਆ ਹੈ। ਹਾਲਾਂਕਿ ਇਸ ਤੋਂ ਪਹਿਲਾਂ ਕਿਸ਼ੋਰ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰਦਿਆ ਨਿਆਂਇਕ ਹਿਰਾਸਤ ’ਚ ਭੇਜ ਦਿੱਤਾ ਗਿਆ ਸੀ। ਕਿਸ਼ੋਰ ਨੇ ਜ਼ਮਾਨਤ ਦੀਆਂ ਸ਼ਰਤਾਂ ਨੂੰ ਗੈਰਵਾਜਬ ਕਰਾਰ ਦਿੱਤਾ ਸੀ। ਉਂਝ ਇਹ ਫੌਰੀ ਪਤਾ ਨਹੀਂ ਲੱਗਾ ਕਿ ਕੀ ਕਿਸ਼ੋਰ ਨੇ ਕੋਰਟ ਵੱਲੋਂ ਲਾਈਆਂ ਜ਼ਮਾਨਤ ਸ਼ਰਤਾਂ ਸਵੀਕਾਰ ਕਰ ਲਈਆਂ ਜਾਂ ਫਿਰ ਕੋਰਟ ਨੇ ਆਪਣੇ ਹੁਕਮਾਂ ਵਿਚ ਕੋਈ ਤਰਮੀਮ ਕੀਤੀ ਹੈ। ਕਿਸ਼ੋਰ ਨੇ ਹਾਲਾਂਕਿ ‘ਬਿਨਾਂ ਸ਼ਰਤ’ ਜ਼ਮਾਨਤ ਦਾ ਦਾਅਵਾ ਕੀਤਾ ਹੈ। ਕਿਸ਼ੋਰ ਨੇ ਕਿਹਾ ਕਿ ਉਹ ਆਪਣੇ ਸੱਤਿਆਗ੍ਰਹਿ ਨੂੰ ਜਾਰੀ ਰੱਖਣਗੇ। ਕਿਸ਼ੋਰ ਦੀ ਪਾਰਟੀ ਨਾਲ ਜੁੜੇ ਸੀਨੀਅਰ ਵਕੀਲ ਵਾਈ.ਵੀ.ਗਿਰੀ. ਨੇ ਪਹਿਲਾਂ ਕਿਹਾ ਸੀ ਕਿ ਕਿਸ਼ੋਰ ਨੂੰ ਜ਼ਮਾਨਤ ਦੇਣ ਲਈ ਲਾਈਆਂ ਸ਼ਰਤਾਂ ਗੈਰਵਾਜਬ ਹਨ। ਉਨ੍ਹਾਂ ਕਿਹਾ ਕਿ ਕਿਸ਼ੋਰ ਨੂੰ ਲਿਖਤੀ ਹਲਫ਼ਨਾਮਾ ਦਾਖ਼ਲ ਕਰਨ ਦੀ ਸ਼ਰਤ ਲਾਈ ਗਈ ਸੀ, ਜੋ ਇਕ ਤਰ੍ਹਾਂ ਨਾਲ ‘ਗੁਨਾਹ ਕਬੂਲ’ ਕਰਨ ਦੇ ਬਰਾਬਰ ਹੈ।’ ਪਟਨਾ ਦੇ ਐੱਸ.ਐੱਸ.ਪੀ. ਅਵਕਾਸ਼ ਕੁਮਾਰ ਨੇ ਕਿਹਾ, ‘‘ਕੋਰਟ ਨੇ ਦੇਰ ਸ਼ਾਮ ਕਿਸ਼ੋਰ ਨੂੰ ਜ਼ਮਾਨਤ ਦੇ ਦਿੱਤੀ ਹੈ। ਉਸ ਨੂੰ ਬਿਊਰ ਕੇਂਦਰੀ ਜੇਲ੍ਹ ’ਚੋਂ ਰਿਹਾਅ ਕਰ ਦਿੱਤਾ ਗਿਆ ਹੈ।’’ ਇਸ ਤੋਂ ਪਹਿਲਾਂ ਕਿਸ਼ੋਰ ਨੂੰ ਉਸ ਦੇ ਗੈਰਕਾਨੂੰਨੀ ਮਰਨ ਵਰਤ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ। ਕਿਸ਼ੋਰ ਵੱਲੋਂ ਜ਼ਮਾਨਤ ਸ਼ਰਤਾਂ ’ਤੇ ਉਜ਼ਰ ਜਤਾਏ ਜਾਣ ਮਗਰੋਂ ਸਾਬਕਾ ਚੋਣ ਰਣਨੀਤੀਕਾਰ ਨੂੰ ਜੇਲ੍ਹ ਭੇਜ ਦਿੱਤਾ ਗਿਆ ਸੀ। ਚੇਤੇ ਰਹੇ ਕਿ ਕਿਸ਼ੋਰ ਨੇ ਬਿਹਾਰ ਲੋਕ ਸੇਵਾ ਕਮਿਸ਼ਨ ਦੀ ਪ੍ਰੀਖਿਆ ਰੱਦ ਕਰਨ ਦੀ ਮੰਗ ਨੂੰ ਲੈ ਕੇ ਪਿਛਲੇ ਹਫ਼ਤੇ ਪਟਨਾ ਦੇ ਗਾਂਧੀ ਮੈਦਾਨ ਵਿਚ ਮਰਨ ਵਰਤ ਸ਼ੁਰੂ ਕੀਤਾ ਸੀ। ਪੁਲੀਸ ਨੇ ਪਟਨਾ ਹਾਈ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਮਰਨ ਵਰਤ ਨੂੰ ਗੈਰਕਾਨੂੰਨੀ ਐਲਾਨਦਿਆਂ ਕਿਸ਼ੋਰ ਖਿਲਾਫ਼ ਕੇਸ ਦਰਜ ਕੀਤਾ ਸੀ।

## ਰਾਸ਼ਟਰੀ ਗੀਤ ਦੇ ਅਪਮਾਨ ’ਤੇ ਭੜਕੇ ਤਾਮਿਲਨਾਡੂ ਦੇ ਰਾਜਪਾਲ

WORLD PUNJABI NEWS NETWORK

ਜੰਮੂ: ਜੰਮੂ-ਕਸ਼ਮੀਰ ਦੇ ਪੰਡਰੇਥਾਨ ਇਲਾਕੇ 'ਚ ਇਕ ਹੀ ਪਰਿਵਾਰ ਦੇ 5 ਲੋਕਾਂ ਦੀ ਦਮ ਘੁੱਟਣ ਨਾਲ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਐਤਵਾਰ ਨੂੰ ਸ਼ਹਿਰ ਦੇ ਪੰਦਰਥਾਨ ਇਲਾਕੇ 'ਚ ਇਕ ਹੀ ਪਰਿਵਾਰ ਦੇ ਪੰਜ ਮੈਂਬਰਾਂ ਦੀ ਦਮ ਘੁੱਟਣ ਨਾਲ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਬਾਰਾਮੂਲਾ ਜ਼ਿਲੇ ਦੇ ਉੜੀ ਇਲਾਕੇ ਦੇ ਰਹਿਣ ਵਾਲੇ ਇਕ ਜੋੜੇ ਅਤੇ ਉਨ੍ਹਾਂ ਦੇ ਤਿੰਨ ਬੱਚੇ ਸ਼ਾਮ ਨੂੰ ਆਪਣੇ ਕਿਰਾਏ ਦੇ ਘਰ 'ਚ ਮ੍ਰਿਤਕ ਪਾਏ ਗਏ। ਦਿਨ ਵੇਲੇ ਪਰਿਵਾਰ ਵੱਲੋਂ ਕੋਈ ਗਤੀਵਿਧੀ ਨਾ ਹੋਣ 'ਤੇ ਗੁਆਂਢੀਆਂ ਨੇ ਅਧਿਕਾਰੀਆਂ ਨੂੰ ਸੂਚਿਤ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਪਰਿਵਾਰ ਦੀ ਮੌਤ ਦਮ ਘੁੱਟਣ ਨਾਲ ਹੋਈ ਹੈ। ਘਾਟੀ 40 ਦਿਨਾਂ ਤੋਂ ਕੜਾਕੇ ਦੀ ਸਰਦੀ ਵਿੱਚੋਂ ਲੰਘ ਰਹੀ ਹੈ। ਲੋਕ ਜ਼ਿਆਦਾਤਰ ਆਪਣੇ ਘਰਾਂ ਵਿੱਚ ਹੁੰਦੇ ਹਨ ਅਤੇ ਬਰੇਜ਼ੀਅਰ



ਉਨ੍ਹਾਂ ਨੂੰ ਨਿੱਘੇ ਰੱਖਣ ਵਿੱਚ ਮਦਦ ਕਰ ਰਹੇ ਹਨ। ਉਪ ਰਾਜਪਾਲ ਮਨੋਜ ਸਿਨਹਾ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ। ਐਲਜੀ ਨੇ ਸ਼੍ਰੀਨਗਰ ਦੇ ਪੰਦਰਥਾਨ ਇਲਾਕੇ 'ਚ ਵਾਪਰੀ ਦਰਦਨਾਕ ਘਟਨਾ 'ਚ ਲੋਕਾਂ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ ਹੈ।

## ਖੱਡ ਵਿਚ ਡਿੱਗੀ ਸਵਾਰੀਆਂ ਨਾਲ ਭਰੀ ਬੱਸ, ਤਿੰਨ ਦੀ ਹੋਈ ਮੌਤ

WORLD PUNJABI NEWS NETWORK

ਕੇਰਲ: ਕੇਰਲ ਦੇ ਇਡੁੱਕੀ ਜ਼ਿਲ੍ਹੇ ਦੇ ਪੁਲੁਪਾਰਾ ਇਲਾਕੇ 'ਚ ਸੋਮਵਾਰ ਸਵੇਰੇ ਇਕ ਵੱਡਾ ਸੜਕ ਹਾਦਸਾ ਵਾਪਰਿਆ। ਤੰਜਾਵੁਰ ਤੋਂ ਮਾਵੇਲੀਕਾਰਾ ਜਾ ਰਹੀ ਇੱਕ ਸਵਾਰੀਆਂ ਨਾਲ ਭਰੀ ਬੱਸ ਖੱਡ ਵਿੱਚ ਡਿੱਗ ਗਈ, ਜਿਸ ਕਾਰਨ ਇੱਕ ਔਰਤ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ। ਬੱਸ ਵਿੱਚ ਕੁੱਲ 34 ਲੋਕ ਸਵਾਰ ਸਨ। ਹਾਦਸਾ ਸਵੇਰੇ ਕਰੀਬ 6 ਵਜੇ ਵਾਪਰਿਆ। ਪੁਲਿਸ ਮੁਤਾਬਕ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਮੁੰਡਾਕਯਾਮ ਦੇ ਇਕ ਨਿੱਜੀ ਹਸਪਤਾਲ 'ਚ ਭੇਜ ਦਿੱਤਾ ਗਿਆ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ਾਂ ਵਾਰਸਾਂ ਦੇ ਹਵਾਲੇ ਕਰ ਦਿੱਤੀਆਂ ਜਾਣਗੀਆਂ। ਇਸ ਹਾਦਸੇ 'ਚ ਕਈ ਹੋਰ ਯਾਤਰੀ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਘਟਨਾ ਦੀ



ਸੂਚਨਾ ਮਿਲਦੇ ਹੀ ਪੁਲਿਸ ਅਤੇ ਫ਼ਾਇਰ ਬ੍ਰਿਗੇਡ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ। ਰਾਹਤ ਅਤੇ ਬਚਾਅ ਕਾਰਜ ਤੇਜ਼ੀ ਨਾਲ ਜਾਰੀ ਹਨ। ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ।

## ਸੱਜਣ ਕੁਮਾਰ ਦੇ ਸਾਥੀ ਬਲਵਾਨ ਖੋਖਰ ਨੂੰ ਸੁਪਰੀਮ ਕੋਰਟ ਨੇ ਨਹੀਂ ਦਿੱਤੀ ਜ਼ਮਾਨਤ

WORLD PUNJABI NEWS NETWORK

ਨਵੀਂ ਦਿੱਲੀ: ਅੱਜ 1984 ਸਿੱਖ ਨਸਲਕੁਸ਼ੀ ਦੇ ਇਕ ਮਾਮਲੇ ਦੀ ਸੁਪਰੀਮ ਕੋਰਟ ਵਿਚ ਸੁਣਵਾਈ ਸੀ। ਇਹ ਮਾਮਲਾ ਸੱਜਣ ਕੁਮਾਰ ਤੇ ਉਸ ਦੇ ਸਾਥੀ ਬਲਵਾਨ ਖੋਖਰ ਨਾਲ ਸਬੰਧਤ ਹੈ। ਦਰਅਸਲ ਬਲਵਾਨ ਖੋਖਰ ਨੇ ਪਿਛਲੇ ਦਿਨੀਂ ਸੁਪਰੀਮ ਕੋਰਟ ਵਿਚ ਇਕ ਅਰਜ਼ੀ ਦਾਖਲ ਕਰਕੇ ਇਹ ਕਹਿੰਦਿਆਂ ਜ਼ਮਾਨਤ ਮੰਗੀ ਸੀ ਉਸ ਨੂੰ ਕਈ ਤਰ੍ਹਾਂ ਦੀਆਂ ਬੀਮਾਰੀਆਂ ਲੱਗੀਆਂ ਹੋਈਆਂ ਹਨ ਤੇ ਉਸ ਦਾ 50% ਸਰੀਰ ਕੰਮ ਨਹੀਂ ਕਰਦਾ। ਇਸ ਦੇ ਨਾਲ ਉਸ ਨੇ ਕਿਹਾ ਕਿ ਕੁੱਲ ਮਿਲਾ ਕੇ ਉਹ ਪਿਛਲੇ 12 ਸਾਲ ਤੋਂ ਜੇਲ ਵਿਚ ਹੈ। ਇਸ ਲਈ ਉਸ ਨੂੰ ਜ਼ਮਾਨਤ ਦਿੱਤੀ ਜਾਵੇ। ਬਲਵਾਨ ਖੋਖਰ ਦੀ ਇਸ ਅਰਜ਼ੀ ਦਾ ਵਿਰੋਧ ਕਰਦਿਆਂ ਸਿੱਖ ਵਕੀਲ ਐਚਐਸ ਫੂਲਕਾ ਨੇ ਕਿਹਾ ਕਿ ਇਹ ਮਾਮਲਾ ਸਿੱਧੇ ਤੌਰ 'ਤੇ 5 ਕਤਲਾਂ ਨਾਲ ਜੁੜਿਆਂ ਹੋਇਆ ਹੈ। ਇਸ ਤੋਂ ਇਲਾਵਾ ਉਸ ਇਲਾਕੇ ਵਿਚ 241 ਸਿੱਖਾਂ ਦਾ ਕਤਲ ਹੋਇਆ ਸੀ ਤੇ ਭੀੜ ਦੀ ਅਗਵਾਈ ਉਹ ਲੋਕ ਕਰ ਰਹੇ ਸਨ। ਇਸ ਲਈ ਉਹ ਲੋਕ ਜ਼ਮਾਨਤ ਦੇ ਹੱਕਦਾਰ ਨਹੀਂ ਹੈ। ਫੂਲਕਾ ਦੀਆਂ ਦਲੀਲਾਂ ਸੁਣ ਤੋਂ ਬਾਅਦ ਅਦਾਲਤ ਨੇ ਕਿਹਾ ਕਿ ਜੇਕਰ ਅੱਜ ਇਕ ਦੋਸ਼ੀ ਨੂੰ ਜ਼ਮਾਨਤ ਦੇ ਦਿੱਤੀ ਤਾਂ ਉਸ ਤੋਂ ਬਾਅਦ ਦੂਜਾ ਦੋਸ਼ੀ ਵੀ ਜ਼ਮਾਨਤ ਅਰਜ਼ੀ ਦਾਇਰ ਕਰੇਗਾ।

## ਛੱਤੀਸਗੜ੍ਹ: ਨਕਸਲੀ ਹਮਲੇ ਵਿੱਚ ਅੱਠ ਜਵਾਨਾਂ ਸਣੇ ਨੌਂ ਹਲਾਕ



WORLD PUNJABI NEWS NETWORK

ਬੀਜਾਪੁਰ: ਛੱਤੀਸਗੜ੍ਹ ਦੇ ਨਕਸਲ ਪ੍ਰਭਾਵਿਤ ਬੀਜਾਪੁਰ ਜ਼ਿਲ੍ਹੇ ਵਿੱਚ ਨਕਸਲੀਆਂ ਨੇ ਅੱਜ ਬਾਰੂਦੀ ਸੁਰੰਗ ਵਿੱਚ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ। ਇਸ ਹਮਲੇ ਵਿੱਚ ਅੱਠ ਜਵਾਨਾਂ ਸਣੇ ਨੌਂ ਵਿਅਕਤੀਆਂ ਦੀ ਮੌਤ ਹੋ ਗਈ। ਪੁਲੀਸ ਨੇ ਇਹ ਜਾਣਕਾਰੀ ਦਿੱਤੀ।ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਕੁਟਰੂ ਥਾਣਾ ਖੇਤਰ ਅਧੀਨ ਅੰਬੇਲੀ ਪਿੰਡ ਦੇ ਨੇੜੇ ਨਕਸਲੀਆਂ ਨੇ ਬਾਰੂਦੀ ਸੁਰੰਗ ਵਿੱਚ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਘਟਨਾ ਵਿੱਚ ਦਾਂਤੇਵਾੜਾ ਜ਼ਿਲ੍ਹਾ ਰਿਜ਼ਰਵ ਗਾਰਡ (ਡੀ.ਆਰ.ਜੀ.) ਦੇ ਅੱਠ ਜਵਾਨ ਸ਼ਹੀਦ ਹੋ ਗਏ ਹਨ ਅਤੇ ਵਾਹਨ ਚਾਲਕ ਦੀ ਵੀ ਮੌਤ ਹੋ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਦਾਂਤੇਵਾੜਾ, ਨਾਰਾਇਣਪੁਰਾ ਤੇ ਬੀਜਾਪੁਰ ਜ਼ਿਲ੍ਹਿਆਂ ਦੀ ਸਾਂਝੀ ਟੀਮ ਨੂੰ ਨਕਸਲ ਵਿਰੋਧੀ ਮੁਹਿੰਮ ਲਈ ਰਵਾਨਾ ਕੀਤਾ ਗਿਆ ਸੀ। ਟੀਮ ਅੱਜ ਜਦੋਂ ਮੁਹਿੰਮ ਤੋਂ ਵਾਪਸ ਪਰਤ ਰਹੀ ਸੀ ਤਾਂ ਦੁਪਹਿਰ ਕਰੀਬ 2.15 ਵਜੇ ਕੁਟਰੂ ਥਾਣਾ ਖੇਤਰ ਅਧੀਨ ਅੰਬੇਲੀ ਪਿੰਡ ਨੇੜੇ ਨਕਸਲੀਆਂ ਨੇ ਬਾਰੂਦੀ ਸੁਰੰਗ ਵਿੱਚ ਧਮਾਕਾ ਕਰ ਕੇ ਸੁਰੱਖਿਆ ਬਲਾਂ ਦੇ ਵਾਹਨ ਨੂੰ ਉਡਾ ਦਿੱਤਾ।

ਅਧਿਕਾਰੀਆਂ ਨੇ ਦੱਸਿਆ ਕਿ ਵਾਧੂ ਸੁਰੱਖਿਆ ਬਲ ਨੂੰ ਘਟਨਾ ਸਥਾਨ ਲਈ ਰਵਾਨਾ ਕੀਤਾ ਗਿਆ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜਾ ਰਹੀ ਹੈ। ਇਸ ਤੋਂ ਪਹਿਲਾਂ 26 ਅਪਰੈਲ 2023 ਨੂੰ ਗੁਆਂਢੀ ਦਾਂਤੇਵਾੜਾ ਜ਼ਿਲ੍ਹੇ ਵਿੱਚ ਸੁਰੱਖਿਆ ਮੁਲਾਜ਼ਮਾਂ ਨੂੰ ਲੈ ਕੇ ਜਾ ਰਹੇ ਵਾਹਨਾਂ ਦੇ ਕਾਫਲੇ ਵਿੱਚ ਸ਼ਾਮਲ ਇਕ ਐੱਮ.ਯੂ.ਵੀ. ਨੂੰ ਨਕਸਲੀਆਂ ਨੇ ਬੰਬ ਨਾਲ ਉਡਾ ਦਿੱਤਾ ਸੀ। ਇਸ ਘਟਨਾ ਵਿੱਚ 10 ਪੁਲੀਸ ਮੁਲਾਜ਼ਮਾਂ ਤੇ ਇਕ ਚਾਲਕ ਦੀ ਮੌਤ ਹੋ ਗਈ ਸੀ।

## ਠੰਢ ਤੋਂ ਬਚਣ ਲਈ ਲਗਾਇਆ ਹੀਟਰ ਹੀ ਬਣਿਆ ਕਾਲ! ਪਰਿਵਾਰ ਦੇ 5 ਮੈਂਬਰਾਂ ਦੀ ਮੌਤ

WORLD PUNJABI NEWS NETWORK

ਜੰਮੂ: ਜੰਮੂ-ਕਸ਼ਮੀਰ ਦੇ ਪੰਡਰੇਥਾਨ ਇਲਾਕੇ 'ਚ ਇਕ ਹੀ ਪਰਿਵਾਰ ਦੇ 5 ਲੋਕਾਂ ਦੀ ਦਮ ਘੁੱਟਣ ਨਾਲ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਐਤਵਾਰ ਨੂੰ ਸ਼ਹਿਰ ਦੇ ਪੰਦਰਥਾਨ ਇਲਾਕੇ 'ਚ ਇਕ ਹੀ ਪਰਿਵਾਰ ਦੇ ਪੰਜ ਮੈਂਬਰਾਂ ਦੀ ਦਮ ਘੁੱਟਣ ਨਾਲ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਬਾਰਾਮੂਲਾ ਜ਼ਿਲੇ ਦੇ ਉੜੀ ਇਲਾਕੇ ਦੇ ਰਹਿਣ ਵਾਲੇ ਇਕ ਜੋੜੇ ਅਤੇ ਉਨ੍ਹਾਂ ਦੇ ਤਿੰਨ ਬੱਚੇ ਸ਼ਾਮ ਨੂੰ ਆਪਣੇ ਕਿਰਾਏ ਦੇ ਘਰ 'ਚ ਮ੍ਰਿਤਕ ਪਾਏ ਗਏ। ਦਿਨ ਵੇਲੇ ਪਰਿਵਾਰ ਵੱਲੋਂ ਕੋਈ ਗਤੀਵਿਧੀ ਨਾ ਹੋਣ 'ਤੇ ਗੁਆਂਢੀਆਂ ਨੇ ਅਧਿਕਾਰੀਆਂ ਨੂੰ ਸੂਚਿਤ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਪਰਿਵਾਰ ਦੀ ਮੌਤ ਦਮ ਘੁੱਟਣ ਨਾਲ ਹੋਈ ਹੈ। ਘਾਟੀ 40 ਦਿਨਾਂ ਤੋਂ ਕੜਾਕੇ ਦੀ ਸਰਦੀ ਵਿੱਚੋਂ ਲੰਘ ਰਹੀ ਹੈ। ਲੋਕ ਜ਼ਿਆਦਾਤਰ ਆਪਣੇ ਘਰਾਂ ਵਿੱਚ ਹੁੰਦੇ ਹਨ ਅਤੇ ਬਰੇਜ਼ੀਅਰ



ਉਨ੍ਹਾਂ ਨੂੰ ਨਿੱਘੇ ਰੱਖਣ ਵਿੱਚ ਮਦਦ ਕਰ ਰਹੇ ਹਨ। ਉਪ ਰਾਜਪਾਲ ਮਨੋਜ ਸਿਨਹਾ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ। ਐਲਜੀ ਨੇ ਸ਼੍ਰੀਨਗਰ ਦੇ ਪੰਦਰਥਾਨ ਇਲਾਕੇ 'ਚ ਵਾਪਰੀ ਦਰਦਨਾਕ ਘਟਨਾ 'ਚ ਲੋਕਾਂ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ ਹੈ।

## ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਛੱਤਬੀੜ ਚਿੜੀਆਘਰ ਦਾ ਦੌਰਾ

WORLD PUNJABI NEWS NETWORK

ਜ਼ੀਰਕਪੁਰ: ਮੁੱਖ ਮੰਤਰੀ ਭਗਵੰਤ ਮਾਨ ਅੱਜ ਦੁਪਹਿਰੇ ਅਚਾਨਕ ਆਪਣੇ ਪਰਿਵਾਰਕ ਮੈਂਬਰਾਂ ਨਾਲ ਛੱਤਬੀੜ ਚਿੜੀਆਘਰ ਦੀ ਨਿੱਜੀ ਫੇਰੀ ਲਈ ਪਹੁੰਚੇ। ਉਨ੍ਹਾਂ ਨੇ ਛੱਤਬੀੜ ਚਿੜੀਆਘਰ ਦੇ ਅਧਿਕਾਰੀਆਂ ਤੋਂ ਜੰਗਲੀ ਜਾਨਵਰਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਹ ਦੌਰਾ ਤਜਵੀਜ਼ਤ ਨਹੀਂ ਸੀ ਅਤੇ ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਸ ਬਾਰੇ ਅਗਾਊਂ ਕੋਈ ਜਾਣਕਾਰੀ ਨਹੀਂ ਸੀ। ਹਾਲਾਂਕਿ ਮੁੱਖ ਮੰਤਰੀ ਦੀ ਨਿੱਜੀ ਫੇਰੀ ਦੌਰਾਨ ਮੀਡੀਆ ਨੂੰ ਵੀ ਦੂਰ ਹੀ ਰੱਖਿਆ ਗਿਆ ਅਤੇ ਕਿਸੇ ਵੀ ਅਧਿਕਾਰੀ ਨੇ ਇਸ ਬਾਰੇ ਕੋਈ ਜਾਣਕਾਰੀ ਸਾਂਝੀ ਕਰਨ ਤੋਂ ਇਨਕਾਰ ਕਰ ਦਿੱਤਾ। ਛੱਤਬੀੜ ਦੀ ਫੇਰੀ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਅੱਜ ਦਿਨੇਂ ਪਰਿਵਾਰ ਸਮੇਤ ਰੋਪੜ ਦੇ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਵਿਖੇ ਵੀ ਨਤਮਸਤਕ ਹੋਏ। ਛੱਤਬੀੜ ਚਿੜੀਆਘਰ ਦੀ ਇਸ ਅਚਾਨਕ ਫੇਰੀ ਦੌਰਾਨ ਜ਼ਿਲ੍ਹਾ ਅਧਿਕਾਰੀਆਂ ਨੂੰ ਭਾਜੜਾਂ ਪੈ



ਗਈਆਂ। ਮੁੱਖ ਮੰਤਰੀ ਦੀ ਫੇਰੀ ਨੇ ਚਿੜੀਆਘਰ ਦੇ ਜਾਨਵਰਾਂ ਅਤੇ ਇਨ੍ਹਾਂ ਦੇ ਨਿਵਾਸ ਸਥਾਨਾਂ ਦੀ ਸੰਭਾਲ ਅਤੇ ਸੁਰੱਖਿਆ ਦੀ ਮਹੱਤਤਾ ਵੱਲ ਵੀ ਧਿਆਨ ਦਿਵਾਇਆ। ਇਸ ਫੇਰੀ ਉਪਰੰਤ ਸ਼ਾਮ ਨੂੰ ਮੁੱਖ ਮੰਤਰੀ ਕਾਫਲੇ ਸਮੇਤ ਮੁੱਖ ਮੰਤਰੀ ਨਿਵਾਸ ਲਈ ਰਵਾਨਾ ਹੋ ਗਏ।

## ਸੜਕ ਹਾਦਸੇ 'ਚ ਬਾਈਕ ਸਵਾਰ ਨੌਜਵਾਨ ਦੀ ਮੌਤ, ਵਾਹਨ ਨੇ ਮਾਰੀ ਟੱਕਰ

WORLD PUNJABI NEWS NETWORK

ਮੋਗਾ: ਮੋਗਾ ਵਿਚ ਸੋਮਵਾਰ ਨੂੰ ਇੱਕ ਅਣਪਛਾਤੇ ਵਾਹਨ ਦੀ ਲਪੇਟ ਵਿੱਚ ਆਉਣ ਨਾਲ ਸੰਗਰੂਰ ਦੇ ਇੱਕ 25 ਸਾਲਾ ਬਾਈਕ ਸਵਾਰ ਨੌਜਵਾਨ ਦੀ ਮੌਤ ਹੋ ਗਈ। ਪੁਲਿਸ ਨੇ ਲਾਸ਼ ਨੂੰ ਆਪਣੇ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਮੋਗਾ ਦੇ ਥਾਣਾ ਨਿਹਾਲ ਸਿੰਘ ਵਾਲਾ ਦੇ ਜਾਂਚ ਅਧਿਕਾਰੀ ਕੇਵਲ ਸਿੰਘ ਨੇ ਦੱਸਿਆ ਕਿ ਚਰਨਜੀਤ ਸਿੰਘ ਵਾਸੀ ਸ਼ੇਰਪੁਰ, ਜ਼ਿਲ੍ਹਾ ਸੰਗਰੂਰ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ 25 ਸਾਲਾ ਲੜਕਾ ਪਰਮਿੰਦਰ ਸਿੰਘ ਮਮਦੋਟ ਦੀ ਇੱਕ ਫਾਈਨਾਂਸ ਕੰਪਨੀ ਵਿੱਚ ਮੈਨੇਜਰ ਸੀ। ਪਰਮਿੰਦਰ ਸਿੰਘ ਆਪਣੇ ਮੋਟਰਸਾਈਕਲ ’ਤੇ ਘਰੋਂ ਜਾ ਰਿਹਾ ਸੀ। ਦੇਰ ਸ਼ਾਮ ਜਦੋਂ ਉਹ ਪਿੰਡ ਭਾਗੀਕੇ ਕੋਲ ਪਹੁੰਚਿਆ ਤਾਂ ਕਿਸੇ ਅਣਪਛਾਤੇ ਵਾਹਨ ਨੇ ਉਸ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ। ਪਰਮਿੰਦਰ ਸਿੰਘ ਨੂੰ ਮੋਗਾ ਦੇ ਸਰਕਾਰੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਵਾਹਨ ਚਾਲਕ ਆਪਣੀ ਗੱਡੀ ਸਮੇਤ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਿਸ ਨੇ ਚਰਨਜੀਤ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਛੱਤੀਸਗੜ੍ਹ 'ਚ ਨਕਸਲੀਆਂ ਅਤੇ ਸੁਰੱਖਿਆ ਬਲਾਂ ਵਿਚਕਾਰ ਮੁਕਾਬਲਾ 4 ਨਕਸਲੀ ਮਾਰੇ, 1 ਸਿਪਾਹੀ ਸ਼ਹੀਦ, AK-47 ਵਰਗੇ ਹਥਿਆਰ ਬਰਾਮਦ



ਦਾਂਤੇਵਾੜਾ: ਛੱਤੀਸਗੜ੍ਹ ਦੇ ਦਾਂਤੇਵਾੜਾ ਅਤੇ ਨਰਾਇਣਪੁਰ ਜ਼ਿਲ੍ਹਿਆਂ ਦੀ ਸਰਹੱਦ 'ਤੇ ਅਬੂਝਮਾੜ ਦੇ ਜੰਗਲ ਵਿਚ ਸਨਿਚਰਵਾਰ ਦੇਰ ਰਾਤ ਪੁਲਿਸ ਅਤੇ ਨਕਸਲੀਆਂ ਵਿਚਕਾਰ ਮੁਕਾਬਲਾ ਹੋਇਆ, ਜਿਸ ਵਿਚ ਡੀ.ਆਰ.ਜੀ. ਜਵਾਨ ਹੈੱਡ ਕਾਂਸਟੇਬਲ ਸਨੂੰ ਕਾਰਮ ਸ਼ਹੀਦ ਹੋ ਗਿਆ। ਇਸ ਦੇ ਨਾਲ ਹੀ ਜਵਾਨਾਂ ਨੇ 4 ਮਾਓਵਾਦੀਆਂ ਨੂੰ ਵੀ ਮਾਰ ਮੁਕਾਇਆ। ਸ਼ਹੀਦ ਸਨੂੰ ਕਾਰਮ ਇਕ ਆਤਮ ਸਮਰਪਣ ਕੀਤਾ ਨਕਸਲੀ ਸੀ। ਕੁੱਝ ਸਾਲ ਪਹਿਲਾਂ ਉਹ ਨਕਸਲਵਾਦ ਛੱਡ ਕੇ ਪੁਲਿਸ 'ਚ ਭਰਤੀ ਹੋ ਗਿਆ ਸੀ, ਜਿੱਥੇ ਉਹ ਦਾਂਤੇਵਾੜਾ 'ਚ ਤਾਇਨਾਤ ਸੀ। ਤਲਾਸ਼ੀ ਦੌਰਾਨ ਜਵਾਨਾਂ ਨੇ ਮੌਕੇ ਤੋਂ ਸਾਰੇ ਨਕਸਲੀਆਂ ਦੀਆਂ ਲਾਸ਼ਾਂ ਅਤੇ AK-47 ਐਸ.ਐਲ.ਆਰ. ਵਰਗੇ ਹਥਿਆਰ ਬਰਾਮਦ ਕੀਤੇ ਹਨ। ਇਸ ਗੱਲ ਦੀ ਪੁਸ਼ਟੀ ਬਸਤਰ ਦੇ ਆਈ.ਜੀ. ਸੁੰਦਰਰਾਜ ਪੀ ਨੇ ਕੀਤੀ ਹੈ। ਦਸਿਆ ਜਾ ਰਿਹਾ ਹੈ ਕਿ ਸਨਿਚਰਵਾਰ ਦੇਰ ਰਾਤ 4 ਜ਼ਿਲ੍ਹਿਆਂ ਦੇ 1 ਹਜ਼ਾਰ ਜਵਾਨਾਂ ਨੇ ਨਕਸਲੀਆਂ ਦੇ ਕੋਰ ਖੇਤਰ ਨੂੰ ਘੇਰ ਲਿਆ ਸੀ। ਦੋਵਾਂ ਪਾਸਿਆਂ ਤੋਂ ਰੁਕ-ਰੁਕ ਕੇ ਗੋਲੀਬਾਰੀ ਹੁੰਦੀ ਰਹੀ। ਇਸ ਅਪ੍ਰੇਸ਼ਨ ਵਿਚ ਦਾਂਤੇਵਾੜਾ, ਨਰਾਇਣਪੁਰ, ਕੋਂਡਗਾਉਂ ਅਤੇ ਬਸਤਰ ਜ਼ਿਲ੍ਹਿਆਂ ਤੋਂ ਡੀ.ਆਰ.ਜੀ ਅਤੇ ਐਸ.ਟੀ.ਐਫ਼. ਦੀਆਂ ਟੀਮਾਂ ਭੇਜੀਆਂ ਗਈਆਂ ਸਨ। ਦੋ ਦਿਨ ਪਹਿਲਾਂ ਸੁਰੱਖਿਆ ਬਲਾਂ ਨੇ ਗਰੀਆਬੰਦ ਜ਼ਿਲ੍ਹੇ ਦੇ ਨਕਸਲ ਪ੍ਰਭਾਵਤ ਸੋਰਨਮਲ ਜੰਗਲ ਵਿਚ 3 ਨਕਸਲੀਆਂ ਨੂੰ ਮਾਰ ਮੁਕਾਇਆ ਸੀ। ਡੀ.ਆਰ.ਜੀ (ਜ਼ਿਲ੍ਹਾ ਰਿਜ਼ਰਵ ਗਾਰਡ) ਅਤੇ ਐਸ.ਟੀ.ਐਫ਼. (ਸਪੈਸ਼ਲ ਟਾਸਕ ਫ਼ੋਰਸ) ਦੀਆਂ ਟੀਮਾਂ ਨੇ ਨਕਸਲੀਆਂ ਨੂੰ ਘੇਰ ਲਿਆ ਸੀ। ਉਸ ਸਮੇਂ ਛੱਤੀਸਗੜ੍ਹ ਅਤੇ ਉੜੀਸਾ ਦੇ ਕਰੀਬ 300 ਸੈਨਿਕ ਅਪ੍ਰੇਸ਼ਨ ਵਿਚ ਸ਼ਾਮਲ ਸਨ।

## ਮਨੁੱਖੀ ਤਸਕਰੀ ਅਤੇ ਸਾਈਬਰ ਗੁਲਾਮੀ ਦੇ ਨੈੱਟਵਰਕ ਨੂੰ ਖ਼ਤਮ ਕਰਨ 'ਚ ਲੱਗੀ NIA, ਗ੍ਰਿਫ਼ਤਾਰ ਦੋਸ਼ੀਆਂ ਦੇ ਕਰ ਦੀ ਤਲਾਸ਼ੀ




ਨਵੀਂ ਦਿਲੀ: ਲਾਓ ਮਨੁੱਖੀ ਤਸਕਰੀ ਅਤੇ ਸਾਈਬਰ ਗੁਲਾਮੀ ਨੈਟਵਰਕ ਨੂੰ ਖ਼ਤਮ ਕਰਨ ਲਈ ਆਪਣੀਆਂ ਕੋਸ਼ਿਸ਼ਾਂ ਨੂੰ ਤੇਜ਼ ਕਰਦੇ ਹੋਏ, ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਨੇ ਸ਼ਨੀਵਾਰ ਨੂੰ ਦੱਖਣੀ ਦਿੱਲੀ ਦੇ ਜਾਮੀਆ ਨਗਰ 'ਚ ਹਾਲ ਹੀ ਵਿੱਚ ਗ੍ਰਿਫ਼ਤਾਰ ਕੀਤੇ ਗਏ ਇੱਕ ਮੁਲਜ਼ਮ ਦੇ ਘਰ ਦੀ ਤਲਾਸ਼ੀ ਲਈ। ਤਲਾਸ਼ੀ ਦੌਰਾਨ ਕਈ ਬੈਂਕਾਂ ਦੀਆਂ ਡੈਬਿਟ ਕਾਰਡਾਂ, ਪਾਸਬੁੱਕਾਂ ਅਤੇ ਚੈੱਕਬੁੱਕਾਂ ਸਮੇਤ ਡਿਜੀਟਲ ਡਿਵਾਈਸ (ਮੋਬਾਈਲ ਫੋਨ/ਟੈਬਲੇਟ) ਅਤੇ ਅਪਰਾਧਕ ਵਿੱਤੀ ਦਸਤਾਵੇਜ਼ ਜ਼ਬਤ ਕੀਤੇ ਗਏ ਹਨ।

## ਸਾਹ ਦੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ: ਸਰਕਾਰ




ਨਵੀਂ ਦਿੱਲੀ: ਚੀਨ 'ਚ ਇਕ ਸਾਹ ਨਾਲ ਸਬੰਧਤ ਬਿਮਾਰੀ (ਐੱਚ.ਐੱਮ.ਪੀ.ਵੀ.) ਹਿਊਮਨ ਮੈਟਾਨਿਊਮੋਵਾਇਰਸ ਦੇ ਫੈਲਣ ਦੀਆਂ ਤਾਜ਼ਾ ਰੀਪੋਰਟਾਂ ਦੇ ਮੱਦੇਨਜ਼ਰ ਭਾਰਤ ਸਾਰੇ ਉਪਲਬਧ ਸਾਧਨਾਂ ਰਾਹੀਂ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਡਬਲਯੂ.ਐਚ.ਓ. ਨੂੰ ਸਮੇਂ ਸਿਰ ਅਪਡੇਟ ਸਾਂਝਾ ਕਰਨ ਦੀ ਬੇਨਤੀ ਵੀ ਕੀਤੀ ਹੈ। ਸਿਹਤ ਮੰਤਰਾਲੇ ਨੇ ਸਨਿਚਰਵਾਰ ਨੂੰ ਇਹ ਜਾਣਕਾਰੀ ਦਿਤੀ। ਮੰਤਰਾਲੇ ਨੇ ਕਿਹਾ ਕਿ ਸਾਵਧਾਨੀ ਦੇ ਉਪਾਅ ਵਜੋਂ, ਐਚ.ਐਮ.ਪੀ.ਵੀ. ਮਾਮਲਿਆਂ ਦੀ ਜਾਂਚ ਕਰਨ ਵਾਲੀਆਂ ਪ੍ਰਯੋਗਸ਼ਾਲਾਵਾਂ ਦੀ ਗਿਣਤੀ ਵਧਾਈ ਜਾਵੇਗੀ ਅਤੇ (ਆਈ.ਸੀ.ਐਮ.ਆਰ.) ਇੰਡੀਅਨ ਕੌਂਸਲ ਆਫ ਮੈਡੀਕਲ ਰੀਸਰਚ ਸਾਲ ਭਰ ਐਚ.ਐਮ.ਪੀ.ਵੀ. ਦੇ ਰੁਝਾਨਾਂ ਦੀ ਨਿਗਰਾਨੀ ਕਰੇਗੀ। ਮੰਤਰਾਲੇ ਨੇ ਕਿਹਾ ਕਿ ਸਿਹਤ ਸੇਵਾਵਾਂ ਡਾਇਰੈਕਟੋਰੇਟ ਜਨਰਲ ਦੀ ਪ੍ਰਧਾਨਗੀ 'ਚ ਸੰਯੁਕਤ ਨਿਗਰਾਨੀ ਸਮੂਹ (ਜੇ.ਐੱਮ.ਜੀ.) ਦੀ ਬੈਠਕ ਸਨਿਚਰਵਾਰ ਨੂੰ ਹੋਈ, ਜਿਸ 'ਚ ਸਥਿਤੀ 'ਤੇ ਚਰਚਾ ਕੀਤੀ ਗਈ। ਮੀਟਿੰਗ 'ਚ ਵਿਸ਼ਵ ਸਿਹਤ ਸੰਗਠਨ (ਡਬਲਯੂ.ਐਚ.ਓ.), ਆਫ਼ਤ ਪ੍ਰਬੰਧਨ ਸੈੱਲ, ਏਕੀਕ੍ਰਿਤ ਰੋਗ ਨਿਗਰਾਨੀ ਪ੍ਰੋਗਰਾਮ (ਆਈ.ਡੀ.ਐਸ.ਪੀ.), ਕੌਮੀ ਰੋਗ ਕੰਟਰੋਲ ਕੇਂਦਰ (ਐਨ.ਸੀ.ਡੀ.ਸੀ.), ਇੰਡੀਅਨ ਕੌਂਸਲ ਆਫ ਮੈਡੀਕਲ ਰੀਸਰਚ, ਐਮਰਜੈਂਸੀ ਮੈਡੀਕਲ ਰਿਲੀਫ (ਈ.ਐਮ.ਆਰ.) ਡਿਵੀਜ਼ਨ ਅਤੇ ਏਮਜ਼-ਦਿੱਲੀ ਸਮੇਤ ਹਸਪਤਾਲਾਂ ਦੇ ਮਾਹਰਾਂ ਨੇ ਹਿੱਸਾ ਲਿਆ। ਵਿਚਾਰ-ਵਟਾਂਦਰੇ ਤੋਂ ਬਾਅਦ ਅਤੇ ਮੌਜੂਦਾ ਸਮੇਂ ਉਪਲਬਧ ਜਾਣਕਾਰੀ ਦੇ ਅਧਾਰ 'ਤੇ, ਇਹ ਸਹਿਮਤੀ ਬਣੀ ਕਿ ਫਲੂ ਦੇ ਚੱਲ ਰਹੇ ਮੌਸਮ ਨੂੰ ਵੇਖਦੇ ਹੋਏ ਚੀਨ 'ਚ ਸਥਿਤੀ ਅਸਧਾਰਨ ਨਹੀਂ ਹੈ। ਰੀਪੋਰਟਾਂ ਤੋਂ ਇਹ ਦਸਿਆ ਗਿਆ ਹੈ ਕਿ ਸਾਹ ਦੀਆਂ ਬਿਮਾਰੀਆਂ 'ਚ ਮੌਜੂਦਾ ਤੇਜ਼ੀ ਇਨਫਲੂਐਂਜ਼ਾ ਵਾਇਰਸ, ਐਚ.ਐਮ.ਪੀ.ਵੀ., ਆਰ.ਐਸ.ਵੀ. ਕਾਰਨ ਹੈ, ਜੋ ਇਸ ਮੌਸਮ 'ਚ ਆਮ ਕੀਟਾਣੂ ਹਨ। ਮੰਤਰਾਲੇ ਨੇ ਕਿਹਾ ਕਿ ਸਰਕਾਰ ਸਾਰੇ ਉਪਲਬਧ ਸਾਧਨਾਂ ਰਾਹੀਂ ਸਥਿਤੀ 'ਤੇ ਨਜ਼ਰ ਰੱਖ ਰਹੀ ਹੈ ਅਤੇ ਡਬਲਯੂ.ਐਚ.ਓ. ਨੂੰ ਚੀਨ ਦੀ ਸਥਿਤੀ 'ਤੇ ਸਮੇਂ ਸਿਰ ਅਪਡੇਟ ਕੀਤੇ ਅੰਕੜੇ ਸਾਂਝੇ ਕਰਨ ਦੀ ਬੇਨਤੀ ਕੀਤੀ ਗਈ ਹੈ।

## ਬਲਵੰਤ ਸਿੰਘ ਰਾਮੂਵਾਲੀਆ ਦੀ ਪਤਨੀ ਜਰਨੈਲ ਕੌਰ ਦਾ ਦਿਹਾਂਤ



ਮੋਹਾਲੀ: ਸਾਬਕਾ ਕੇਂਦਰੀ ਮੰਤਰੀ ਬਲਵੰਤ ਸਿੰਘ ਰਾਮੂਵਾਲੀਆ ਦੀ ਪਤਨੀ ਮਾਤਾ ਜਰਨੈਲ ਕੌਰ ਦਾ ਦਿਹਾਂਤ ਹੋ ਗਿਆ ਹੈ। ਉਹ ਪਿਛਲੇ ਲੰਮੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਉਨ੍ਹਾਂ ਨੇ 80 ਸਾਲ ਦੀ ਉਮਰ ਵਿੱਚ ਆਖ਼ਰੀ ਸਾਹ ਲਏ। ਮਾਤਾ ਜਰਨੈਲ ਕੌਰ ਆਪਣੇ ਪਿਛੇ 1 ਸਪੁੱਤਰ ਅਤੇ 2 ਧੀਆਂ ਛੱਡ ਗਏ ਹਨ। ਮਿਲੀ ਜਾਣਕਾਰੀ ਮੁਤਾਬਕ ਉਨ੍ਹਾਂ ਦਾ ਅੰਤਮ ਸਸਕਾਰ 7 ਜਨਵਰੀ ਨੂੰ ਬਾਅਦ ਦੁਪਹਿਰ ਢਾਈ ਵਜੇ ਮੁਹਾਲੀ ਦੇ ਸ਼ਮਸ਼ਾਨਘਾਟ ਵਿੱਚ ਕੀਤਾ ਜਾਵੇਗਾ।

## ਪੁਲਿਸ ਨੇ ਇੱਕ ਕਿਲੋ ਹੈਰੋਇਨ ਸਮੇਤ ਇੱਕ ਨਸ਼ਾ ਤਸਕਰ ਕੀਤਾ ਕਾਬੂ



ਗੁਰਦਾਸਪੁਰ: ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਅਤੇ ਜ਼ਿਲ੍ਹੇ ਅੰਦਰ ਸਰਹੱਦ ਪਾਰ ਨਸ਼ਿਆਂ ਦੇ ਨੈੱਟਵਰਕ ਨੂੰ ਖ਼ਤਮ ਕਰਨ ਅਤੇ ਤਸਕਰੀ ਨੂੰ ਠੱਲ੍ਹ ਪਾਉਣ ਲਈ ਗੁਰਦਾਸਪੁਰ (ਪੀ.ਐਸ. ਕਲਾਨੌਰ) ਪੁਲਿਸ ਨੇ ਚੰਦੂ ਵਡਾਲਾ ਦੇ ਰਹਿਣ ਵਾਲੇ ਇੱਕ ਨੌਜਵਾਨ ਨੂੰ ਕਾਬੂ ਕੀਤਾ ਹੈ। ਜਿਸ ਪਾਸੋਂ ਦੋ ਪੈਕੇਟ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ, ਜਿਸਦਾ ਕੁੱਲ ਵਜ਼ਨ ਇੱਕ ਕਿੱਲੋ ਹੈ।

## ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜੀ



ਖਨੌਰੀ: ਖਨੌਰੀ ਸਰਹੱਦ 'ਤੇ ਸ਼ਨਿੱਚਰਵਾਰ ਨੂੰ ਹੋਈ ਕਿਸਾਨ ਮਹਾਪੰਚਾਇਤ ਦੌਰਾਨ ਸੰਬੋਧਨ ਮਗਰੋਂ ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜ ਗਈ। ਡਾਕਟਰਾਂ ਦੀ ਇੱਕ ਟੀਮ ਉਨ੍ਹਾਂ ਦੀ ਜਾਂਚ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਕਿਸਾਨ ਮਹਾਪੰਚਾਇਤ ਨੂੰ 11 ਮਿੰਟ ਤੱਕ ਸੰਬੋਧਨ ਕਰਨ ਮਗਰੋਂ ਕਿਸਾਨ ਨੇਤਾ ਜਗਜੀਤ ਸਿੰਘ ਡੱਲੇਵਾਲ ਨੀਮ ਬੇਹੋਸ਼ ਹੋ ਗਏ ਅਤੇ ਉਨ੍ਹਾਂ ਨੂੰ ਉਲਟੀ ਆਈ। ਡਾਕਟਰੀ ਟੀਮ ਨੇ ਦੱਸਿਆ ਕਿ ਬਲੱਡ ਪ੍ਰੈਸ਼ਰ ਘਟਣ ਕਾਰਨ ਡੱਲੇਵਾਲ ਨੂੰ ਵਾਪਸ ਟੈਂਟ ਵਿੱਚ ਲਿਆਂਦਾ ਗਿਆ। ਡੱਲੇਵਾਲ ਦੀ ਸਿਹਤ ਸਬੰਧੀ ਸੂਚਨਾ ਮਿਲਦਿਆਂ ਹੀ ਸਾਬਕਾ ਡੀਆਈਜੀ ਨਰਿੰਦਰ ਭਾਰਗਵ ਖਨੌਰੀ ਸਰਹੱਦ 'ਤੇ ਪੁੱਜੇ। ਨਰਿੰਦਰ ਭਾਰਗਵ ਕਿਸਾਨ ਆਗੂ ਨਾਲ ਇਸ ਤੋਂ ਪਹਿਲਾਂ ਗੱਲਬਾਤ ਕਰਨ ਗਏ ਅਧਿਕਾਰੀਆਂ 'ਚ ਸ਼ਾਮਲ ਸਨ। ਅਧਿਕਾਰੀਆਂ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਨੂੰ ਵੀ ਤਿਆਰ ਰੱਖਿਆ ਗਿਆ ਹੈ। ਡੱਲੇਵਾਲ ਨੇ ਕਿਸਾਨ ਮਹਾਪੰਚਾਇਤ ਤੋਂ ਪਹਿਲਾਂ ਸ਼ੁੱਕਰਵਾਰ ਸ਼ਾਮ ਨੂੰ ਖ਼ੂਨ, ਪਿਸ਼ਾਬ ਅਤੇ ਈਸੀਜੀ ਟੈਸਟ ਕਰਵਾਉਣ ਲਈ ਸਹਿਮਤੀ ਦਿੱਤੀ ਸੀ। ਰਿਪੋਰਟਾਂ ਤੋਂ ਬਾਅਦ ਹੀ ਉਨ੍ਹਾਂ ਦੀ ਸਿਹਤ ਦੇ ਸਥਿਰ ਹੋਣ ਦੀ ਪੁਸ਼ਟੀ ਕੀਤੀ ਗਈ ਸੀ ਅਤੇ ਉਨ੍ਹਾਂ ਨੂੰ ਦੁਪਹਿਰ 2 ਵਜੇ ਦੇ ਕਰੀਬ ਐਂਬੂਲੈਂਸ 'ਚ ਸਟੇਜ 'ਤੇ ਲਿਜਾਇਆ ਗਿਆ।

## ਬ੍ਰਹਮਪੁੱਤਰ ਨਦੀ 'ਤੇ ਡੈਮ ਬਣਾਉਣ ਸਬੰਧੀ ਪ੍ਰਾਜੈਕਟ ਦਾ ਭਾਰਤ 'ਤੇ ਨਹੀਂ ਪਵੇਗਾ ਕੋਈ ਨਕਾਰਾਤਮਕ ਅਸਰ: ਚੀਨ



ਨਵੀਂ ਦਿੱਲੀ: ਭਾਰਤ ਵਿੱਚ ਚੀਨੀ ਦੂਤਾਵਾਸ ਦੇ ਤਰਜਮਾਨ ਯੂ ਜਿੰਗ ਨੇ ਅੱਜ 'ਐਕਸ' ਉੱਤੇ ਪਾਈ ਪੋਸਟ ਵਿੱਚ ਕਿਹਾ, "ਬ੍ਰਹਮਪੁੱਤਰ ਨਦੀ 'ਤੇ ਡੈਮ ਬਣਾਉਣ ਸਬੰਧੀ ਪ੍ਰਾਜੈਕਟ ਦਾ ਹੇਠਲੇ ਇਲਾਕਿਆਂ 'ਤੇ ਕੋਈ ਨਕਾਰਾਤਮਕ ਪ੍ਰਭਾਵ ਨਹੀਂ ਹੈ।" ਚੀਨ ਨੇ ਦਾਅਵਾ ਕੀਤਾ ਹੈ ਕਿ ਉਸ ਵੱਲੋਂ ਆਪਣੇ ਖ਼ੁਦ ਦੇ ਇਲਾਕੇ ਵਿੱਚ ਸਾਂਗਪੋ (ਬ੍ਰਹਮਪੁੱਤਰ) ਨਦੀ 'ਤੇ ਡੈਮ ਬਣਾਇਆ ਜਾਵੇਗਾ, ਜਿਸ ਦਾ ਹੇਠਲੇ ਇਲਾਕਿਆਂ 'ਤੇ ਕੋਈ ਨਕਾਰਾਤਮਕ ਪ੍ਰਭਾਵ ਨਹੀਂ ਪਵੇਗਾ। ਇਨ੍ਹਾਂ ਹੇਠਲੇ ਇਲਾਕਿਆਂ ਵਿੱਚ ਭਾਰਤ ਤੇ ਬੰਗਲਾਦੇਸ਼ ਆਉਂਦੇ ਹਨ। ਸਾਂਗਪੋ ਨਦੀ ਤਿੱਬਤ ਤੋਂ ਭਾਰਤ ਵਿੱਚ ਦਾਖ਼ਲ ਹੁੰਦੀ ਹੈ ਅਤੇ ਫਿਰ ਬੰਗਾਲ ਦੀ ਖਾੜੀ ਵਿੱਚ ਮਿਲਣ ਤੋਂ ਪਹਿਲਾਂ ਬੰਗਲਾਦੇਸ਼ ਵਿੱਚ ਦਾਖ਼ਲ ਹੁੰਦੀ ਹੈ। ਭਾਰਤ ਵਿੱਚ ਚੀਨੀ ਦੂਤਾਵਾਸ ਦੇ ਤਰਜਮਾਨ ਯੂ ਜਿੰਗ ਨੇ ਸ਼ਨਿਚਰਵਾਰ ਨੂੰ 'ਐਕਸ' ਉੱਤੇ ਪਾਈ ਪੋਸਟ ਵਿੱਚ ਕਿਹਾ, "ਇਸ ਪ੍ਰਾਜੈਕਟ ਦਾ ਹੇਠਲੇ ਇਲਾਕਿਆਂ 'ਤੇ ਕੋਈ ਨਕਾਰਾਤਮਕ ਪ੍ਰਭਾਵ ਨਹੀਂ ਪਵੇਗਾ।" ਤਰਜਮਾਨ ਨੇ ਇਹ ਵੀ ਕਿਹਾ ਕਿ ਚੀਨ ਵੱਲੋਂ ਮੌਜੂਦਾ ਚੈਨਲਾਂ ਰਾਹੀਂ ਹੇਠਲੇ ਇਲਾਕਿਆਂ 'ਚ ਪੈਂਦੇ ਦੇਸ਼ਾਂ ਨਾਲ ਸੰਚਾਰ ਕਾਇਮ ਰੱਖਿਆ ਜਾਵੇਗਾ ਅਤੇ ਆਪਦਾ ਦੀ ਰੋਕਥਾਮ ਤੇ ਨਦੀ ਤੋਂ ਹੋਣ ਵਾਲੇ ਲੋਕਾਂ ਦੇ ਨੁਕਸਾਨ ਤੋਂ ਰਾਹਤ ਲਈ ਸਹਿਯੋਗ ਵਧਾਇਆ ਜਾਵੇਗਾ। ਤਿੱਬਤ ਵਿੱਚ ਸਾਂਗਪੋ ਨਦੀ 'ਤੇ ਵਿਸ਼ਾਲ ਡੈਮ ਬਣਾਉਣ ਸਬੰਧੀ ਭਾਰਤ ਵੱਲੋਂ ਸ਼ੁੱਕਰਵਾਰ ਨੂੰ ਚਿੰਤਾ ਜ਼ਾਹਿਰ ਕੀਤੇ ਜਾਣ ਮਗਰੋਂ ਅੱਜ ਚੀਨ ਦਾ ਇਹ ਜਵਾਬ ਆਇਆ ਹੈ। ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਵਿਦੇਸ਼ ਮੰਤਰਾਲੇ ਦੇ ਤਰਜਮਾਨ ਰਣਧੀਰ ਜੈਸਵਾਲ ਨੇ ਕਿਹਾ ਸੀ ਕਿ ਭਾਰਤ ਇਕ ਹੇਠਲਾ ਰਿਪੇਰੀਅਨ ਦੇਸ਼ ਹੈ ਜਿਸ ਦਾ ਨਦੀ ਦੇ ਪਾਣੀ 'ਤੇ ਬਰਾਬਰ ਦਾ ਹੱਕ ਹੈ। ਇਸ 'ਤੇ ਚੀਨੀ ਦੂਤਾਵਾਸ ਦੇ ਤਰਜਮਾਨ ਨੇ ਕਿਹਾ, "ਚੀਨ ਹਮੇਸ਼ਾ ਸਰਹੱਦ ਪਾਰ ਨਦੀਆਂ ਦੇ ਵਿਕਾਸ ਲਈ ਜ਼ਿੰਮੇਵਾਰ ਰਿਹਾ ਹੈ। ਚੀਨ ਦਾ ਸਾਂਗਪੋ ਨਦੀ ਦੇ ਹੇਠਲੇ ਇਲਾਕਿਆਂ 'ਚ ਪਣਬਿਜਲੀ ਪ੍ਰਾਜੈਕਟ ਦਾ ਮਕਸਦ ਸਵੱਛ ਊਰਜਾ ਦੇ ਵਿਕਾਸ ਵਿੱਚ ਤੇਜ਼ੀ ਲਿਆਉਣਾ ਅਤੇ ਜਲਵਾਯੂ ਬਦਲਾਅ ਤੇ ਅਤਿਅੰਤ ਹਾਈਡਰੋਲੌਜਿਕਲ ਆਫ਼ਤਾਂ ਦਾ ਟਾਕਰਾ ਕਰਨਾ ਹੈ।"

## ਪੰਜਾਬ 'ਚ ਚਾਈਨਾ ਡੋਰ 'ਤੇ ਪੂਰਨ ਪਾਬੰਦੀ, ਹੁਕਮਾਂ ਦੀ ਉਲੰਘਣਾ ਕਰਨ 'ਤੇ 10 ਹਜ਼ਾਰ ਤੋਂ 15 ਲੱਖ ਰੁਪਏ ਤੱਕ ਦਾ ਹੋ ਸਕਦੈ ਜੁਰਮਾਨਾ



ਚੰਡੀਗੜ੍ਹ: ਪੰਜਾਬ 'ਚ ਚਾਈਨਾ ਡੋਰ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ ਹੈ। ਇਹ ਹੁਕਮ ਪੰਜਾਬ ਦੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਕੀਤੇ ਗਏ ਹਨ। ਇਸ ਸਬੰਧੀ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਸਜ਼ਾ ਦੀ ਵਿਵਸਥਾ ਵੀ ਕੀਤੀ ਗਈ ਹੈ। ਦੱਸਿਆ ਗਿਆ ਹੈ ਕਿ ਵਾਤਾਵਰਣ ਐਕਟ, 1986 ਦੀ ਧਾਰਾ 5 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਅੱਜ ਯਾਨੀ 5 ਜਨਵਰੀ ਤੋਂ ਨਿਰਦੇਸ਼ ਜਾਰੀ ਕੀਤੇ ਗਏ ਕਿ ਸੂਬੇ ਵਿਚ, ਨਾਈਲੋਨ, ਪਲਾਸਟਿਕ, ਚਾਈਨਾ ਅਤੇ ਕਿਸੇ ਹੋਰ ਸਿੰਥੈਟਿਕ ਸਮੱਗਰੀ ਤੋਂ ਬਣੀ ਪਤੰਗ ਉਡਾਉਣ ਵਾਲੀ ਡੋਰ ਦੇ ਨਿਰਮਾਣ, ਵਿਕਰੀ, ਸਟੋਰੇਜ ਦੀ ਮਨਾਹੀ ਹੈ। ਪੰਜਾਬ ਵਿੱਚ ਚਾਈਨਾ ਡੋਰ ਦੀ ਖਰੀਦ, ਸਪਲਾਈ, ਆਯਾਤ ਅਤੇ ਵਰਤੋਂ 'ਤੇ ਪੂਰਨ ਪਾਬੰਦੀ ਹੋਵੇਗੀ। ਪ੍ਰਦੂਸ਼ਣ ਕੰਟਰੋਲ ਬੋਰਡ ਨੇ ਕਿਹਾ ਹੈ ਕਿ ਜੇਕਰ ਕੋਈ ਵਿਅਕਤੀ ਵਾਤਾਵਰਨ (ਸੁਰੱਖਿਆ) ਐਕਟ, 1986 ਦੇ ਉਪਬੰਧਾਂ ਜਾਂ ਇਸ ਤਹਿਤ ਬਣਾਏ ਗਏ ਨਿਯਮਾਂ ਤਹਿਤ ਜਾਰੀ ਹਦਾਇਤਾਂ ਦੀ ਉਲੰਘਣਾ ਕਰਦਾ ਹੈ, ਤਾਂ ਉਸ 'ਤੇ ਘੱਟੋ-ਘੱਟ 10,000 ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ, ਜੁਰਮਾਨੇ ਨੂੰ ਵਧਾ ਕੇ 15,000 ਲੱਖ ਰੁਪਏ ਕੀਤਾ ਜਾ ਸਕਦਾ ਹੈ। ਵਿਭਾਗ ਨੇ ਸੂਬੇ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਪਤੰਗ ਉਡਾਉਣ ਲਈ ਪਾਬੰਦੀਸ਼ੁਦਾ ਚਾਈਨਾ, ਨਾਈਲੋਨ ਅਤੇ ਸਿੰਥੈਟਿਕ ਡੋਰ ਦੀ ਵਰਤੋਂ ਨਾ ਕਰ ਕੇ ਸਰਕਾਰ ਦੇ ਇਸ ਨੇਕ ਕੰਮ ਵਿਚ ਸਹਿਯੋਗ ਕਰਨ। ਵਿਭਾਗ ਨੇ ਇਹ ਵੀ ਕਿਹਾ ਹੈ ਕਿ ਜੇਕਰ ਕੋਈ ਵਿਅਕਤੀ ਚਾਈਨਾ ਡੋਰ ਫੜਾਉਂਦਾ ਹੈ ਤਾਂ ਉਸ ਨੂੰ ਇਨਾਮ ਦਿੱਤਾ ਜਾਵੇਗਾ।

## ਸੈਕਟਰ 17 ਨਿਊ ਹਰਿਆਣਾ ਸਕੱਤਰੇਤ ਦੀ ਤੀਜੀ ਮੰਜ਼ਿਲ 'ਤੇ ਲੱਗੀ ਅੱਗ



ਚੰਡੀਗੜ੍ਹ: ਚੰਡੀਗੜ੍ਹ ਦੇ ਸੈਕਟਰ 17 ਸਥਿਤ ਮਿੰਨੀ ਸਕੱਤਰੇਤ ਦੀ ਇਮਾਰਤ ਵਿਚ ਐਤਵਾਰ ਨੂੰ ਅੱਗ ਲੱਗ ਗਈ। ਫਾਇਰ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਦੁਪਹਿਰ ਸਮੇਂ ਇਮਾਰਤ ਦੀ ਤੀਜੀ ਮੰਜ਼ਿਲ 'ਤੇ ਲੱਗੀ ਅੱਗ 'ਤੇ ਤੁਰੰਤ ਕਾਬੂ ਪਾ ਲਿਆ ਗਿਆ। ਸੈਕਟਰ 17 ਦਾ ਫਾਇਰ ਸਟੇਸ਼ਨ ਸਕੱਤਰੇਤ ਤੋਂ ਸੜਕ ਦੇ ਪਾਰ ਸਥਿਤ ਹੈ, ਇਸ ਲਈ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਕੁਝ ਹੀ ਸਮੇਂ ਵਿੱਚ ਮੌਕੇ 'ਤੇ ਪਹੁੰਚ ਗਈਆਂ। ਫਾਇਰ ਡਿਪਾਰਟਮੈਂਟ ਦੇ ਇਕ ਅਧਿਕਾਰੀ ਨੇ ਦੱਸਿਆ, "ਕਿਉਂਕਿ ਐਤਵਾਰ ਨੂੰ ਛੁੱਟੀ ਸੀ, ਜਦੋਂ ਤੀਜੀ ਮੰਜ਼ਿਲ 'ਤੇ ਸਥਿਤ ਦੋ ਕਮਰਿਆਂ 'ਚ ਅੱਗ ਲੱਗੀ ਤਾਂ ਉੱਥੇ ਕੋਈ ਮੌਜੂਦ ਨਹੀਂ ਸੀ। ਇਮਾਰਤ ਦੇ ਅਹਾਤੇ ਵਿੱਚ ਡਿਊਟੀ 'ਤੇ ਤਾਇਨਾਤ ਗਾਰਡ ਨੇ ਧੂੰਆਂ ਨਿਕਲਦਾ ਦੇਖਿਆ ਅਤੇ ਅਲਾਰਮ ਵੱਜਿਆ। ਅਧਿਕਾਰੀ ਨੇ ਕਿਹਾ, "ਸਾਡੇ ਕੁਝ ਫਾਇਰ ਫਾਈਟਰਾਂ ਨੇ ਵੀ ਧੂੰਆਂ ਨਿਕਲਦਾ ਦੇਖਿਆ" ਕਿਉਂਕਿ ਫਾਇਰ ਸਟੇਸ਼ਨ ਸੜਕ ਦੇ ਪਾਰ ਸਥਿਤ ਹੈ ਅਤੇ ਤੁਰੰਤ ਪੰਜ ਫਾਇਰ ਟੈਂਡਰ ਮੌਕੇ 'ਤੇ ਭੇਜੇ ਗਏ ਸਨ। ਉਨ੍ਹਾਂ ਦੱਸਿਆ ਕਿ ਅੱਗ 'ਤੇ 15-20 ਮਿੰਟਾਂ 'ਚ ਕਾਬੂ ਪਾ ਲਿਆ ਗਿਆ। ਹਾਲਾਂਕਿ ਤੀਜੀ ਮੰਜ਼ਿਲ 'ਤੇ ਦੋ ਕਮਰਿਆਂ 'ਚ ਰੱਖੇ ਕੁਝ ਰਿਕਾਰਡ ਨੂੰ ਨੁਕਸਾਨ ਪਹੁੰਚਿਆ ਹੈ।

# ਰਾਸ਼ਟਰਪਤੀ ਜ਼ੇਲੇਂਸਕੀ ਦਾ ਦਾਅਵਾ - ਰੂਸ ਨੇ ਸੈਂਕੜੇ ਡਰੋਨ ਸੁੱਟੇ ਰੂਸ ਉੱਤੇ ਪਾਬੰਦੀਆਂ ਨੂੰ ਹੋਰ ਸਖ਼ਤ ਕਰਨ ਲਈ ਅਪੀਲ ਕੀਤੀ



ਨਵੀਂ ਦਿਲੀ: ਰੂਸ ਅਤੇ ਯੂਕਰੇਨ ਵਿਚਾਲੇ ਜੰਗ ਰੁਕਣ ਦਾ ਨਾਂ ਨਹੀਂ ਲੈ ਰਹੀ ਹੈ। ਇਹ ਜੰਗ ਦਿਨੋਂ-ਦਿਨ ਖ਼ਤਰਨਾਕ ਹੁੰਦੀ ਜਾ ਰਹੀ ਹੈ। ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਨਸਕੀ ਨੇ ਰੂਸ 'ਤੇ ਪਾਬੰਦੀਆਂ ਵਧਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਸ਼ਨੀਵਾਰ ਨੂੰ ਦਾਅਵਾ ਕੀਤਾ ਕਿ ਪਿਛਲੇ ਹਫਤੇ ਕੀਵ 'ਤੇ 103 ਡਰੋਨ ਅਤੇ 600 ਤੋਂ ਜ਼ਿਆਦਾ ਡਰੋਨ ਹਮਲੇ ਕੀਤੇ ਗਏ। ਇਸ ਤੋਂ ਇਲਾਵਾ, ਮਾਸਕੋ ਨੇ ਕਈ ਗਾਈਡਡ ਏਰੀਅਲ ਬੰਬਾਂ ਅਤੇ ਮਿਜ਼ਾਈਲਾਂ ਦੀ ਵੀ ਵਰਤੋਂ ਕੀਤੀ, ਜਿਸ ਵਿੱਚ ਦੁਨੀਆ ਭਰ ਤੋਂ ਪ੍ਰਾਪਤ ਕੀਤੇ ਗਏ 50,000 ਤੋਂ ਵੱਧ ਹਿੱਸੇ ਸ਼ਾਮਲ ਹਨ।

**103 ਤੋਂ ਵੱਧ ਡਰੋਨਾਂ ਨਾਲ ਕੀਤਾ ਹਮਲਾ**

"ਅਸੀਂ ਲਗਭਗ ਹਮੇਸ਼ਾ ਆਪਣੇ ਅਸਮਾਨ ਨੂੰ ਰੂਸੀ ਮਿਜ਼ਾਈਲਾਂ ਅਤੇ ਡਰੋਨਾਂ ਤੋਂ ਬਚਾਉਂਦੇ ਹਾਂ," ਜ਼ੇਲੇਨਸਕੀ ਨੇ ਕਿਹਾ। ਬੀਤੀ ਰਾਤ ਯੂਕਰੇਨ 'ਤੇ 103 ਸ਼ਾਹਿਦ ਡਰੋਨਾਂ ਦੁਆਰਾ ਹਮਲਾ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 8,755 ਵਿਦੇਸ਼ੀ ਹਿੱਸੇ ਸਨ। ਪਿਛਲੇ ਹਫਤੇ, ਰੂਸ ਨੇ 630 ਤੋਂ ਵੱਧ ਹਮਲਾਵਰ ਡਰੋਨ, ਲਗਭਗ 740 ਗਾਈਡਡ ਏਰੀਅਲ ਬੰਬ ਅਤੇ ਲਗਭਗ 50 ਮਿਜ਼ਾਈਲਾਂ ਦੀ ਵਰਤੋਂ ਕੀਤੀ।

**ਸਹਾਇਤਾ ਦੇਣ ਵਾਲੇ ਦੇਸ਼ਾਂ ਤੋਂ ਹੋਰ ਸਹਿਯੋਗ ਦੀ ਲੋੜ**

ਜ਼ੇਲੇਂਸਕੀ ਨੇ ਕਿਹਾ ਕਿ ਯੂਕਰੇਨ ਨੂੰ ਸਹਾਇਤਾ ਦੇਣ ਵਾਲੇ ਦੇਸ਼ਾਂ ਤੋਂ ਹੋਰ ਸਹਿਯੋਗ ਦੀ ਲੋੜ ਹੈ। ਰੂਸ ਅਜੇ ਵੀ ਦੁਨੀਆ ਭਰ ਤੋਂ ਜ਼ਰੂਰੀ ਸਾਮਾਨ ਅਤੇ ਸਾਜ਼ੋ-ਸਾਮਾਨ ਹਾਸਲ ਕਰ ਰਿਹਾ ਹੈ, ਜਿਸ ਦੀ ਵਰਤੋਂ ਕਰਕੇ ਉਹ ਯੂਕਰੇਨ 'ਤੇ ਹਮਲੇ ਕਰ ਰਿਹਾ ਹੈ।

ਜ਼ੇਲੇਂਸਕੀ ਨੇ ਸਾਰੇ ਦੇਸ਼ਾਂ ਨੂੰ ਹੋਰ ਪਾਬੰਦੀਆਂ ਲਗਾਉਣ, ਹਵਾਈ ਰੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਲੰਬੀ ਦੂਰੀ ਦੇ ਹਥਿਆਰਾਂ ਲਈ ਸਮਰਥਨ ਵਧਾਉਣ ਦੀ ਅਪੀਲ ਕੀਤੀ ਹੈ, ਤਾਂ ਜੋ ਯੂਕਰੇਨ ਦੇ ਸ਼ਹਿਰਾਂ, ਪਿੰਡਾਂ ਅਤੇ ਫਰੰਟ ਲਾਈਨਾਂ ਨੂੰ ਸੁਰੱਖਿਅਤ ਕੀਤਾ ਜਾ ਸਕੇ।

**ਯੂਕਰੇਨ ਦੇ ਕਈ ਸ਼ਹਿਰਾਂ 'ਤੇ ਹਮਲਾ**

ਤੁਹਾਨੂੰ ਦੱਸ ਦੇਈਏ ਕਿ ਯੂਕਰੇਨ ਦੇ ਰਾਸ਼ਟਰਪਤੀ ਨੇ ਇੱਕ ਵੀਡੀਓ ਵੀ ਸ਼ੇਅਰ ਕੀਤਾ ਸੀ, ਜਿਸ ਵਿੱਚ ਦਿਖਾਇਆ ਗਿਆ ਸੀ ਕਿ ਕਿਸ ਤਰ੍ਹਾਂ ਕੀਵ, ਚੇਰਨੀਹਿਵ, ਸੁਮੀ, ਡੋਨੇਟਸਕ, ਖੇਰਸਨ, ਖਾਰਕਿਵ ਅਤੇ ਨਿਪਰੋ ਵਰਗੇ ਸ਼ਹਿਰਾਂ ਵਿੱਚ ਹਮਲੇ ਹੋਏ। ਇਸ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਜੋ ਬਿਡੇਨ ਨੇ ਯੂਕਰੇਨ ਦੀ ਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਵਾਧੂ ਸਹਾਇਤਾ ਦਾ ਐਲਾਨ ਕੀਤਾ ਸੀ।

# OYO ਨੇ ਬਦਲੇ ਨਿਯਮ, ਅਣਵਿਆਹੇ ਜੋੜੇ ਨਹੀਂ ਲੈ ਸਕਣਗੇ ਹੋਟਲ ਦੇ ਕਮਰੇ

ਨਵੀਂ ਦਿੱਲੀ: ਯਾਤਰਾ ਖੇਤਰ ਦੀ ਕੰਪਨੀ ਓਯੋ ਨੇ ਵੀਰਵਾਰ ਨੂੰ ਕਿਹਾ ਕਿ ਉਸ ਨੇ ਮੇਰਠ ਤੋਂ ਸ਼ੁਰੂ ਹੋਣ ਵਾਲੇ ਅਪਣੇ ਪਾਰਟਨਰ ਹੋਟਲਾਂ ਲਈ ਨਵੀਂ 'ਚੈੱਕ-ਇਨ' ਨੀਤੀ ਲਾਗੂ ਕੀਤੀ ਹੈ। ਇਸ ਵਿਚ ਕਿਹਾ ਗਿਆ ਹੈ ਕਿ ਅਣਵਿਆਹੇ ਜੋੜਿਆਂ ਦੀ ਜਾਂਚ ਦੀ ਇਜਾਜ਼ਤ ਨਹੀਂ ਹੋਵੇਗੀ। ਯਾਨੀ ਹੋਟਲ 'ਚ ਸਿਰਫ ਪਤੀ-ਪਤਨੀ ਹੀ ਕਮਰਾ ਲੈ ਸਕਣਗੇ। ਸੋਧੀ ਹੋਈ ਪਾਲਿਸੀ ਦੇ ਤਹਿਤ ਸਾਰੇ ਜੋੜਿਆਂ ਨੂੰ ਚੈੱਕ-ਇਨ ਦੇ ਸਮੇਂ ਅਪਣੇ ਰਿਸ਼ਤੇ ਦਾ ਜਾਇਜ਼ ਸਬੂਤ ਦੇਣ ਲਈ ਕਿਹਾ ਜਾਵੇਗਾ। ਇਸ 'ਚ ਆਨਲਾਈਨ ਬੁਕਿੰਗ ਸ਼ਾਮਲ ਹੈ। ਕੰਪਨੀ ਨੇ ਕਿਹਾ ਕਿ ਓਯੋ ਨੇ ਅਪਣੇ ਭਾਈਵਾਲ ਹੋਟਲਾਂ ਨੂੰ ਸਥਾਨਕ ਸਮਾਜਕ ਸੰਵੇਦਨਸ਼ੀਲਤਾ ਨੂੰ ਧਿਆਨ ਵਿਚ ਰਖਦੇ ਹੋਏ ਅਪਣੀ ਮਰਜ਼ੀ ਨਾਲ ਅਣਵਿਆਹੇ ਜੋੜਿਆਂ ਦੀ ਬੁਕਿੰਗ ਤੋਂ ਇਨਕਾਰ ਕਰਨ ਦਾ ਅਧਿਕਾਰ ਦਿਤਾ ਹੈ। ਓਯੋ ਨੇ ਮੇਰਠ 'ਚ ਅਪਣੇ ਭਾਈਵਾਲ ਹੋਟਲਾਂ ਨੂੰ ਤੁਰਤ ਪ੍ਰਭਾਵ ਨਾਲ ਅਜਿਹਾ ਯਕੀਨੀ ਬਣਾਉਣ ਦੇ ਹੁਕਮ ਦਿਤੇ ਹਨ। ਨੀਤੀ 'ਚ ਤਬਦੀਲੀ ਤੋਂ ਜਾਣੂ ਲੋਕਾਂ ਨੇ ਕਿਹਾ ਕਿ ਕੰਪਨੀ ਜ਼ਮੀਨੀ ਪ੍ਰਤੀਕਿਰਿਆ ਦੇ ਅਧਾਰ ਤੇ ਇਸ ਨੂੰ ਹੋਰ ਸ਼ਹਿਰਾਂ 'ਚ ਵਧਾ ਸਕਦੀ ਹੈ। ਉਨ੍ਹਾਂ ਕਿਹਾ, ''ਓਯੋ ਨੂੰ ਪਹਿਲਾਂ ਵੀ ਇਸ ਮੁੱਦੇ ਨੂੰ ਹੱਲ ਕਰਨ ਲਈ ਸਮਾਜਕ ਸਮੂਹਾਂ ਤੋਂ ਫੀਡਬੈਕ ਮਿਲਿਆ ਸੀ, ਖ਼ਾਸਕਰ ਮੇਰਠ ਵਿੱਚ। ਕੁੱਝ ਹੋਰ




ਸ਼ਹਿਰਾਂ ਦੇ ਵਸਨੀਕਾਂ ਨੇ ਵੀ ਮੰਗ ਕੀਤੀ ਹੈ ਕਿ ਅਣਵਿਆਹੇ ਜੋੜਿਆਂ ਨੂੰ ਓਯੋ ਹੋਟਲਾਂ 'ਚ ਚੈੱਕ-ਇਨ ਕਰਨ ਦੀ ਇਜਾਜ਼ਤ ਨਾ ਦਿਤੀ ਜਾਵੇ।'' ਓਯੋ ਉੱਤਰ ਭਾਰਤ ਦੇ ਖੇਤਰ ਮੁਖੀ ਪਾਵਸ ਸ਼ਰਮਾ ਨੇ ਕਿਹਾ, ''ਓਯੋ ਸੁਰੱਖਿਅਤ ਅਤੇ ਜ਼ਿੰਮੇਵਾਰ ਪ੍ਰਾਹੁਣਚਾਰੀ ਅਭਿਆਸਾਂ ਨੂੰ ਬਣਾਈ ਰੱਖਣ ਲਈ ਵਚਨਬੱਧ ਹੈ। ਅਸੀਂ ਵਿਅਕਤੀਗਤ ਆਜ਼ਾਦੀ ਦਾ ਸਤਿਕਾਰ ਕਰਦੇ ਹਾਂ, ਪਰ ਅਸੀਂ ਇਨ੍ਹਾਂ ਬਾਜ਼ਾਰਾਂ 'ਚ ਕਾਨੂੰਨ ਲਾਗੂ ਕਰਨ ਵਾਲੇ ਅਤੇ ਸਿਵਲ ਸੁਸਾਇਟੀ ਸਮੂਹਾਂ ਨੂੰ ਸੁਣਨ ਅਤੇ ਕੰਮ ਕਰਨ ਦੀ ਅਪਣੀ ਜ਼ਿੰਮੇਵਾਰੀ ਨੂੰ ਵੀ ਪਛਾਣਦੇ ਹਾਂ।'' ਉਨ੍ਹਾਂ ਕਿਹਾ ਕਿ ਕੰਪਨੀ ਸਮੇਂ-ਸਮੇਂ 'ਤੇ ਇਸ ਨੀਤੀ ਅਤੇ ਇਸ ਦੇ ਪ੍ਰਭਾਵ ਦੀ ਸਮੀਖਿਆ ਕਰੇਗੀ।

# ਘਰ ਦੇ ਬਾਹਰ ਅੱਗ ਸੇਕ ਰਹੇ ਨੌਜਵਾਨ ਨੂੰ ਮਾਰੀਆਂ ਗੋਲੀਆਂ ਬਾਈਕ 'ਤੇ ਸਵਾਰ 3 ਹਮਲਾਵਰਾਂ ਨੇ ਕੀਤੇ 5 ਰਾਊਂਡ ਫਾਇਰ

ਗੁਰਦਾਸਪੁਰ: ਗੁਰਦਾਸਪੁਰ ਦੇ ਕਸਬਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਮਛਰਾਏ 'ਚ ਤਿੰਨ ਬਾਈਕ ਸਵਾਰਾਂ ਨੇ ਘਰ ਦੇ ਬਾਹਰ ਅੱਗ ਸੇਕ ਰਹੇ ਨੌਜਵਾਨ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਜ਼ਖ਼ਮੀ ਦੀ ਹਾਲਤ ਨੂੰ ਨਾਜ਼ੁਕ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਅੰਮ੍ਰਿਤਸਰ ਰੈਫ਼ਰ ਕਰ ਦਿੱਤਾ ਹੈ। ਜ਼ਖ਼ਮੀ ਗੁਰਸੇਵਕ ਸਿੰਘ ਦੇ ਪਿਤਾ ਨਿਰਮਲ ਸਿੰਘ ਨੇ ਦੱਸਿਆ ਕਿ ਉਸ ਦਾ ਲੜਕਾ ਗੁਰਸੇਵਕ ਸਿੰਘ (35 ਸਾਲ) ਘਰ ਦੇ ਬਾਹਰ ਅੱਗ ਸੇਕ ਰਿਹਾ ਸੀ ਤਾਂ ਤਿੰਨ ਬਾਈਕ ਸਵਾਰਾਂ ਨੇ ਆ ਕੇ ਉਸ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਨ ਉਸ ਦਾ ਲੜਕਾ ਗੰਭੀਰ ਜ਼ਖ਼ਮੀ ਹੋ ਗਿਆ। ਗੁਰਸੇਵਕ ਸਿੰਘ ਨੂੰ ਇੱਕ ਗੋਲੀ ਮੋਢੇ ਅਤੇ ਇੱਕ ਗੋਲੀ ਲੱਤ ਵਿੱਚ ਲੱਗੀ। ਉਸ ਨੇ ਦੱਸਿਆ ਕਿ ਹਮਲਾਵਰਾਂ ਵੱਲੋਂ ਗੋਲੀਆਂ ਚਲਾਉਣ ਤੋਂ ਬਾਅਦ ਉਹ ਮੌਕੇ ਤੋਂ ਘੁੰਮਣ ਕਸਬੇ ਵੱਲ ਭੱਜ ਗਏ। ਜ਼ਖ਼ਮੀ ਨੂੰ ਇਲਾਜ ਲਈ ਅੰਮ੍ਰਿਤਸਰ ਰੈਫ਼ਰ ਕਰ ਦਿੱਤਾ ਗਿਆ ਹੈ। ਪਿਤਾ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਹਮਲਾਵਰਾਂ ਨੂੰ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ। ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਐਸਐਚਓ ਬਿਕਰਮ ਸਿੰਘ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦਿਆਂ ਹੀ ਉਹ ਮੌਕੇ 'ਤੇ ਪੁੱਜੇ। ਹਮਲਾਵਰਾਂ ਨੇ ਪੰਜ ਰਾਊਂਡ ਫ਼ਾਇਰ ਕੀਤੇ, ਜਿਨ੍ਹਾਂ ਵਿੱਚੋਂ ਇੱਕ ਗੁਰਸੇਵਕ ਸਿੰਘ ਦੇ ਮੋਢੇ ਵਿੱਚ ਅਤੇ ਇੱਕ ਲੱਤ ਵਿੱਚ ਲੱਗਿਆ। ਪੁਲਿਸ ਵੱਲੋਂ ਸਾਰੇ ਇਲਾਕੇ ਦੀ ਨਾਕਾਬੰਦੀ ਕਰ ਕੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਚੌਕਸ ਕਰ ਦਿੱਤਾ ਗਿਆ ਹੈ।

# ਬੰਦ ਪਈ ਇੱਕ ਫੈਕਟਰੀ 'ਚ ਮਿਲੀ ਨੌਜਵਾਨ ਦੀ ਲਾਸ਼

ਕੋਟਕਪੂਰਾ: ਕੋਟਕਪੂਰਾ ਦੇ ਜਲਾਲੇਆਣਾ ਰੋਡ 'ਤੇ ਇੱਕ ਬੇਆਬਾਦ ਫੈਕਟਰੀ ਵਿੱਚੋਂ ਨਾਮਲੂਮ ਨੌਜਵਾਨ ਦੀ ਲਾਸ਼ ਬਰਾਮਦ ਹੋਈ ਹੈ। ਸ਼ੱਕ ਜਤਾਇਆ ਜਾ ਰਿਹਾ ਹੈ ਕਿ ਉਸਦੀ ਮੌਤ ਕਥਿਤ ਨਸ਼ੇ ਦੀ ਓਵਰਡੋਜ਼ ਕਰਕੇ ਹੋਈ ਹੈ। ਇਸ ਮਾਮਲੇ ਦੀ ਸੂਚਨਾ ਮਿਲਣ ਤੋਂ ਬਾਅਦ ਥਾਣਾ ਸਿਟੀ ਪੁਲਿਸ ਮੌਕੇ 'ਤੇ ਪੁੱਜੀ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਉਸ ਨੂੰ ਸਿਵਲ ਹਸਪਤਾਲ ਦੀ ਮੋਰਚਰੀ ਵਿਖੇ ਰਖਵਾ ਦਿੱਤਾ ਹੈ ਅਤੇ ਪੂਰੇ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ। ਜਾਣਕਾਰੀ ਦੇ ਮੁਤਾਬਕ ਐਤਵਾਰ ਦੁਪਹਿਰ ਲੋਕਾਂ ਨੇ ਵੇਖਿਆ ਕਿ ਜਲਾਲੇਆਣਾ ਰੋਡ 'ਤੇ ਚਰਚ ਦੇ ਸਾਹਮਣੇ ਇੱਕ ਬੇਆਬਾਦ ਫੈਕਟਰੀ 'ਚ ਨੌਜਵਾਨ ਦੀ ਲਾਸ਼ ਪਈ ਹੈ। ਜਿਸ ਦੇ ਬਾਰੇ ਥਾਣਾ ਸਿਟੀ ਪੁਲਿਸ ਨੂੰ ਸੂਚਿਤ ਕੀਤਾ ਗਿਆ ਜਿਸ ਤੋਂ ਬਾਅਦ ਏਐਸਆਈ ਇਕਬਾਲ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਮੌਕੇ 'ਤੇ ਪੁੱਜੀ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਉਸ ਨੂੰ ਸਿਵਲ ਹਸਪਤਾਲ ਵਿਖੇ ਪਹੁੰਚਾਇਆ। ਇਸ ਪੂਰੇ ਮਾਮਲੇ 'ਚ ਇਲਾਕੇ ਦੇ ਐਮਸੀ ਮਹਾਵੀਰ ਨੇ ਦੱਸਿਆ ਕਿ ਇਸ ਬੇਆਬਾਦ ਫੈਕਟਰੀ 'ਚ ਪਹਿਲਾਂ ਵੀ ਇਸ ਤਰ੍ਹਾਂ ਕਈ ਵਾਰ ਮੌਤਾਂ ਹੋ ਚੁੱਕੀਆਂ ਹਨ ਕਿਉਂਕਿ ਇੱਥੇ ਅਕਸਰ ਹੀ ਨਸ਼ੇੜੀ ਲੋਕਾਂ ਦਾ ਆਉਣਾ ਜਾਣਾ



ਲੱਗਿਆ ਰਹਿੰਦਾ ਹੈ ਅਤੇ ਇਸ ਨੌਜਵਾਨ ਦੀ ਮੌਤ ਵੀ ਨਸ਼ੇ ਦੀ ਓਵਰਡੋਜ਼ ਕਾਰਨ ਹੀ ਹੋਈ ਹੋ ਸਕਦੀ ਹੈ। ਇਸ ਮਾਮਲੇ 'ਚ ਸਿਟੀ ਕੋਟਕਪੂਰਾ ਏਐਸਆਈ ਇਕਬਾਲ ਸਿੰਘ ਨੇ ਦੱਸਿਆ ਕਿ ਫ਼ਿਲਹਾਲ ਮ੍ਰਿਤਕ ਨੌਜਵਾਨ ਦੀ ਪਛਾਣ ਨਹੀਂ ਹੋ ਸਕੀ ਹੈ ਅਤੇ ਨਾ ਹੀ ਉਸਦੇ ਕੋਲੋਂ ਕੋਈ ਕਾਗਜ਼ ਪੱਤਰ ਬਰਾਮਦ ਹੋਏ ਹਨ। ਪੁਲਿਸ ਵੱਲੋਂ ਇਸ ਦੀ ਲਾਸ਼ ਨੂੰ ਸਿਵਲ ਹਸਪਤਾਲ ਦੇ ਮੋਰਚਰੀ ਵਿਖੇ ਰਖਵਾਇਆ ਜਾ ਰਿਹਾ ਹੈ ਅਤੇ ਉਸ ਦੀ ਸ਼ਨਾਖ਼ਤ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ੇ ਕਾਰਨ ਮੌਤ ਦੇ ਬਾਰੇ ਅਜੇ ਕੁਝ ਨਹੀਂ ਕਿਹਾ ਜਾ ਸਕਦਾ। ਜਿਸ ਦੀ ਜਾਣਕਾਰੀ ਪੋਸਟਮਾਰਟਮ ਤੋਂ ਬਾਅਦ ਹੀ ਮਿਲੇਗੀ।

# "ਪ੍ਰਿਯੰਕਾ ਗਾਂਧੀ ਦੀਆਂ ਗੱਲ੍ਹਾਂ ਵਰਗੀਆਂ ਸੜਕਾਂ"

## ਭਾਜਪਾ ਆਗੂ ਰਮੇਸ਼ ਬਿਧੂੜੀ ਦੀ ਪ੍ਰਿਯੰਕਾ ਬਾਰੇ ਟਿੱਪਣੀ ਤੋਂ ਵਿਵਾਦ

ਨਵੀਂ ਦਿੱਲੀ: ਸੀਨੀਅਰ ਭਾਜਪਾ ਆਗੂ ਤੇ ਕਾਲਕਾਜੀ ਵਿਧਾਨ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਰਮੇਸ਼ ਬਿਧੂੜੀ ਵਿਵਾਦਾਂ 'ਚ ਘਿਰ ਗਏ ਹਨ। ਬਿਧੂੜੀ ਨੇ ਅੱਜ ਇਹ ਕਹਿ ਕੇ ਵਿਵਾਦ ਸਹੇੜ ਲਿਆ ਕਿ ਉਹ ਦਿੱਲੀ ਵਿਧਾਨ ਸਭਾ ਚੋਣਾਂ 'ਚ ਜਿੱਤ ਮਗਰੋਂ ਇਲਾਕੇ ਦੀਆਂ ਸੜਕਾਂ ਨੂੰ ਪ੍ਰਿਯੰਕਾ ਗਾਂਧੀ ਦੀਆਂ 'ਗੱਲ੍ਹਾਂ' ਵਰਗੀਆਂ ਬਣਾ ਦੇਣਗੇ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਕਥਿਤ ਵੀਡੀਓ 'ਚ ਬਿਧੂੜੀ ਨੂੰ ਇਹ ਕਹਿੰਦਿਆਂ ਸੁਣਿਆ ਜਾ ਸਕਦਾ ਹੈ, "ਮੈਂ ਤੁਹਾਨੂੰ ਭਰੋਸਾ ਦਿੰਦਾ ਹਾਂ ਕਿ ਜਿਵੇਂ ਅਸੀਂ ਓਖਲਾ ਤੇ ਸੰਗਮ ਵਿਹਾਰ 'ਚ ਸੜਕਾਂ ਬਣਾਈਆਂ ਹਨ, ਉਸੇ ਤਰ੍ਹਾਂ ਅਸੀਂ ਕਾਲਕਾਜੀ ਦੀਆਂ ਸਾਰੀਆਂ ਸੜਕਾਂ ਪ੍ਰਿਯੰਕਾ ਗਾਂਧੀ ਦੀਆਂ 'ਗੱਲ੍ਹਾਂ' ਜਿਹੀਆਂ ਬਣਾ ਦੇਵਾਂਗੇ।" ਕਾਲਕਾਜੀ ਤੋਂ ਕਾਂਗਰਸੀ ਉਮੀਦਵਾਰ ਤੇ ਮਹਿਲਾ ਕਾਂਗਰਸ ਦੀ ਪ੍ਰਧਾਨ ਅਲਕਾ ਲਾਂਬਾ ਨੇ ਬਿਧੂੜੀ ਨੂੰ ਨਿਸ਼ਾਨੇ 'ਤੇ ਲਿਆ ਤੇ ਉਨ੍ਹਾਂ 'ਤੇ ਇੱਕ ਵਾਰ ਫਿਰ ਮਹਿਲਾਵਾਂ ਦਾ ਨਿਰਾਦਰ ਕਰਨ ਦਾ ਦੋਸ਼ ਲਾਇਆ ਹੈ। ਇਸ ਦੌਰਾਨ ਬਿਧੂੜੀ, ਜੋ ਆਪਣੇ ਬਿਆਨਾਂ ਨੂੰ ਲੈ ਕੇ ਪਹਿਲਾਂ ਵੀ ਵਿਵਾਦਾਂ 'ਚ ਰਹੇ ਹਨ, ਨੇ ਸ਼ੁਰੂਆਤ ਵਿਚ ਇਹ ਕਹਿੰਦਿਆਂ ਆਪਣਾ ਬਚਾਅ ਕੀਤਾ ਕਿ ਆਰਜੇਡੀ ਆਗੂ ਲਾਲੂ ਪ੍ਰਸਾਦ ਯਾਦਵ ਨੇ ਵੀ ਅਦਾਕਾਰ ਤੇ ਭਾਜਪਾ ਐੱਮ.ਪੀ. ਹੇਮਾ ਮਾਲਿਨੀ ਬਾਰੇ ਮਿਲਦੀ ਜੁਲਦੀ ਟਿੱਪਣੀ ਕੀਤੀ ਸੀ। ਹਾਲਾਂਕਿ ਬਿਧੂੜੀ ਨੇ ਮਗਰੋਂ ਐਕਸ 'ਤੇ ਇਕ ਪੋਸਟ ਵਿਚ ਕਿਹਾ ਕਿ ਜੇ ਉਨ੍ਹਾਂ ਦੀਆਂ ਟਿੱਪਣੀਆਂ ਨਾਲ ਕਿਸੇ ਨੂੰ ਸੱਟ ਵੱਜੀ ਹੋਵੇ ਤਾਂ ਉਨ੍ਹਾਂ ਨੂੰ ਇਸ ਦਾ ਅਫ਼ਸੋਸ ਹੈ। ਬਿਧੂੜੀ ਨੇ ਕਿਹਾ ਕਿ ਸਿਆਸੀ ਮੁਫ਼ਾਦਾਂ ਲਈ ਉਨ੍ਹਾਂ ਦੀਆਂ ਟਿੱਪਣੀਆਂ ਨੂੰ ਗਲਤ ਰੰਗਤ



ਦਿੱਤੀ ਜਾ ਰਹੀ ਹੈ। ਉਧਰ ਕਾਂਗਰਸ ਨੇ ਟਿੱਪਣੀਆਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਸ ਤੋਂ ਭਾਜਪਾ ਦੀ ਮਹਿਲਾਵਾਂ ਵਿਰੋਧੀ ਮਾਨਸਿਕਤਾ ਝਲਕਦੀ ਹੈ। ਕਾਂਗਰਸ ਦੀ ਤਰਜਮਾਨ ਸੁਪ੍ਰਿਆ ਸ੍ਰੀਨੇਤ ਨੇ ਕਿਹਾ, "ਰਮੇਸ਼ ਬਿਧੂੜੀ ਦੀ ਟਿੱਪਣੀ ਨਾ ਸਿਰਫ਼ ਸ਼ਰਮਨਾਕ ਹੈ, ਪਰ ਇਹ ਮਹਿਲਾਵਾਂ ਵਿਰੋਧੀ ਸੌੜੀ ਮਾਨਸਿਕਤਾ ਨੂੰ ਵੀ ਦਰਸਾਉਂਦੀ ਹੈ। ਪਰ ਅਜਿਹੇ ਵਿਅਕਤੀ ਤੋਂ ਕੀ ਆਸ ਕੀਤੀ ਜਾ ਸਕਦੀ ਹੈ ਜਿਸ ਨੇ ਸਦਨ ਵਿਚ ਆਪਣੀ ਸਾਥੀ ਮਹਿਲਾ ਐੱਮ.ਪੀ. ਖਿਲਾਫ਼ ਮਾੜੀ ਸ਼ਬਦਾਵਲੀ ਵਰਤੀ ਸੀ ਤੇ ਇਸ ਲਈ ਉਸ ਨੂੰ ਕੋਈ ਸਜ਼ਾ ਵੀ ਨਹੀਂ ਮਿਲੀ। ਨਾ ਸਿਰਫ਼ ਬਿਧੂੜੀ ਬਲਕਿ ਭਾਜਪਾ ਦੀ ਸਿਖਰਲੀ ਲੀਡਰਸ਼ਿਪ ਨੂੰ ਦੋਵੇਂ ਹੱਥ ਜੋੜ ਕੇ ਮੁਆਫ਼ੀ ਮੰਗਣੀ ਚਾਹੀਦੀ ਹੈ।" ਸ੍ਰੀਨੇਤ ਨੇ ਕਿਹਾ ਕਿ ਇਹ ਨਾ ਸਿਰਫ਼ ਪ੍ਰਿਯੰਕਾ ਬਲਕਿ ਸਾਰੀਆਂ ਮਹਿਲਾਵਾਂ ਦਾ ਨਿਰਾਦਰ ਹੈ। ਇਸ ਦੌਰਾਨ ਕਾਂਗਰਸ ਦੀਆਂ ਮਹਿਲਾ ਵਰਕਰਾਂ ਨੇ ਅਲਕਾ ਲਾਂਬਾ ਦੀ ਅਗਵਾਈ ਵਿਚ ਬਿਧੂੜੀ ਦਾ ਪੁਤਲਾ ਵੀ ਫੂਕਿਆ।

# ਗੁਆਂਢੀ ਆਪਸ 'ਚ ਭਿੜੇ, 5 ਜ਼ਖ਼ਮੀ, ਲੜਕੀ ਦੀ ਖ਼ੁਦਕੁਸ਼ੀ ਦਾ ਸੀ ਮਾਮਲਾ

ਲੁਧਿਆਣਾ: ਪਿੰਡ ਬੁਲਾਰਾ ਤੋਂ ਇਕ ਵੀਡੀਓ ਸਾਹਮਣੇ ਆਇਆ ਹੈ। ਜਿੱਥੇ ਦੋ ਗੁਆਂਢੀਆਂ ਵਿਚਾਲੇ ਲੜਾਈ ਹੋ ਗਈ। ਇਕ ਗੁਆਂਢੀ ਨੇ ਦੂਜੇ ਘਰ 'ਤੇ ਇੱਟਾਂ-ਪੱਥਰ ਸੁੱਟੇ ਅਤੇ ਤੇਜ਼ਧਾਰ ਹਥਿਆਰਾਂ ਅਤੇ ਡੰਡਿਆਂ ਨਾਲ ਹਮਲਾ ਕੀਤਾ। ਦੂਜੇ ਪੱਖ ਨੇ ਵੀ ਜ਼ੋਰਦਾਰ ਢੰਗ ਨਾਲ ਇੱਟਾਂ-ਪੱਥਰ ਨਾਲ ਹਮਲਾ ਕੀਤਾ। ਇਸ ਲੜਾਈ 'ਚ 5 ਲੋਕ ਜ਼ਖ਼ਮੀ ਦੱਸੇ ਜਾ ਰਹੇ ਹਨ। ਫਿਲਹਾਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਇਸ ਘਟਨਾ ਤੋਂ ਬਾਅਦ ਪਿੰਡ ਵਿਚ ਡਰ ਦਾ ਮਾਹੌਲ ਹੈ। ਜਾਣਕਾਰੀ ਦਿੰਦੇ ਹੋਏ ਪਿੰਡ ਬੁਲਾਰਾ ਦੇ ਰਹਿਣ ਵਾਲੇ ਮਹਿੰਦਰ ਸਿੰਘ ਨੇ ਦਸਿਆ ਕਿ ਉਹ ਕੰਮ 'ਤੇ ਜਾਣ ਲਈ ਘਰੋਂ ਨਿਕਲਿਆ ਸੀ। ਪੁਰਾਣੀ ਰੰਜਿਸ਼ ਕਾਰਨ ਉਸ ਦੀ ਗੁਆਂਢ ਵਿਚ ਖੜ੍ਹੇ ਦੋ ਨੌਜਵਾਨਾਂ ਨਾਲ ਤਕਰਾਰ ਹੋ ਗਈ। ਜਦੋਂ ਗੱਲ ਵਧੀ ਤਾਂ ਉਨ੍ਹਾਂ ਨੇ ਉਸ 'ਤੇ ਹਮਲਾ ਕਰ ਦਿਤਾ। ਇਸ ਤੋਂ ਤੁਰਤ ਬਾਅਦ ਗੁਆਂਢੀ ਨੇ ਵੱਡੀ ਗਿਣਤੀ ਵਿਚ ਗੱਡੀਆਂ ਵਿਚ ਸਵਾਰ ਕੁੱਝ ਨੌਜਵਾਨਾਂ ਨੂੰ ਬੁਲਾਇਆ। ਉਨ੍ਹਾਂ ਨੇ ਤੇਜ਼ਧਾਰ ਹਥਿਆਰਾਂ ਅਤੇ ਡੰਡਿਆਂ ਨਾਲ ਹਮਲਾ ਕੀਤਾ ਤੇ ਘਰ ਦੇ ਬਾਹਰ ਇੱਟਾਂ-ਪੱਥਰ ਵੀ ਸੁੱਟੇ ਗਏ।



ਮਹਿੰਦਰ ਸਿੰਘ ਅਨੁਸਾਰ ਇਹ ਸਾਰੀ ਘਟਨਾ ਉਨ੍ਹਾਂ ਦੇ ਘਰ ਨੇੜੇ ਲੱਗੇ ਸੀ.ਸੀ.ਟੀ.ਵੀ ਕੈਮਰੇ ਵਿਚ ਕੈਦ ਹੋ ਗਈ ਹੈ। ਮਹਿੰਦਰ ਨੇ ਦਸਿਆ ਕਿ ਕੁੱਝ ਸਮਾਂ ਪਹਿਲਾਂ ਪਿੰਡ ਦੀ ਇਕ ਲੜਕੀ ਨੇ ਖ਼ੁਦਕੁਸ਼ੀ ਕਰ ਲਈ ਸੀ। ਪਿੰਡ ਦੇ ਹੀ ਕੁੱਝ ਲੋਕਾਂ ਨੇ ਉਸ ਨੂੰ ਇਸ ਕੇਸ ਵਿਚ ਫਸਾਇਆ ਸੀ। ਇਸੇ ਰੰਜਿਸ਼ ਕਾਰਨ ਉਸ ਦੇ ਗੁਆਂਢੀ ਹਰ ਰੋਜ਼ ਉਸ ਦੀ ਕੁੱਟਮਾਰ ਕਰਦੇ ਸਨ ਪਰ ਅੱਜ ਗੱਲ ਵੱਧ ਗਈ। ਫ਼ਿਲਹਾਲ ਇਸ ਸਬੰਧੀ ਮਿਰਾਡੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਹੈ। ਡਿਊਟੀ ਅਫ਼ਸਰ ਮਾਮਲੇ ਦੀ ਜਾਂਚ ਕਰ ਰਹੇ ਹਨ।

# ਮੋਦੀ ਨੇ ਮੁਰਲੀ ਮਨੋਹਰ ਜੋਸ਼ੀ ਨੂੰ 91ਵੇਂ ਜਨਮਦਿਨ 'ਤੇ ਵਧਾਈ ਦਿੱਤੀ

ਨਵੀਂ ਦਿੱਲੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਜਪਾ ਦੇ ਸਾਬਕਾ ਪ੍ਰਧਾਨ ਮੁਰਲੀ ਮਨੋਹਰ ਜੋਸ਼ੀ ਨੂੰ ਉਨ੍ਹਾਂ ਦੇ 91ਵੇਂ ਜਨਮਦਿਨ 'ਤੇ ਵਧਾਈ ਦਿੱਤੀ। ਮੋਦੀ ਨੇ ਕਿਹਾ ਕਿ ਜੋਸ਼ੀ ਕਰੋੜਾਂ ਲੋਕਾਂ ਲਈ ਪ੍ਰੇਰਣਾ ਦੇ ਸਰੋਤ ਹਨ ਅਤੇ ਉਨ੍ਹਾਂ ਦੀ ਸਿਆਣਪ, ਤਜਰਬਾ ਅਤੇ ਰਾਸ਼ਟਰਵਾਦੀ ਵਿਚਾਰਧਾਰਾ ਦੇਸ਼ ਲਈ ਵਡਮੁੱਲੀ ਹੈ। ਜੋਸ਼ੀ 1998 ਤੋਂ 2004 ਦਰਮਿਆਨ ਵਾਜਪਈ ਸਰਕਾਰ 'ਚ ਮੰਤਰੀ ਰਹੇ।

